ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 9 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੩ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243



**ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੇ ਅੱਜ ਸ਼ਹੀਦੀ ਦਿਨ 'ਤੇ ਵਿਸ਼ੇਸ਼**

ਪੰਨਾ 8 'ਤੇ

## 28 ਅਕਤੂਬਰ ਨੂੰ ਰਾਜੋਆਣਾ ਦੀ ਪਟੀਸ਼ਨ 'ਤੇ ਸੁਣਵਾਈ

# ਮੌਤ ਦੀ ਸਜ਼ਾ ਉਮਰ ਕੈਦ 'ਚ ਬਦਲਣ ਦੀ ਮੰਗ



**ਨਵੀਂ ਦਿੱਲੀ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ 'ਚ ਪਟਿਆਲਾ ਜੇਲ੍ਹ ਵਿੱਚ ਬੰਦ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦੀ ਮੰਗ ਵਾਲੀ ਅਰਜ਼ੀ 'ਤੇ ਸੁਪਰੀਮ ਕੋਰਟ 'ਚ 28 ਅਕਤੂਬਰ ਨੂੰ ਸੁਣਵਾਈ ਹੋਵੇਗੀ। ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਵਿੱਚ ਇਸ ਮੰਗ ਦਾ ਜ਼ੋਰਦਾਰ ਵਿਰੋਧ ਕੀਤਾ ਹੈ। ਕੇਂਦਰ ਸਰਕਾਰ ਨੇ ਅਦਾਲਤ ਵਿੱਚ ਕਿਹਾ ਕਿ ਪੰਜਾਬ 'ਚ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ 'ਚ ਬਦਲਣ ਬਾਰੇ ਫੈਸਲਾ ਲੈਣਾ ਅਨੁਕੂਲ ਨਹੀਂ ਹੋਵੇਗਾ ਕੇਂਦਰ ਦੇ ਇਸ ਰੁੱਖ ਤੋਂ ਬਾਅਦ ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਅਦਾਲਤ ਹੁਣ ਰਾਜੋਆਣਾ ਦੀ ਯਾਚਿਕਾ 'ਤੇ ਗੁਣ-ਦੋਸ਼ ਦੇ ਆਧਾਰ 'ਤੇ 28 ਅਕਤੂਬਰ ਨੂੰ ਸੁਣਵਾਈ ਕਰੇਗੀ।

## ਗੁਰੂ ਘਰ ਦੇ ਲੰਗਰ ਹਾਲ 'ਤੇ ਹਮਲੇ ਦਾ ਮਾਮਲਾ ਬੇਹੱਦ ਗੰਭੀਰ, ਦੋਸ਼ੀਆਂ ਖਿਲਾਫ ਹੋਵੇ ਸਖ਼ਤ ਕਾਰਵਾਈ: ਐਡਵੋਕੇਟ ਧਾਮੀ

**ਅੰਮ੍ਰਿਤਸਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਵਿਖੇ ਲੰਗਰ ਹਾਲ 'ਚ ਵਾਪਰੀ ਘਟਨਾ 'ਤੇ ਚਿੰਤਾ ਪ੍ਰਗਟ ਕਰਦਿਆਂ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀ ਗੁਰੂ ਕੇ ਲੰਗਰ ਦੀ ਸੇਵਾ ਵਾਲੇ ਸਥਾਨ ਨੂੰ ਨਿਸ਼ਾਨਾ ਬਣਾਉਣਾ ਬੇਹੱਦ ਗੰਭੀਰ ਮਾਮਲਾ ਹੈ ਅਤੇ ਅਜਿਹੀ ਘਟਨਾ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਪੁਲਸ ਪ੍ਰਸ਼ਾਸਨ ਇਸ ਹਰਕਤ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰੇ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਸਿੱਖ ਸੰਗਤ ਲਈ ਸਿਰਫ਼ ਧਾਰਮਿਕ ਸਥਾਨ ਹੀ ਨਹੀਂ, ਸਗੋਂ ਸੇਵਾ, ਸਾਂਝ ਅਤੇ ਆਸਥਾ ਦਾ ਕੇਂਦਰ ਹਨ।ਗੁਰੂ ਕੇ ਲੰਗਰ ਦੀ ਪਰੰਪਰਾ ਸਮੁੱਚੀ ਮਨੁੱਖਤਾ ਨੂੰ ਬਿਨਾਂ ਕਿਸੇ ਭੇਦਭਾਵ ਤੋਂ ਸੇਵਾ ਅਤੇ ਬਰਾਬਰੀ ਦਾ ਸੰਦੇਸ਼ ਦਿੰਦੀ ਹੈ। ਇਸ ਲਈ ਲੰਗਰ ਹਾਲ ਜਾਂ ਗੁਰਦੁਆਰਾ ਸਾਹਿਬ ਦੀ ਕਿਸੇ ਵੀ ਇਮਾਰਤ ਨੂੰ ਨੁਕਸਾਨ ਪਹੁੰਚਾਉਣ ਵਾਲੀ ਕਾਰਵਾਈ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਗੰਭੀਰ ਮਾਮਲਾ ਹੈ।



ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਮਰਯਾਦਾ, ਗੁਰੂ ਕੇ ਲੰਗਰ ਦੀ ਸੇਵਾ ਅਤੇ ਸੰਗਤ ਦੀ ਸੁਰੱਖਿਆ ਸਭ ਤੋਂ ਮਹੱਤਵਪੂਰਨ ਹਨ, ਜਿਸ ਦੀ ਤੌਹੀਨ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਨੂੰ ਆਦੇਸ਼ ਕੀਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪ੍ਰਸ਼ਾਸਨ ਨੂੰ ਵੀ ਮਾਮਲੇ ਦੀ ਨਿਰਪੱਖ ਅਤੇ ਗੰਭੀਰਤਾ ਨਾਲ ਜਾਂਚ ਕਰਕੇ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਲਈ ਆਖਿਆ।

## ਬਾਲੀਵੁੱਡ ਦੇ ਦਿੱਗਜ਼ ਅਦਾਕਾਰ ਨਾਨਾ ਪਾਟੇਕਰ ਦਾ ਦਿਹਾਂਤ, 75 ਸਾਲ ਦੀ ਉਮਰ ਲਏ ਆਖਰੀ ਸਾਹ

**ਮੁੰਬਈ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਦੇ ਦਿੱਗਜ਼ ਅਦਾਕਾਰ ਨਾਨਾ ਪਾਟੇਕਰ ਦਾ ਦੇਹਾਂਤ ਹੋ ਗਿਆ ਹੈ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਉਹ ਗੋਆ ਦੇ ਡੋਨਾ ਪੌਲਾ ਸਥਿਤ ਆਪਣੇ ਘਰ ਵਿੱਚ ਬੇਹੋਸ਼ ਪਾਏ ਗਏ ਸਨ ਅਤੇ ਉਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਨਾਨਾ ਪਾਟੇਕਰ 75 ਸਾਲ ਦੇ ਸਨ। ਉਨ੍ਹਾਂ ਦੀ ਮੌਤ ਦੀ ਖ਼ਬਰ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਹੈ। ਕਿਹਾ ਜਾ ਰਿਹਾ ਹੈ ਕਿ ਨਾਨਾ ਪਾਟੇਕਰ ਨੂੰ ਸਵੇਰੇ 5:20 ਵਜੇ ਮ੍ਰਿਤਕ ਐਲਾਨ ਦਿੱਤਾ ਗਿਆ।ਸ਼ੁਰੂਆਤੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਉਨ੍ਹਾਂ ਨੂੰ ਦਿਲ ਦਾ ਦੌਰਾ ਪਿਆ ਸੀ। ਹਸਪਤਾਲ ਲਿਆਉਣ ਤੋਂ ਬਾਅਦ, ਡਾਕਟਰਾਂ ਨੇ ਲਗਭਗ 45 ਮਿੰਟਾਂ ਤੱਕ ਕੋਸ਼ਿਸ਼ ਕੀਤੀ, ਪਰ ਕੋਈ ਜਵਾਬ ਨਹੀਂ ਮਿਲਿਆ ਅਤੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਨਾਨਾ ਪਾਟੇਕਰ ਇੱਕ ਮਸ਼ਹੂਰ ਬਾਲੀਵੁੱਡ ਅਦਾਕਾਰ ਹਨ, ਜਿਨ੍ਹਾਂ ਨੇ 1978 ਵਿੱਚ ਆਈ ਫਿਲਮ 'ਗਮਨ' ਤੋਂ ਆਪਣੀ ਸ਼ੁਰੂਆਤ ਕੀਤੀ ਸੀ। ਉਹ ਹਿੰਦੀ ਅਤੇ ਮਰਾਠੀ ਸਿਨੇਮਾ ਦੇ ਇੱਕ ਮਸ਼ਹੂਰ ਅਦਾਕਾਰ ਹਨ। ਉਨ੍ਹਾਂ ਦੀਆਂ 'ਪਰਿੰਦਾ, ਪ੍ਰਹਾਰ, ਅੰਗਾਰ, ਕ੍ਰਾਂਤੀਵੀਰ, ਤਿਰੰਗਾ, ਖਾਮੋਸ਼ੀ ਅਤੇ ਅਬ ਤੱਕ ਛੱਪਣ' ਵਰਗੀਆਂ ਫਿਲਮਾਂ ਨੇ ਪ੍ਰਸ਼ੰਸਕਾਂ ਦਾ ਦਿਲ ਜਿੱਤ ਲਿਆ ਹੈ। ਹਾਲ ਹੀ ਵਿੱਚ, ਨਾਨਾ ਪਾਟੇਕਰ ਨੇ ਆਪਣੀ ਫਿਟਨੈਸ ਦਿਖਾਈ। ਇੰਸਟਾਗ੍ਰਾਮ 'ਤੇ ਇੱਕ ਵੀਡੀਓ ਸਾਹਮਣੇ ਆਇਆ, ਜਿਸਨੂੰ ਫੋਟੋਗ੍ਰਾਫਰ ਅਤੇ ਨਿਰਮਾਤਾ ਅਤੁਲ ਕਸਬੇਕਰ ਨੇ ਆਪਣੇ ਅਧਿਕਾਰਤ ਇੰਸਟਾਗ੍ਰਾਮ ਹੈਂਡਲ 'ਤੇ ਸਾਂਝਾ ਕੀਤਾ, ਜਿਸ ਵਿੱਚ ਮਰਹੂਮ ਅਦਾਕਾਰ ਨੂੰ ਲਗਾਤਾਰ 15 ਟ੍ਰਾਈਸੈਪਸ ਡਿਪਸ ਕਰਦੇ ਦੇਖਿਆ ਗਿਆ। ਉਹ ਬਿਨਾਂ ਕਿਸੇ ਰੁਕਾਵਟ ਦੇ ਉਨ੍ਹਾਂ ਨੂੰ ਕਰਦੇ ਹੋਏ ਦਿਖਾਈ ਦਿੱਤੇ, ਅੰਤ ਵਿੱਚ ਉਨ੍ਹਾਂ ਦੇ ਚਿਹਰੇ 'ਤੇ ਮੁਸਕਰਾਹਟ ਸੀ। ਨਾਨਾ ਪਾਟੇਕਰ ਦੀਆਂ ਫਿਲਮਾਂ ਦੀ ਗੱਲ ਕਰੀਏ ਤਾਂ ਉਹ ਅਕਸ਼ੈ ਕੁਮਾਰ, ਅਭਿਸ਼ੇਕ ਬੱਚਨ, ਰਿਤੇਸ਼ ਦੇਸ਼ਮੁਖ ਅਤੇ ਹੋਰਾਂ ਦੇ ਨਾਲ "ਹਾਊਸਫੁੱਲ 5" ਦਾ ਹਿੱਸਾ ਸਨ। ਉਹ ਵਿਸ਼ਾਲ ਭਾਰਦਵਾਜ ਦੀ "ਓ'ਰੋਮੀਓ" ਵਿੱਚ ਇੱਕ ਪੁਲਿਸ ਅਧਿਕਾਰੀ ਦੇ ਰੂਪ ਵਿੱਚ ਵੀ ਨਜ਼ਰ ਆਏ ਸਨ, ਜਿਸ ਵਿੱਚ ਸ਼ਾਹਿਦ ਕਪੂਰ ਅਤੇ ਤ੍ਰਿਪਤੀ ਡਿਮਰੀ ਸਨ। ਉਨ੍ਹਾਂ ਨੇ ਅਨਿਲ ਕਪੂਰ ਅਤੇ ਰਾਧਿਕਾ ਮਦਾਨ ਅਭਿਨੀਤ "ਸੂਬੇਦਾਰ" ਵਿੱਚ ਵੀ ਕੈਮਿਓ ਕੀਤਾ ਸੀ।



## ਹਰਸ਼ਬੀਰ ਸਿੰਘ ਸੰਘਾ ਬਣੇ ਕਰਨਾਟਕ ਲਈ ਬਰਤਾਨੀਆ ਦੇ ਨਵੇਂ ਡਿਪਟੀ ਹਾਈ ਕਮਿਸ਼ਨਰ



**ਲੰਡਨ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੈਂਟ ਇਲਾਕੇ ਨਾਲ ਸਬੰਧਤ ਅਤੇ ਬਰਤਾਨਵੀ ਸਿਵਲ ਸੇਵਾ ਵਿੱਚ ਲੰਮਾ ਤਜਰਬਾ ਰੱਖਣ ਵਾਲੇ ਹਰਸ਼ਬੀਰ ਸਿੰਘ ਸੰਘਾ OBE ਨੂੰ ਭਾਰਤ ਦੇ ਕਰਨਾਟਕ ਸੂਬੇ ਲਈ ਬਰਤਾਨੀਆ ਦਾ ਨਵਾਂ ਡਿਪਟੀ ਹਾਈ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ। ਉਹ ਬੈਂਗਲੂਰੂ ਵਿਖੇ ਆਪਣੀਆਂ ਨਵੀਆਂ ਜ਼ਿੰਮੇਵਾਰੀਆਂ ਸੰਭਾਲਣਗੇ। ਹਰਸ਼ਬੀਰ ਸਿੰਘ ਸੰਘਾ ਨੂੰ ਇਸ ਦੇ ਨਾਲ ਦੱਖਣੀ ਏਸ਼ੀਆ ਲਈ ਡਿਪਟੀ ਟਰੇਡ ਕਮਿਸ਼ਨਰ (ਇਨਵੈਸਟਮੈਂਟ) ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। ਇਸ ਅਹਿਮ ਭੂਮਿਕਾ ਤਹਿਤ ਉਹ ਭਾਰਤ ਸਮੇਤ ਦੱਖਣੀ ਏਸ਼ੀਆਈ ਦੇਸ਼ਾਂ ਤੋਂ ਬਰਤਾਨੀਆ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਉਨ੍ਹਾਂ ਨੇ ਇਸ ਅਹੁਦੇ 'ਤੇ ਚੰਦਰੂ ਐਲੀਅਰ ਦੀ ਥਾਂ ਲਈ ਹੈ। ਹਰਸ਼ਬੀਰ ਸਿੰਘ ਸੰਘਾ ਆਕਸਫੋਰਡ ਯੂਨੀਵਰਸਿਟੀ ਤੋਂ ਸਿੱਖਿਆ ਪ੍ਰਾਪਤ ਹਨ ਅਤੇ ਬਰਤਾਨਵੀ ਸਿਵਲ ਸੇਵਾ ਵਿੱਚ ਵੱਖ-ਵੱਖ ਅਹਿਮ ਅਹੁਦਿਆਂ 'ਤੇ ਸੇਵਾਵਾਂ ਨਿਭਾ ਚੁੱਕੇ ਹਨ। ਕਰਨਾਟਕ ਭਾਰਤ ਦਾ ਇੱਕ ਮਹੱਤਵਪੂਰਨ ਤਕਨਾਲੋਜੀ, ਉਦਯੋਗ ਅਤੇ ਨਿਵੇਸ਼ ਕੇਂਦਰ ਹੈ, ਜਦਕਿ ਬੈਂਗਲੁਰੂ ਨੂੰ ਵਿਸ਼ਵ ਪੱਧਰ 'ਤੇ ਤਕਨਾਲੋਜੀ ਅਤੇ ਨਵੀਂ ਉਦਯੋਗਿਕ ਪਹਿਲਕਦਮੀਆਂ ਲਈ ਜਾਣਿਆ ਜਾਂਦਾ ਹੈ।ਅਜਿਹੇ ਵਿੱਚ ਹਰਸ਼ਬੀਰ ਸਿੰਘ ਸੰਘਾ ਦੀ ਨਵੀਂ ਨਿਯੁਕਤੀ ਨੂੰ ਬਰਤਾਨੀਆ ਅਤੇ ਕਰਨਾਟਕ ਦਰਮਿਆਨ ਵਪਾਰਕ, ਨਿਵੇਸ਼ ਅਤੇ ਆਰਥਿਕ ਸਬੰਧਾਂ ਦੇ ਸੰਦਰਭ ਵਿੱਚ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਹਰਸ਼ਬੀਰ ਸਿੰਘ ਸੰਘਾ ਦੀ ਨਿਯੁਕਤੀ ਨਾਲ ਬਰਤਾਨੀਆ-ਭਾਰਤ ਸਬੰਧਾਂ ਵਿੱਚ ਵਪਾਰ ਅਤੇ ਨਿਵੇਸ਼ ਦੇ ਖੇਤਰ ਵਿੱਚ ਸਹਿਯੋਗ ਨੂੰ ਹੋਰ ਅੱਗੇ ਵਧਾਉਣ ਦੀਆਂ ਕੋਸ਼ਿਸ਼ਾਂ ਨੂੰ ਨਵੀਂ ਦਿਸ਼ਾ ਮਿਲਣ ਦੀ ਉਮੀਦ ਹੈ।

## ਭਾਜਪਾ ਦੀ ਪੰਜਾਬ ਦੀਆਂ 45 ਸੀਟਾਂ 'ਤੇ ਅੱਖ

**ਲੁਧਿਆਣਾ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦੇਸ਼ ਵਿਚ ਰਾਜ ਕਰਦੀ ਭਾਰਤੀ ਜਨਤਾ ਪਾਰਟੀ ਨੇ ਪੰਜਾਬ ਦੀਆਂ 117 ਸੀਟਾਂ ਵਿਚੋਂ 45 ਜਾਂ 47 ਸੀਟਾਂ 'ਤੇ ਆਪਣੇ ਸਰਵੇ ਅਤੇ ਜੋੜ-ਤੋੜ ਅਤੇ ਹੇਠਲੀਆਂ ਰਿਪੋਰਟਾਂ ਤੋਂ ਇਲਾਵਾ ਲੋਕ ਸਭਾ ਦੇ ਨਤੀਜੇ ਨੂੰ ਭਾਂਪ ਕੇ ਲਗਭਗ ਪੱਕੀ ਨਿਸ਼ਾਨਦੇਹੀ ਕਰ ਲਈ ਹੈ ਕਿਉਂਕਿ ਇਸ ਤੋਂ ਪਹਿਲਾਂ ਭਾਜਪਾ ਸਿਰਫ 23 ਸੀਟਾਂ 'ਤੇ ਚੋਣਾਂ ਲੜਦੀ ਸੀ। ਇਸ ਵਾਰ ਕਾਂਗਰਸ ਅਤੇ ਅਕਾਲੀ ਦਲ ਵਿਚੋਂ ਵੱਡੇ ਕੱਦ ਦੇ ਸਿੱਖ ਨੇਤਾਵਾਂ ਦੀ ਸ਼ਮੂਲੀਅਤ ਨਾਲ ਹੁਣ ਭਾਜਪਾ ਨੂੰ ਛੋਟਾ ਭਰਾ ਨਹੀਂ ਸਗੋਂ ਬਰਾਬਰ ਦਾ ਭਰਾ ਬਣ ਕੇ ਨਿੱਤਰਣ ਦੇ ਕਾਬਲ ਹੋ ਗਈ ਹੈ। ਜੇਕਰ ਮੋਟੀ ਮੋਟੀ ਨਿਗ੍ਹਾ ਮਾਰੀ ਜਾਵੇ ਤਾਂ ਅਕਾਲੀ ਕਾਗਰਸ 'ਚੋਂ ਆਏ 25 ਦੇ ਕਰੀਬ ਉਹ ਵੱਡੇ ਨੇਤਾ ਹਨ ਜੋ ਆਪੋ ਆਪਣੇ ਹਲਕੇ 'ਚ ਵੱਡਾ ਆਧਾਰ ਰੱਖਦੇ ਹਨ। ਉਨ੍ਹਾਂ ਨੂੰ ਟਿਕਟ ਤੋਂ ਨਜ਼ਰ ਅੰਦਾਜ਼ ਕਰਨਾ ਭਾਜਪਾ ਲਈ ਬੇਵੱਸ ਹੋਵੇਗਾ। ਇਸ ਲਈ ਭਾਜਪਾ ਜਿਹੜੇ 23 ਹਲਕਿਆਂ 'ਚ ਪਹਿਲਾਂ ਚੋਣ ਲੜਦੀ ਆ ਰਹੀ ਹੈ।

## ਬਹਿਰੀਨ ਵਾਲੀ ਬੀਬੀ ਦੇ ਮਾਮਲੇ 'ਚ SIT ਦਾ ਗਠਨ, ਐਸ. ਐਸ. ਪੀ. ਫ਼ਰੀਦਕੋਟ ਦੀ ਅਗਵਾਈ ਹੇਠ ਹੋਵੇਗੀ ਜਾਂਚ

**ਚੰਡੀਗੜ੍ਹ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਅਮਰਜੀਤ ਸਿੰਘ ਚਾਵਲਾ ਦੇ ਖ਼ਿਲਾਫ਼ ਬਹਿਰੀਨ ਤੋਂ ਆਈ ਇਕ ਮਹਿਲਾ ਵੱਲੋਂ ਲਗਾਏ ਗਏ ਕਥਿਤ ਜਬਰ ਜ਼ਿਨਾਹ ਦੇ ਦੋਸ਼ਾਂ ਦੀ ਜਾਂਚ ਲਈ SIT ਦਾ ਗਠਨ ਕਰ ਦਿੱਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਬਣਾਈ ਗਈ ਇਸ 3 ਮੈਂਬਰੀ SIT ਦੀ ਅਗਵਾਈ SSP ਫ਼ਰੀਦਕੋਟ ਗੁਰਬੰਸ ਬੈਂਸ ਕਰਨਗੇ। ਇਸ SIT ਵਿਚ SSP ਵਿਜੀਲੈਂਸ ਸਿਮਰਨਜੀਤ ਲੰਗ ਅਤੇ DSP ਕਰਨ ਸੰਧੂ ਵੀ ਸ਼ਾਮਲ ਹਨ। ਇੱਥੇ ਦੱਸ ਦਈਏ ਕਿ ਬਹਿਰੀਨ ਤੋਂ ਆਈ ਇਕ ਮਹਿਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ ਚਾਵਲਾ 'ਤੇ ਜਬਰ-ਜ਼ਿਨਾਹ ਦੇ ਦੋਸ਼ ਲਗਾਏ ਸਨ। ਮਹਿਲਾ ਦਾ ਦੋਸ਼ ਹੈ ਕਿ ਉਸ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਚ ਇਕ ਸਰਾਂ ਦੇ ਅੰਦਰ ਇਹ ਘਿਨੌਣੀ ਕਰਤੂਤ ਕੀਤੀ ਗਈ। ਇਸ ਮਾਮਲੇ ਦੀ ਜਾਂਚ ਲਈ ਹੁਣ ਪੰਜਾਬ ਸਰਕਾਰ ਵੱਲੋਂ ਇਕ 3 ਮੈਂਬਰੀ SIT ਦਾ ਗਠਨ ਕੀਤਾ ਗਿਆ ਹੈ।

## 329 ਦਾ ਐਕਸ਼ਨ ! ਚੰਡੀਗੜ੍ਹ 'ਚੋਂ ਸਰਕਾਰੀ ਅ.ਫਸਰ ਨੂੰ ਕੀਤਾ ਗ੍ਰਿ.ਫਤਾਰ

**ਚੰਡੀਗੜ੍ਹ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸੀਬੀਆਈ ਨੇ ਚੰਡੀਗੜ੍ਹ ਨਗਰ ਨਿਗਮ ਦੇ ਇਕ ਸੈਨੇਟਰੀ ਇੰਸਪੈਕਟਰ ਨੂੰ ਰਿਸ਼ਵਤਖ਼ੋਰੀ ਦੇ ਮਾਮਲੇ ਵਿਚ ਗ੍ਰਿਫ਼ਤਾਰ ਕੀਤਾ ਹੈ। ਇਹ ਮਾਮਲਾ ਬੁੱਧਵਾਰ, 7 ਅਕਤੂਬਰ ਨੂੰ ਇਕ ਠੇਕੇਦਾਰ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਸੀ, ਜਿਸ ਤੋਂ ਮੁਲਜ਼ਮ ਨੇ ਫਰਮ ਦੇ ਬਕਾਇਆ ਅਤੇ ਭਵਿੱਖ ਦੇ ਬਿੱਲ ਪਾਸ ਕਰਨ ਬਦਲੇ ਕਥਿਤ ਤੌਰ 'ਤੇ 14 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਸੀ.ਬੀ.ਆਈ. ਅਨੁਸਾਰ ਦੋਸ਼ੀ ਨੇ ਰਿਸ਼ਵਤ ਨਾ ਦੇਣ ਦੀ ਸੂਰਤ ਵਿਚ ਫਰਮ ਦੇ ਬਿੱਲ ਰੋਕਣ ਅਤੇ ਟੈਂਡਰ ਰੱਦ ਕਰਨ ਦੀ ਧਮਕੀ ਦਿੱਤੀ ਸੀ। ਏਜੰਸੀ ਨੇ ਸ਼ਿਕਾਇਤ ਦੇ ਆਧਾਰ 'ਤੇ ਜਾਲ ਵਿਛਾ ਕੇ ਸੈਨੇਟਰੀ ਇੰਸਪੈਕਟਰ ਨੂੰ 14 ਲੱਖ ਰੁਪਏ ਦੀ ਕੁੱਲ ਰਿਸ਼ਵਤ ਵਿੱਚੋਂ 5 ਲੱਖ ਰੁਪਏ ਦੀ ਪਹਿਲੀ ਕਿਸ਼ਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਗ੍ਰਿਫ਼ਤਾਰੀ ਤੋਂ ਬਾਅਦ ਸੀ.ਬੀ.ਆਈ. ਨੇ ਦੋਸ਼ੀ ਅਧਿਕਾਰੀ ਦੇ ਰਿਹਾਇਸ਼ੀ ਅਤੇ ਦਫ਼ਤਰੀ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ, ਜਿੱਥੋਂ ਕਈ ਸ਼ੱਕੀ ਦਸਤਾਵੇਜ਼ ਅਤੇ ਅਚੱਲ ਜਾਇਦਾਦ ਨਾਲ ਸਬੰਧਤ ਕਾਗਜ਼ਾਤ ਬਰਾਮਦ ਹੋਏ ਹਨ। ਗ੍ਰਿਫ਼ਤਾਰ ਕੀਤੇ ਗਏ ਅਧਿਕਾਰੀ ਨੂੰ ਚੰਡੀਗੜ੍ਹ ਦੀ ਅਦਾਲਤ ਵਿਚ ਪੇਸ਼ ਕੀਤਾ ਜਾ ਰਿਹਾ ਹੈ ਅਤੇ ਮਾਮਲੇ ਦੀ ਅੱਗੇ ਜਾਂਚ ਜਾਰੀ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਬਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
## ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਪੜ੍ਹੀਐ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ | ਕਿਰਤ ਕਰੋ | ਵੰਡ ਛਕੋ

Naam Japo | Kirat Karo | Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---


ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਆਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


SANDWELL
DHAN DHAN SRI GURU NANAK DEV JI
PARKASH PURAB
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਮਿਚ
ਅਰੰਭਤਾ: ੯:੦੦ ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
੧੧:੦੦ ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:੦੦ ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਡਬਰੀ
੨:੦੦ ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੋਲਜ਼ ਰੋਡ, ਸਮੇਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੇਦਿਕ
੪:੦੦ ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA
AMRIT PARCHAR
DHARMIK DIWAN
OLDBURY
Gurdwara
Guru Maneyo Granth
OLDBURY
The Council of Sikh Gurdwaras in Sandwell

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜੋਤੀ ਜੋਤ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ☛ ਸ਼ਹੀਦੀ ਦਿਹਾੜਾ : ਸਿੱਖ ਕੌਮ ਹੀਰੇ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ☛ ਜਨਮ ਦਿਵਸ : ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ ☛ ਜੋੜ ਮੇਲਾ ਪੁੱਤਰਾਂ ਦਾਨੀ ਬ੍ਰਹਮ ਗਿਆਨੀ ਬੀੜ ਬਾਬਾ ਬੁੱਢਾ ਸਾਹਿਬ ਜੀ ਅੰਮ੍ਰਿਤਸਰ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 10 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

☛ ਸ਼ੁੱਕਰਵਾਰ 10:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਐਤਵਾਰ 10:30 ਭੋਗ ਪੈਣਗੇ।☛ ਹਰ ਐਤਵਾਰ 11 ਅਕਤੂਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਮਿੰਟ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਗਿਆਨੀ ਤਰਸੇਮ ਸਿੰਘ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ "ਉਚੇਰੀ ਸਿੱਖਿਆ ਵਿੱਚ

# ਮਸਨੂਈ ਬੁੱਧੀ ਦਾ ਯੋਗਦਾਨ" ਵਿਸ਼ੇ ਤੇ ਕਰਵਾਏ ਰਿਫ੍ਰੈਸ਼ਰ ਕੋਰਸ ਦਾ ਸ਼ਾਨਦਾਰ ਸਮਾਪਨ






**ਤਲਵੰਡੀ ਸਾਬੋ, 08, ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮਨੁੱਖੀ ਸਰੋਤ ਅਤੇ ਵਿਕਾਸ ਕੇਂਦਰ ਫੈਕਲਟੀ ਆਫ਼ ਸਾਇੰਸਜ਼, ਹਿਊਮੈਨਟੀਜ਼ ਐਂਡ ਲੈਂਗੂਏਜ਼ਸ ਵੱਲੋਂ ਮਾਲਵੀਆ ਮਿਸ਼ਨ ਟੀਚਰ ਟ੍ਰੇਨਿੰਗ ਪ੍ਰੋਗਰਾਮ ਅਤੇ ਦੀ ਮਹਾਰਾਜਾ ਸਯਾਜੀਰਾਓ ਯੂਨੀਵਰਸਿਟੀ ਆਫ਼ ਬੜੌਦਾ, ਵਡੋਦਰਾ, ਗੁਜਰਾਤ ਦੇ ਸਹਿਯੋਗ ਨਾਲ "ਉੱਚ-ਸਿੱਖਿਆ ਵਿੱਚ ਮਸਨੂਈ ਬੁੱਧੀ ਦਾ ਯੋਗਦਾਨ" ਵਿਸ਼ੇ ਤੇ ਕਰਵਾਏ ਗਏ 12 ਰੋਜ਼ਾ ਸੈਮੀਨਾਰ ਦਾ ਸ਼ਾਨਦਾਰ ਸਮਾਪਨ ਹੋਇਆ। ਇਸ ਮੌਕੇ ਡਾ. ਭਾਲਚੰਦਰਾ ਮਹਾਂਦੇਵ, ਵਾਈਸ ਚਾਂਸਲਰ, ਮਹਾਰਾਜਾ ਸਯਾਜੀਰਾਓ ਯੂਨੀਵਰਸਿਟੀ ਬੜੌਦਾ ਨੇ ਬਤੌਰ ਮੁੱਖ ਮਹਿਮਾਨ ਤੇ ਡਾ. ਆਸ਼ੁਤੋਸ਼ ਬਿਸਵਾਲ, ਡਾਇਰੈਕਟਰ ਯੂ.ਜੀ.ਸੀ., ਐੱਮ.ਐੱਮ.ਟੀ.ਟੀ.ਸੀ. ਨੇ ਵਿਸ਼ੇਸ਼ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਦ ਕਿ ਡਾ. ਬਲਰਾਜ ਸਿੰਘ ਵਾਈਸ ਚਾਂਸਲਰ, ਜੀ.ਕੇ.ਯੂ. ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਡਾ. ਜਗਤਾਰ ਸਿੰਘ ਧੀਮਾਨ, ਪਰੋ. ਵਾਈਸ ਚਾਂਸਲਰ, ਡਾ. ਪੀਯੂਸ਼ ਵਰਮਾ, ਡਾ. ਹਰਜਸਪਾਲ ਸਿੰਘ, ਡਾਇਰੈਕਟਰ ਕੈਂਪਸ, ਡਾ. ਜਾਵੇਦ ਅਹਿਮਦ ਖਾਨ, ਡੀਨ, ਅਕਾਦਮਿਕ ਪਤਵੰਤਿਆਂ ਵੱਲੋਂ ਰਿਫ੍ਰੈਸ਼ਰ ਕੋਰਸ ਦਾ ਕਿਤਾਬਚਾ ਰੀਲੀਜ਼ ਕੀਤਾ ਗਿਆ ਅਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਆਯੋਜਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਮਸਨੂਈ ਬੁੱਧੀ ਸਮੇਂ ਦੀ ਲੋੜ ਹੈ। ਉਹਨਾਂ ਸਭਨਾਂ ਨੂੰ ਲੋਕ-ਹਿੱਤ ਵਿੱਚ ਇਸ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਮਹਾਂਦੇਵ ਨੇ ਆਯੋਜਕਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਰਿਫ੍ਰੈਸ਼ਰ ਕੋਰਸ ਨੇ ਫੈਕਲਟੀ ਮੈਂਬਰਾਂ ਨੂੰ ਸਿੱਖਣ, ਖੋਜ, ਮੁਲਾਂਕਣ, ਵਿੱਦਿਅਕ ਸਰੋਤ ਵਿਕਾਸ ਅਤੇ ਸੰਸਥਾਗਤ ਪਰਿਵਰਤਨ ਵਿੱਚ ਮਸਨੂਈ ਬੁੱਧੀ ਦੀ ਉੱਭਰ ਰਹੀ ਭੂਮਿਕਾ ਨੂੰ ਸਮਝਣ ਲਈ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਨੂੰ ਹੁਣ ਏ.ਆਈ. ਟੂਲਸ ਦੀ ਮੁੱਢਲੀ ਜਾਣਕਾਰੀ ਤੋਂ ਪਰ੍ਹੇ ਜਾ ਕੇ ਏ.ਆਈ. ਦੀ ਜ਼ਿੰਮੇਵਾਰ ਅਤੇ ਅਰਥਪੂਰਣ ਵਰਤੋਂ ਵੱਲ ਕੰਮ ਕਰਨ ਦੀ ਲੋੜ ਹੈ। ਉਹਨਾਂ ਇਹ ਵੀ ਕਿਹਾ ਕਿ ਹਰੇਕ ਤਕਨੀਕੀ ਐਪਲੀਕੇਸ਼ਨ ਨੂੰ ਮਨੁੱਖੀ ਨਿਰਣੇ, ਅਕਾਦਮਿਕ-ਇਮਾਨਦਾਰੀ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜ ਕੇ ਕੰਮ ਕਰਨ ਦੀ ਲੋੜ ਹੈ। ਵਾਈਸ ਚਾਂਸਲਰ ਜੀ.ਕੇ.ਯੂ. ਡਾ. ਸਿੰਘ ਨੇ ਸਮਕਾਲੀ ਅਧਿਆਪਕਾਂ ਨੂੰ ਤਕਨੀਕੀ ਤੌਰ ਤੇ ਜਾਗਰੂਕ, ਅਕਾਦਮਿਕ ਤੌਰ ਤੇ ਸੁਚੇਤ, ਨੈਤਿਕ ਤੌਰ ਤੇ ਸੰਵੇਦਨਸ਼ੀਲ ਅਤੇ ਸਿੱਖਿਆ ਦੇ ਸਥਾਈ ਮੁੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਡਿਜ਼ੀਟਲ ਨਵੀਨਤਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਮਸਨੂਈ ਬੁੱਧੀ ਯੋਗ ਅਧਿਆਪਕਾਂ, ਵਿਦਵਾਨਾਂ ਜਾਂ ਸਿੱਖਿਆਰਥੀਆਂ ਦੀ ਸਹਾਈ ਤਾਂ ਹੋ ਸਕਦੀ ਹੈ, ਪਰ ਬਦਲ ਨਹੀਂ। ਕੁਆਰਡੀਨੇਟਰ ਡਾ. ਕਵਿਤਾ ਬੱਤਰਾ ਨੇ ਆਪਣੀ ਰਿਪੋਰਟ ਵਿੱਚ ਦੱਸਿਆ ਕਿ ਰਿਫ੍ਰੈਸ਼ਰ ਕੋਰਸ ਵਿੱਚ ਭਾਰਤ ਦੀਆਂ ਨਾਮਵਰ ਯੂਨੀਵਰਸਿਟੀਆਂ ਅਤੇ ਸਿੱਖਿਆ ਅਦਾਰਿਆਂ ਦੇ 26 ਵਿਦਵਾਨਾਂ ਅਤੇ ਵਿਸ਼ਾ ਮਾਹਿਰਾਂ ਨੇ ਏ.ਆਈ. ਸਾਖਰਤਾ, ਚੈਟ.ਜੀ.ਪੀ.ਟੀ., ਜੈਮਿਨੀ, ਕਲਾਉਡ, ਕੋਪਾਇਲਟ, ਪਰਪਲੈਕਸਿਟੀ ਅਤੇ ਨੋਟ-ਬੁੱਕ ਐੱਲ.ਐੱਮ. ਆਦਿ ਵਰਗੇ ਸਾਧਨਾਂ ਦੀ ਅਕਾਦਮਿਕ ਵਰਤੋਂ ਤੇ ਇਸ ਦੇ ਨਫ਼ੇ-ਨੁਕਸਾਨ ਤੇ ਆਪਣੇ ਵਿਚਾਰ ਰੱਖੇ। 50 ਭਾਗੀਦਾਰਾਂ ਵੱਲੋਂ ਏ.ਆਈ. ਦੀ ਸਹਾਇਤਾ ਨਾਲ ਪਾਠ ਯੋਜਨਾਬੰਦੀ, ਪਾਠਕ੍ਰਮ ਡਿਜ਼ਾਈਨ, ਪ੍ਰੋਜੈਕਟ ਆਧਾਰਿਤ ਸਿਖਲਾਈ, ਗੇਮੀਫਿਕੇਸ਼ਨ, ਇੰਟਰਐਕਟਿਵ ਸਿੱਖਿਆ ਆਦਿ ਵਿਸ਼ਿਆਂ ਦੀ ਪੜਚੋਲ ਕੀਤੀ ਗਈ। ਆਪਣੇ ਧੰਨਵਾਦੀ ਭਾਸ਼ਣ ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ ਨੇ ਯੂ.ਜੀ.ਸੀ. ਮਾਲਵੀਆ ਮਿਸ਼ਨ ਅਧਿਆਪਕ ਸਿਖਲਾਈ ਪ੍ਰੋਗਰਾਮ, ਮਹਾਰਾਜਾ ਸਯਾਜੀਰਾਓ ਯੂਨੀਵਰਸਿਟੀ ਆਫ਼ ਬੜੌਦਾ ਦੇ ਅਕਾਦਮਿਕ ਦ੍ਰਿਸ਼ਟੀਕੋਣ ਅਤੇ ਸਮਰਥਨ ਲਈ ਧੰਨਵਾਦ ਕੀਤਾ। ਉਹਨਾਂ ਆਯੋਜਕਾਂ ਵੱਲੋਂ ਅਕਾਦਮਿਕ ਮਾਹੌਲ ਸਿਰਜਣ, ਸਮੇਂ ਬੱਧ ਅਤੇ ਯੋਜਨਾਬੱਧ ਪ੍ਰੋਗਰਾਮ ਸੰਚਾਲਨ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਕੋਰਸ ਨੇ ਅਕਾਦਮਿਕ ਇਮਾਨਦਾਰੀ, ਕਾਪੀ-ਰਾਈਟ, ਨੈਤਿਕ ਵਰਤੋਂ, ਪਾਰਦਰਸ਼ਤਾ, ਮੌਲਿਕਤਾ ਅਤੇ ਜ਼ਿੰਮੇਵਾਰ ਏ.ਆਈ. ਪ੍ਰਤੀ ਜਾਗਰੂਕਤਾ ਨੂੰ ਹੁਲਾਰਾ ਦਿੱਤਾ ਹੈ। ਕਨਵੀਨਰ ਡਾ. ਅਮਿਤ ਟੁਟੇਜਾ ਨੇ ਕਿਹਾ ਕਿ ਏ.ਆਈ. ਅਧਿਆਪਕਾਂ ਨੂੰ ਕਈ ਅਕਾਦਮਿਕ ਕਾਰਜਾਂ ਵਿੱਚ ਕੁਸ਼ਲਤਾ ਪੂਰਨ ਕਰਨ ਵਿੱਚ ਸਹਾਈ ਹੋ ਸਕਦੀ ਹੈ, ਪਰ ਇਹ ਅਧਿਆਪਕਾਂ ਦੀ ਸਿਆਣਪ, ਨੈਤਿਕ ਸੰਵੇਦਨਸ਼ੀਲਤਾ, ਭਾਵਨਾਤਮਕ ਬੁੱਧੀ, ਅਨੁਸ਼ਾਸ਼ਨੀ ਮੁਹਾਰਤ ਅਤੇ ਸਿੱਖਿਆਰਥੀਆਂ ਪ੍ਰਤੀ ਵਚਨਬੱਧਤਾ ਨੂੰ ਬਦਲ ਨਹੀਂ ਸਕਦੀ।

# ਜਦੋਂ ਦੁਸ਼ਮਣ ਨੇ ਸਿੰਘਾਂ ਦੀ ਬਹਾਦਰੀ ਤੇ ਸਿਦਕ ਦਾ ਲੋਹਾ ਮੰਨਿਆ

## ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੇ ਅੱਜ ਸ਼ਹੀਦੀ ਦਿਨ 'ਤੇ ਵਿਸ਼ੇਸ਼



ਹਜ਼ਾਰਾਂ ਸਾਲਾਂ ਦੇ ਮਨੁੱਖੀ ਇਤਿਹਾਸ ਵਿਚ ਆਪਣੀ 545 ਸਾਲ ਦੀ ਬਾਲੜੀ ਉਮਰ ਵਾਲੀ ਸਿੱਖ ਕੌਮ ਨੂੰ ਇਹ ਮਾਣ ਹਾਸਲ ਹੈ ਕਿ ਉਸ ਦੇ ਗਗਨ 'ਤੇ ਹਜ਼ਾਰਾਂ ਨਹੀਂ, ਲੱਖਾਂ ਖ਼ਾਲਸਾ ਜੀ ਦੇ ਇਹੋ ਜਿਹੇ ਚਮਕਦੇ ਸਿਤਾਰੇ ਹਨ, ਜੋ ਬੇਇਨਸਾਫ਼ੀ ਅਤੇ ਜ਼ੁਲਮ ਦੀ ਕਾਲੀ ਬੋਲੀ ਰਾਤ ਵਿਚ ਹੱਕ-ਸੱਚ-ਇਨਸਾਫ਼ ਦੇ ਹਰ ਪਾਂਧੀ ਨੂੰ ਰੌਸ਼ਨੀ ਭਰਪੂਰ, ਜਾਗਦੀਆਂ ਜ਼ਮੀਰਾਂ ਵਾਲਿਆਂ ਦੀ ਡਗਰ 'ਤੇ ਤੁਰਨ ਵਿਚ ਅਗਵਾਈ ਤੇ ਹੌਸਲਾ ਬਖ਼ਸ਼ਦੇ ਹਨ। ਗੁਰੂ ਕਲਗ਼ੀਧਰ ਦੇ ਵਰੋਸਾਏ ਖ਼ਾਲਸਾ ਪੰਥ ਦੇ ਦੋ ਲਾਡਲੇ ਸਪੁੱਤਰਾਂ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਨੇ ਆਪਣੀ ਅਦੁੱਤੀ ਬਹਾਦਰੀ ਤੇ ਲਾਸਾਨੀ ਸ਼ਹਾਦਤ ਨਾਲ ਖ਼ਾਲਸਾਈ ਗਗਨ ਨੂੰ ਤਾਂ ਲਟ-ਲਟ ਰੌਸ਼ਨ ਕੀਤਾ ਹੀ ਹੈ ਪਰ ਨਾਲ ਹੀ ਉਹ ਅਜੋਕੇ ਖ਼ਾਲਿਸਤਾਨੀ ਸੰਗਰਾਮ ਦੇ ਮੁੱਖ ਕੇਂਦਰ ਬਿੰਦੂ ਵੀ ਹੋ ਨਿੱਬੜੇ ਹਨ।

ਲੱਖਾਂ ਫ਼ੌਜਾਂ ਦੀ ਕਮਾਂਡ ਕਰਨ ਵਾਲਾ ਅਕਾਲ ਤਖ਼ਤ ਸਾਹਿਬ 'ਤੇ ਹਮਲਾਵਰ ਜਨਰਲ ਵੈਦਿਆ ਤਾਂ ਇਤਿਹਾਸ ਦੇ ਘੱਟੇ ਵਿਚ ਗੁਆਚ ਗਿਆ ਹੈ ਪਰ ਭਾਈ ਜਿੰਦਾ ਤੇ ਭਾਈ ਸੁੱਖਾ ਖ਼ਾਲਿਸਤਾਨੀ ਫ਼ੌਜਾਂ ਦੇ ਸਦੀਵੀ ਜਰਨੈਲ ਸਥਾਪਤ ਹੋ ਗਏ ਹਨ, ਜਿਨ੍ਹਾਂ ਦੀ ਬਹਾਦਰੀ ਤੇ ਨਿਰਭੈਤਾ ਦਾ ਲੋਹਾ ਦੁਸ਼ਮਣ ਨੇ ਵੀ ਮੰਨਿਆ ਹੈ।

ਜੰਗ ਦੇ ਮੈਦਾਨ ਵਿਚ ਬੱਬਰ ਸ਼ੇਰ ਦੀ ਗਰਜ ਰੱਖਣ ਵਾਲੇ ਇਨ੍ਹਾਂ ਸੂਰਮਿਆਂ ਨੇ ਫਾਂਸੀ ਦੇ ਰੱਸੇ ਨੂੰ ਗਲ 'ਚ ਪਾਉਣ ਤੱਕ ਦਾ ਸਫ਼ਰ ਸੰਤਤਾਈ ਦੀ ਉੱਚ ਆਤਮਿਕ ਅਵਸਥਾ ਵਿਚ ਵਿਚਰਦਿਆਂ ਤਹਿ ਕੀਤਾ। ਇਹਨਾਂ ਦੋ ਜਾਗਦੀਆਂ ਰੂਹਾਂ ਵਾਲਿਆਂ ਨੂੰ ਮੌਤ ਲਾੜੀ ਵਿਆਹੁਣ ਦੇ ਖ਼ਿਆਲ ਨੇ ਅਨੰਦਮਈ ਅਵਸਥਾ ਵਿਚ ਪਹੁੰਚਾ ਦਿੱਤਾ। ਦਗ ਦਗ ਭਖਦੇ ਚਿਹਰਿਆਂ ਦੇ ਤੇਜੱਸਵੀ ਜਲਾਲ ਸਾਹਮਣੇ ਮੌਤ ਨੂੰ ਵੀ ਦੰਦਲ ਪੈ ਗਈ ਹੋਵੇਗੀ। ਪਰ ਨਿਰਮਾਣਤਾ ਦੇ ਪੁੰਜ ਵੀਰਿਆਂ ਨੇ ਜਲਾਦ ਨੂੰ ਵੀ ਗਲ ਨਾਲ ਲਾ ਕੇ ਵਧਾਈ ਦਿੱਤੀ ਕਿਉਂਕਿ ਮੌਤ ਨਾਲ ਅਨੰਦ ਪੜ੍ਹਾਉਣ ਦੀ ਰਸਮ ਤਾਂ ਉਹ ਹੀ ਅਦਾ ਕਰ ਰਿਹਾ ਸੀ। ਖ਼ਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਗਜਾਉਂਦਿਆਂ ਫਾਂਸੀ ਦੇ ਰੱਸਿਆਂ 'ਤੇ ਝੂਟਾ ਲੈ ਰਹੇ ਭਾਈ ਸੁੱਖਾ-ਜਿੰਦਾ ਨੂੰ ਮਾਨੋ ਦਸਮੇਸ਼ ਪਿਤਾ ਆਪ ਲੋਰੀਆਂ ਦੇ ਰਹੇ ਸਨ।

ਜਦੋਂ ਅਸੀਂ 18ਵੀਂ ਸਦੀ ਦੇ ਸਿੰਘਾਂ ਦੀ ਬਹਾਦਰੀ ਤੇ ਆਚਰਨ ਦਾ ਹਵਾਲਾ ਦਿੰਦੇ ਹਾਂ ਤਾਂ ਅਹਿਮਦ ਸ਼ਾਹ ਅਬਦਾਲੀ ਦੇ ਨਾਲ ਆਏ ਜਰਨੈਲ-ਇਤਿਹਾਸਕਾਰ ਕਾਜ਼ੀ ਨੂਰ ਮੁਹੰਮਦ ਦਾ ਜ਼ਿਕਰ ਕੀਤਾ ਜਾਂਦਾ ਹੈ। ਕਾਜ਼ੀ ਨੂਰ ਮੁਹੰਮਦ ਦਾ ਕਹਿਣਾ ਹੈ - 'ਇਨ੍ਹਾਂ ਸਿੱਖਾਂ ਨੂੰ ਕੁੱਤੇ ਨਾ ਆਖੋ (ਕਿਉਂਕਿ ਉਹ ਪਹਿਲਾਂ ਆਪ ਹੀ ਸਿੱਖਾਂ ਲਈ ਕੁੱਤਾ, ਫ਼ਾਰਸੀ ਵਿਚ ਸੱਗ ਸ਼ਬਦ ਵਰਤ ਚੁੱਕਾ ਸੀ) ਇਹ ਤਾਂ ਅਸਲੀ ਸ਼ੇਰ ਹਨ। ਜਿਹੜਾ ਜੰਗ ਦੇ ਮੈਦਾਨ ਵਿਚ ਸ਼ੇਰ ਦੀ ਭਬਕਾਰ ਨਾਲ ਜੂਝਦਾ ਹੈ, ਉਹ ਨੂੰ ਕੁੱਤਾ ਕਿਵੇਂ ਆਖਿਆ ਜਾ ਸਕਦਾ ਹੈ? ਉਹ ਤਲਵਾਰ ਦੇ ਯੋਧਿਓ, ਜੇ ਤੁਸੀਂ ਜੰਗ ਦੇ ਦਾਓ ਪੇਚ ਸਿੱਖਣੇ ਹਨ, ਤਲਵਾਰ ਵਾਹੁਣੀ ਸਿੱਖਣੀ ਹੈ ਤਾਂ ਇਨ੍ਹਾਂ ਤੋਂ ਸਿੱਖੋ। ਇਹ ਨਾਇਕਾਂ ਵਾਂਗ ਦੁਸ਼ਮਣ ਦਾ ਟਾਕਰਾ ਕਰਦੇ ਹਨ ਅਤੇ ਫੇਰ ਬੜੀ ਸਫ਼ਾਈ ਨਾਲ ਸੁਰੱਖਿਅਤ ਨਿਕਲ ਵੀ ਜਾਂਦੇ ਹਨ।" ਦੁਸ਼ਮਣ ਵੱਲੋਂ ਕੀਤੀ ਗਈ ਸਿਫ਼ਤ ਹੀ ਅਸਲ ਆਚਰਨ ਦੀ, ਭਰੋਸੇਯੋਗ ਜ਼ਾਮਨੀ ਹੁੰਦੀ ਹੈ।

20ਵੀਂ ਸਦੀ ਦੇ ਅੰਤ ਵਿਚ ਖ਼ਾਲਸਤਾਨੀ ਸੰਘਰਸ਼ ਲਈ ਸ਼ਹੀਦ ਡੇਢ ਲੱਖ ਤੋਂ ਜ਼ਿਆਦਾ ਸਿੰਘਾਂ-ਸਿੰਘਣੀਆਂ ਦੀ ਸੂਰਬੀਰਤਾ, ਸਿਦਕ ਅਤੇ ਮੌਤ ਦੇ ਬੇਖ਼ੌਫ ਹੋਣ ਦੇ ਕਰੈਕਟਰ ਦਾ ਰੋਲ-ਮਾਡਲ ਭਾਈ ਜਿੰਦਾ ਤੇ ਭਾਈ ਸੁੱਖਾ ਕਹੇ ਜਾ ਸਕਦੇ ਹਨ।

ਵੇਦ ਮਰਵਾਹਾ, ਦਿੱਲੀ ਪੁਲੀਸ ਦਾ ਮੁਖੀ (ਕਮਿਸ਼ਨਰ) ਹੁਣ ਨੌਕਰੀ ਤੋਂ ਰਿਟਾਇਰ ਹੋ ਚੁੱਕਾ ਹੈ। ਇਸ ਦੀ ਕਮਾਂਡ ਥੱਲੇ, ਦਿੱਲੀ ਪੁਲੀਸ ਨੇ ਦੋ ਵਾਰ ਭਾਈ ਹਰਜਿੰਦਰ ਸਿੰਘ ਜਿੰਦਾ ਨੂੰ ਗ੍ਰਿਫ਼ਤਾਰ ਕੀਤਾ ਸੀ (1985 ਤੇ ਫਿਰ 1987 ਵਿਚ) ਵੇਦ ਮਰਵਾਹੇ ਨੇ, ਰਿਟਾਇਰਮੈਂਟ ਤੋਂ ਬਾਅਦ ਇੱਕ ਕਿਤਾਬ' ਲਿਖੀ ਜਿਸ ਦਾ ਸਿਰਲੇਖ ਹੈ - 'ਅਨਸਿਵਲ ਵਾਰਜ਼ - ਪਥੋਲੌਜੀ ਆਫ਼ ਟੈਰਰਿਜ਼ਮ ਇਨ ਇੰਡੀਆ'। ਇਸ ਕਿਤਾਬ ਦੇ ਸਫ਼ਾ 16 'ਤੇ ਉਸ ਨੇ ਇੱਕ ਸਿਰਲੇਖ ਦਿੱਤਾ ਹੈ- 'ਜਿੰਦਾ ਕੋਈ ਸਧਾਰਣ ਮਨੁੱਖ ਨਹੀਂ ਸੀ'। ਇਸ ਦੀ ਲਿਖਤ ਵਿਚਲਾ ਵੇਰਵਾ, ਕਾਜ਼ੀ ਨੂਰ ਮੁਹੰਮਦ ਦੀ 18ਵੀਂ ਸਦੀ ਦੇ ਸਿੰਘਾਂ ਬਾਰੇ 'ਗਵਾਹੀ' ਵਾਂਗ ਹੀ ਹੈ। ਭਾਰਤੀ ਰਾਸ਼ਟਰ ਭਗਤੀ ਤੇ ਫ਼ਿਰਕੂਪੁਣੇ ਨਾਲ ਭਰਿਆ, ਪੰਜਾਬੀ ਹਿੰਦੂ ਮੂਲ ਦਾ ਮਰਵਾਹਾ ਲਿਖਦਾ ਹੈ - "ਹਰਜਿੰਦਰ ਸਿੰਘ ਜਿੰਦਾ, ਜਿਸ ਨੂੰ ਜਨਰਲ ਵੈਦਿਆ ਦੇ ਕਤਲ ਕੇਸ ਵਿਚ ਸਜ਼ਾ ਹੋਈ ਅਤੇ ਬਾਅਦ ਵਿਚ ਫਾਂਸੀ 'ਤੇ ਲਟਕਾਇਆ ਗਿਆ ਕੋਈ ਸਧਾਰਨ ਮਨੁੱਖ ਨਹੀਂ ਸੀ। ਇਹ ਸਿਰਫ਼ ਇੱਕ ਬੇਤਰਸ ਹਤਿਆਰਾ ਨਹੀਂ ਸੀ। ਉਸ ਦੀ ਸ਼ਖ਼ਸੀਅਤ ਦਾ ਇੱਕ ਬੜਾ ਅਨੋਖਾ ਪੱਖ ਵੀ ਸੀ। ਉਹ ਜਦੋਂ ਸਖ਼ਤ ਜ਼ਖਮੀ ਸੀ ਅਤੇ ਜੀਵਨ-ਮੌਤ ਦੀ ਲੜਾਈ ਲੜ ਰਿਹਾ ਸੀ, ਉਦੋਂ ਵੀ ਉਹ ਬੜਾ ਮਖੌਲੀਆ ਅਤੇ ਦਿਲ ਨੂੰ ਲੁਭਾਉਣ ਵਾਲਾ ਅੰਦਾਜ਼ ਰੱਖਦਾ ਸੀ। ਜਦੋਂ ਮੈਂ ਉਸ ਦੀ ਗ੍ਰਿਫ਼ਤਾਰੀ ਤੋਂ ਬਾਅਦ ਉਸ ਨੂੰ ਪਹਿਲੀ ਵਾਰ ਮਿਲਿਆ ਤਾਂ ਮੈਂ ਮਹਿਸੂਸ ਕੀਤਾ ਕਿ ਉਹ ਕੋਈ ਮਨੋਰੋਗੀ ਨਹੀਂ ਸੀ ਬਲਕਿ ਉਸ ਦੀ ਮਾਨਸਿਕਤਾ ਵਿਚ ਐਸੇ ਅਸਾਧਾਰਣ ਤੱਤ ਸਨ, ਜਿਹੜੇ ਉਸ ਨੂੰ ਇੱਕ ਵੱਖਰੀ ਦਿੱਖ ਵਾਲਾ ਇਨਸਾਨ ਸਥਾਪਤ ਕਰਦੇ ਸਨ।"

ਵੇਦ ਮਰਵਾਹਾ ਅੱਗੋਂ ਛੋਟਾ ਸਿਰਲੇਖ ਦਿੰਦੇ ਹਨ - 'ਪਹਿਲੀ ਗ੍ਰਿਫ਼ਤਾਰੀ' ਲਿਖਤ ਅਨੁਸਾਰ - "ਜਿੰਦਾ ਪਹਿਲੀ ਵਾਰ ਅਚਾਨਕ ਹੀ 1985 ਵਿਚ ਪੁਲੀਸ ਦੇ ਹੱਥ ਲੱਗ ਗਿਆ। ਉਦੋਂ ਦਿੱਲੀ ਵਿਚ ਲਗਾਤਾਰ ਬੈਂਕ ਲੁੱਟੇ ਜਾ ਰਹੇ ਸਨ ਪਰ ਪੁਲੀਸ ਨੂੰ ਕੋਈ ਸੂਹ ਨਹੀਂ ਸੀ ਮਿਲ ਰਹੀ। ਮੈਨੂੰ ਰੋਜ਼ਾਨਾ ਭਾਰਤ ਦੇ ਗ੍ਰਹਿ ਮੰਤਰੀ ਤੋਂ ਝਾੜਾਂ ਪੈ ਰਹੀਆਂ ਸਨ ਅਤੇ ਮੀਡੀਏ ਵਿਚ ਵੀ ਦਿੱਲੀ ਪੁਲੀਸ ਦੀ ਦੁਰਗਤ ਬਣ ਰਹੀ ਸੀ। ਉਦੋਂ ਤੱਕ ਸਾਨੂੰ ਚਿੱਤ ਚੇਤੇ ਵੀ ਨਹੀਂ ਸੀ ਕਿ ਇਨ੍ਹਾਂ ਬੈਂਕ ਡਕੈਤੀਆਂ ਨਾਲ ਪੰਜਾਬ ਦੇ ਦਹਿਸ਼ਤਗਰਦਾਂ ਦਾ ਵੀ ਕੋਈ ਸਬੰਧ ਹੋ ਸਕਦਾ ਹੈ। ਜਿੰਦੇ ਦੀ ਗ੍ਰਿਫ਼ਤਾਰੀ, ਇੱਕ ਛੋਟੇ ਦਰਜੇ ਦੀ ਜਾਣਕਾਰੀ ਦੇ ਆਧਾਰ 'ਤੇ ਹੋਈ, ਜਿਸ ਦਾ ਸਬੰਧ ਕਿਸੇ ਕਾਰ ਦੀ ਚੋਰੀ ਨਾਲ ਸੀ। ਕ੍ਰਾਈਮ ਬਰਾਂਚ ਦੇ ਐਡੀਸ਼ਨਲ ਕਮਿਸ਼ਨਰ ਆਰ. ਕੇ. ਸ਼ਰਮਾ ਨੇ ਮੈਨੂੰ ਇੱਕ ਐਤਵਾਰ ਦੀ ਸਵੇਰ, ਫ਼ੋਨ ਕਰ ਕੇ ਜਿੰਦੇ ਦੀ ਗ੍ਰਿਫ਼ਤਾਰੀ ਦੀ 'ਵੱਡੀ ਪ੍ਰਾਪਤੀ' ਸਬੰਧੀ ਦੱਸਿਆ। ਉਦੋਂ ਪਹਿਲੀ ਵਾਰ ਦਿੱਲੀ ਪੁਲੀਸ ਨੂੰ ਪਤਾ ਲੱਗਾ ਕਿ ਉਨ੍ਹਾਂ ਨੇ ਇੱਕ ਅਚਾਨਕ ਇੱਕ ਮਾਰਕਾਖੇਜ਼ ਕੰਮ ਕੀਤਾ ਹੈ।"

ਮਰਵਾਹੇ ਦੀ ਲਿਖਤ ਦਾ ਅਗਲਾ ਸਿਰਲੇਖ ਹੈ -'ਪੁੱਛ ਗਿੱਛ (ਇੰਟੈਰੋਗੇਸ਼ਨ)' ਮਰਵਾਹੇ ਅਨੁਸਾਰ -"ਮੈਂ ਆਪਣੇ ਘਰੋਂ ਫ਼ੌਰਨ ਕ੍ਰਾਈਮ ਬਰਾਂਚ ਇੰਟੈਰੋਗੇਸ਼ਨ ਸੈਂਟਰ ਪਹੁੰਚਿਆ ਅਤੇ ਇਸ ਸਧਾਰਨ ਜਿਹੀ ਦਿੱਖ ਵਾਲੇ ਵਿਅਕਤੀ ਦੀ ਇੱਕ ਘੰਟੇ ਤੋਂ ਜ਼ਿਆਦਾ ਸਮਾਂ ਪੁੱਛਗਿੱਛ (ਇਸ ਨੂੰ ਤਸ਼ੱਦਦ ਪੜ੍ਹਿਆ ਜਾਵੇ) ਕੀਤੀ। ਮੈਂ ਉਸ ਵੱਲੋਂ ਕਹਾਣੀ ਬਿਆਨ ਕਰਨ ਦੇ ਢੰਗ ਤੋਂ ਬੜਾ ਅਚੰਭਿਤ ਹੋਇਆ ਅਤੇ ਉਸ ਵੱਲੋਂ ਦੱਸੀਆਂ ਗਈਆਂ ਗੱਲਾਂ ਤੋਂ ਵੀ। ਉਸ ਦੀ ਖੱਲੜੀ ਵਿਚ ਡਰ ਨਾਂ ਦੀ ਕੋਈ ਚੀਜ਼ ਨਹੀਂ ਸੀ ਅਤੇ ਨਾ ਹੀ ਉਸ ਨੂੰ ਆਪਣੇ ਕੀਤੇ ਤੋਂ ਪਛਤਾਵਾ ਸੀ। ਉਹ ਤਾਂ ਬਾਲੀਵੁੱਡ ਦੀਆਂ ਫ਼ਿਲਮਾਂ ਦੇ ਅੰਦਾਜ਼ ਵਿਚ ਪੁਲੀਸ ਨੂੰ ਥਾਂ-ਥਾਂ ਝਕਾਨੀ ਦੇ ਕੇ ਨਿਕਲਣ ਦੇ ਕਾਰਨਾਮਿਆਂ ਨੂੰ ਬੜੇ ਚਸਕੇ ਲੈ ਕੇ ਸੁਣਾ ਰਿਹਾ ਸੀ। ਮੇਰੇ ਸਾਹਮਣੇ ਅੰਮ੍ਰਿਤਸਰ ਸ਼ਹਿਰ ਦਾ ਇੱਕ ਨੌਜਵਾਨ ਸਿੱਖ ਖੜ੍ਹਾ ਸੀ ਜਿਸ ਨੇ ਸਮੁੱਚੀ ਦਿੱਲੀ ਪੁਲੀਸ ਨੂੰ ਵਖਤ ਪਾਇਆ ਹੋਇਆ ਸੀ, ਇਸ ਤੱਥ ਦੀ ਵੀ ਉਹ ਨੂੰ ਬੜੀ ਖ਼ੁਸ਼ੀ ਸੀ। ਉਸ ਨੇ ਆਪਣੇ ਖ਼ਾਲਸਤਾਨੀ ਸੰਘਰਸ਼ ਵਿਚਲੇ ਰੋਲ ਨੂੰ ਘਟਾ ਕੇ ਦੱਸਿਆ ਪਰ ਦਿੱਲੀ (ਜਿਸ ਨੂੰ ਉਹ ਰਾਜਧਾਨੀ ਕਹਿਣ ਦੀ ਜ਼ਿਦ ਕਰਦਾ ਸੀ) ਵਿਚਲੀ ਬੈਂਕ ਡਕੈਤੀਆਂ ਸਬੰਧੀ ਉਸ ਨੇ ਬੜੇ ਮਾਣ ਨਾਲ ਖੁੱਲ੍ਹ ਕੇ ਦੱਸਿਆ। ਉਸ ਦਾ ਦਿੱਲੀ ਨੂੰ ਵਾਰ ਵਾਰ 'ਰਾਜਧਾਨੀ' ਕਹਿਣ ਤੋਂ ਵੀ ਇਹ ਹੀ ਭਾਵ ਸੀ, ਉਹ ਦਿੱਲੀ ਪੁਲੀਸ ਦਾ ਪੂਰਾ ਮਜ਼ਾਕ ਉਡਾ ਰਿਹਾ ਸੀ। ਉਦੋਂ ਭਾਵੇਂ ਸਾਨੂੰ ਉਸ ਦੀਆਂ ਗਤੀਵਿਧੀਆਂ ਬਾਰੇ ਪੂਰੀ ਜਾਣਕਾਰੀ ਨਹੀਂ ਸੀ ਪਰ ਉਹ ਗੱਲ ਕਰਨ ਲੱਗਿਆ 'ਉਹ' (ਭਾਰਤ ਸਰਕਾਰ) ਤੇ ਅਸੀਂ (ਖ਼ਾਲਸਤਾਨੀ) ਸ਼ਬਦਾਵਲੀ ਦੀ ਵਰਤੋਂ ਕਰ ਰਿਹਾ ਸੀ। ਮੈਨੂੰ ਉਦੋਂ ਮਹਿਸੂਸ ਹੋਇਆ ਕਿ ਉਹ ਮੇਰੇ ਨਾਲ, ਇੱਕ 'ਪੁਲੀਸ ਮੁਖੀ' ਦੇ ਤੌਰ 'ਤੇ ਬਰਾਬਰ ਦੀ ਧਿਰ ਬਣ ਕੇ ਗੱਲ ਕਰ ਰਿਹਾ ਸੀ ( ਨਾ ਕਿ ਮੁਜਰਮ ਦੇ ਤੌਰ 'ਤੇ) . ਉਸ ਨੂੰ ਫੇਰ ਅਸੀਂ ਗੁਜਰਾਤ ਪੁਲੀਸ ਦੇ ਹਵਾਲੇ ਕਰ ਦਿੱਤਾ, ਜਿੱਥੋਂ ਕਿ ਉਹ ਅਦਾਲਤ ਵਿਚ ਪੇਸ਼ੀ ਲਈ ਲਿਜਾਂਦੇ ਸਮੇਂ, ਪੁਲੀਸ ਹਿਰਾਸਤ ਵਿਚੋਂ ਫ਼ਰਾਰ ਹੋ ਗਿਆ। ਉਸ ਤੋਂ ਬਾਅਦ ਉਸ ਨੇ ਬੜੇ ਦਲੇਰਾਨਾ ਕੰਮ ਕੀਤੇ, ਜਿਨ੍ਹਾਂ ਵਿਚ ਲਲਿਤ ਮਾਕਨ ਐਮ. ਪੀ. ਤੇ ਅਰਜਨ ਦਾਸ ਆਦਿ ਸੰਜੇ ਗਾਂਧੀ ਦੇ ਨੇੜਲੇ ਸਾਥੀਆਂ ਦਾ ਮਾਰੇ ਜਾਣਾ ਵੀ ਸ਼ਾਮਲ ਸੀ। ਦਿੱਲੀ ਤੇ ਪੰਜਾਬ ਵਿਚ ਜਿੰਦੇ ਦੇ ਨਾਂ ਦੀ ਬੜੀ ਦਹਿਸ਼ਤ ਫੈਲ ਗਈ।"

ਵੇਦ ਮਰਵਾਹਾ ਫੇਰ, ਇੱਕ ਸਬ-ਹੈਡਿੰਗ 'ਦੂਸਰੀ ਮੁਲਾਕਾਤ' ਦਾ ਦਿੰਦਾ ਹੈ। ਉਸ ਅਨੁਸਾਰ - 'ਅਗਸਤ, 1987 ਵਿਚ ਸਿਵਲ ਲਾਈਨਜ਼ ਏਰੀਏ ਵਿਚ ਹੋਏ, ਇੱਕ ਪੁਲੀਸ ਮੁਕਾਬਲੇ ਵਿਚ ਜਿੰਦਾ ਸਖ਼ਤ ਜ਼ਖਮੀ ਹਾਲਤ ਵਿਚ, ਦਿੱਲੀ ਪੁਲੀਸ ਨੇ ਦਬੋਚ ਲਿਆ। .. ਮੈਂ ਆਪਣੇ ਵਾਇਰਲੈੱਸ ਸੈੱਟ 'ਤੇ ਜਿੰਦੇ ਦੀ ਗ੍ਰਿਫ਼ਤਾਰੀ ਬਾਰੇ ਸੁਣਿਆ ਅਤੇ ਕੁੱਝ ਮਿੰਟਾਂ ਵਿਚ ਹੀ ਪੁਲੀਸ ਸਟੇਸ਼ਨ ਪਹੁੰਚ ਗਿਆ। ਜਿੰਦੇ ਨੂੰ ਇੱਕ ਸਟਰੈਚਰ 'ਤੇ ਪਾ ਕੇ ਐਂਬੂਲੈਂਸ ਵੱਲ ਲਿਜਾਇਆ ਜਾ ਰਿਹਾ ਸੀ, ਜਦੋਂਕਿ ਉਸ ਨੇ ਮੈਨੂੰ ਵੇਖ ਲਿਆ। ਉਸ ਨੇ ਮੁਸਕਰਾ ਕੇ ਮੇਰਾ ਸਵਾਗਤ ਕੀਤਾ। ਉਹ ਬੜੀ ਗੰਭੀਰ ਜ਼ਖਮੀ ਹਾਲਤ ਵਿਚ ਸੀ ਪਰ ਫਿਰ ਵੀ ਉਸ ਨੇ ਮੈਨੂੰ ਮਜ਼ਾਕੀਆ ਲਹਿਜ਼ੇ ਵਿਚ ਕਿਹਾ -'ਮੁਬਾਰਕ ਹੋ, ਅਬ ਆਪ ਕੋ ਬਹੁਤ ਬੜੀ ਤਰੱਕੀ ਮਿਲੇਗੀ, ਦਿੱਲੀ ਪੁਲੀਸ ਨੇ ਮੁਝੇ ਪਕੜ ਲੀਆ ਹੈ।' ਮੇਰੇ ਸਾਹਮਣੇ ਉਹ ਬੰਦਾ ਸੀ, ਜਿਹੜਾ ਮੌਤ ਦੇ ਮੂੰਹ ਵਿਚ ਜਾ ਰਿਹਾ ਸੀ ਪਰ ਉਹ ਇਨ੍ਹਾਂ ਪਲਾਂ ਵਿਚ ਵੀ ਬੇਪ੍ਰਵਾਹ ਹੋ ਕੇ ਮਜ਼ਾਕ ਕਰ ਰਿਹਾ ਸੀ। ਮੈਂ ਦੇਖ ਰਿਹਾ ਸੀ ਕਿ ਉਸ ਨੂੰ ਆਪਣੇ ਕਾਜ ਲਈ ਮਹਾਨ ਕੁਰਬਾਨੀ ਕਰਨ ਦੀ ਤਸੱਲੀ ਵੀ ਸੀ ਤੇ ਪੁਲੀਸ ਨੂੰ ਨੀਵਾਂ ਦਿਖਾਉਣ ਦਾ ਚਾਅ ਵੀ ਉਸ ਦਾ ਫ਼ੌਜੀ ਹਸਪਤਾਲ ਵਿਚ ਇਲਾਜ ਚੱਲਿਆ ਤੇ ਉਹ ਇੱਕ ਅਪਰੇਸ਼ਨ ਤੋਂ ਬਾਅਦ, ਕਰਾਮਾਤੀ ਤੌਰ 'ਤੇ ਠੀਕ ਹੋ ਗਿਆ। ਮੈਂ ਉਸ ਨੂੰ ਡੀ. ਜੀ. ਪੀ. ਕ੍ਰਾਈਮ ਦੇ ਨਾਲ ਹਸਪਤਾਲ ਵਿਚ ਦੇਖਣ ਗਿਆ। ਪਰ ਇਸ ਵਾਰ ਮੈਂ ਪੁੱਛਗਿੱਛ ਲਈ ਨਹੀਂ ਗਿਆ ਪਰ ਉਸ ਇਨਸਾਨ ਨੂੰ ਮਿਲਣ ਗਿਆ, ਜਿਸ ਨੇ ਮੇਰੇ ਮਨ 'ਚ ਵੀ ਸਤਿਕਾਰ ਦੀ ਥਾਂ ਬਣਾ ਲਈ ਸੀ। ਮੈਂ ਇਹ ਇਕਬਾਲ ਕਰਨਾ ਚਾਹੁੰਦਾ ਹਾਂ ਕਿ ਉਦੋਂ ਮੇਰੀਆਂ ਜਿੰਦੇ ਪ੍ਰਤੀ ਭਾਵਨਾਵਾਂ ਇੱਕ ਪ੍ਰੋਫੈਸ਼ਨਲ ਪੁਲੀਸ ਅਫ਼ਸਰ ਵਾਲੀਆਂ ਨਹੀਂ ਸਨ ਬਲਕਿ ਪ੍ਰਸ਼ੰਸਾ ਤੇ ਨਿੱਘ ਵਾਲੀਆਂ ਸਨ..'

ਖ਼ਾਲਸਤਾਨੀ ਸੰਘਰਸ਼ ਦੇ ਇਸ ਸਿਪਾਹ ਸਿਲਾਰ ਨੂੰ, 'ਦੁਸ਼ਮਣ' ਵੱਲੋਂ ਦਿੱਤੀ ਗਈ, ਇਸ ਸ਼ਰਧਾਂਜਲੀ 'ਚੋਂ ਭਵਿੱਖ ਦੀਆਂ ਪੀੜ੍ਹੀਆਂ ਨੂੰ ਖ਼ਾਲਸਤਾਨੀ ਸੰਘਰਸ਼ ਦੇ ਯੋਧਿਆਂ ਦੀ ਅਸਲੀ ਤਸਵੀਰ ਨਜ਼ਰ ਆਵੇਗੀ।

9 ਅਕਤੂਬਰ ਦਾ ਦਿਨ, ਕੇਸਰੀ ਕਾਫ਼ਲੇ ਦੇ ਸਿਪਾਹ-ਸਿਲਾਰਾਂ ਲਈ ਪ੍ਰਣ ਦਿਵਸ ਹੈ। 30 ਮਿਲੀਅਨ ਸਿੱਖ ਕੌਮ ਵੱਲੋਂ ਉਤਸ਼ਾਹ ਤੇ ਸਰੂਰ ਵਿਚ ਸੰਘਰਸ਼ ਵਿਚ ਸ਼ਾਮਲ ਹੋਣ ਦੀ ਲੋੜ ਹੈ ਤਾਂ ਕਿ ਸ਼ਹੀਦਾਂ ਦੇ ਅਧੂਰੇ ਸੰਕਲਪ ਨੂੰ ਪੂਰਿਆਂ ਕੀਤਾ ਜਾ ਸਕੇ। ਭਾਈ ਜਿੰਦਾ-ਸੁੱਖਾ ਨੇ ਰਾਸ਼ਟਰਪਤੀ ਨੂੰ ਲਿਖੇ ਆਪਣੇ ਪੱਤਰ ਵਿਚ ਖ਼ਾਲਸਤਾਨੀ ਸੰਘਰਸ਼ ਦੀ ਠੀਕ ਤਰਜਮਾਨੀ ਕਰਦਿਆਂ ਬੜੇ ਫ਼ਖਰ ਨਾਲ ਲਿਖਿਆ ਸੀ 'ਜਦੋਂ ਕੌਮਾਂ ਜਾਗਦੀਆਂ ਹਨ ਤਾਂ ਇਤਿਹਾਸ ਨੂੰ ਕੰਬਣੀ ਛਿੜ ਜਾਂਦੀ ਹੈ' (When the Nations awake, History Shivers.) ਉਨ੍ਹਾਂ ਕਿਹਾ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲੇ ਨੇ ਸਮੁੱਚੀ ਕੌਮ ਨੂੰ ਉਸ ਦੇ ਫ਼ਰਜ਼ ਦੀ ਯਾਦ ਕਰਵਾਈ ਹੈ ਤੇ ਹੁਣ ਕੌਮ ਨੇ ਤੁਹਾਡੀ ਗ਼ੁਲਾਮੀ ਦਾ ਜੂਲ਼ਾ ਪਰ੍ਹਾਂ ਵਗਾਹ ਕੇ ਖ਼ਾਲਿਸਤਾਨ ਦੀ ਮੰਜ਼ਿਲ ਵੱਲ ਚੜ੍ਹਾਈ ਕੀਤੀ ਹੋਈ ਹੈ।

ਖ਼ਾਲਸਾ ਜੀ! ਆਪਣੇ ਕੌਮੀ ਫ਼ਰਜ਼ ਦੀ ਪਛਾਣ ਕਰੀਏ। ਇਹਨਾਂ ਦੋ ਮਰਜੀਵੜਿਆਂ ਨੂੰ ਸੱਚੀ ਸ਼ਰਧਾਂਜਲੀ ਖ਼ਾਲਿਸਤਾਨ ਦੀ ਮੰਜ਼ਿਲ ਵੱਲ ਕਦਮ ਵਧਾ ਕੇ ਦੇਈਏ! ਗੁੱਸੇ-ਗਿਲੇ, ਤੁਹਮਤਾਂ, ਦਿਲਗੀਰੀਆਂ ਨੂੰ ਪਰ੍ਹੇ ਵਗਾਹ ਮਾਰੀਏ। ਖ਼ਾਲਸਾਈ ਭਾਵਨਾ ਦਾ ਪ੍ਰਗਟਾਵਾ ਕਰਦਿਆਂ ਗੁਰਸਿੱਖ ਪਛਾਣ ਨੂੰ ਗੁਰੂ ਰੂਪ ਜਾਣ ਕੇ ਸੱਚੇ-ਸੁੱਚੇ ਪਿਆਰ ਦਾ ਪ੍ਰਗਟਾਵਾ ਸਾਡੀ ਨਿੱਜੀ ਅਤੇ ਕੌਮੀ ਜ਼ਿੰਦਗੀ ਦਾ ਅਟੁੱਟ ਹਿੱਸਾ ਬਣੇ। ਸਾਡੀ ਸਾਂਝੀ ਤਾਕਤ ਦੇ ਸਾਹਮਣੇ ਦੁਸ਼ਮਣ ਜ਼ਿਆਦਾ ਦੇਰ ਟਿਕ ਨਹੀਂ ਸਕੇਗਾ ਤੇ ਸਤਿਗੁਰੂ ਖ਼ਾਲਸੇ ਦਾ ਘਰ 'ਖ਼ਾਲਿਸਤਾਨ' ਜ਼ਰੂਰ ਬਖ਼ਸ਼ਣਗੇ। ਭਾਈ ਜਿੰਦਾ-ਸੁੱਖਾ ਦੀ ਸ਼ਹਾਦਤ ਦਾ ਰੁਤਬਾ ਅੱਵਲ ਹੈ।

**- ਡਾ.ਅਮਰਜੀਤ ਸਿੰਘ ਵਾਸ਼ਿੰਗਟਨ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਪਾਕਿਸਤਾਨ ਤੋਂ 49 ਸਿੱਖ ਸ਼ਰਧਾਲੂਆਂ ਦਾ ਜਥਾ ਭਾਰਤ ਪੁੱਜਿਆ

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਨਿੱਘਾ ਸਵਾਗਤ



**ਨਵੀਂ ਦਿੱਲੀ, 8 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਪਾਕਿਸਤਾਨ ਤੋਂ 49 ਸਿੱਖ ਸ਼ਰਧਾਲੂਆਂ ਦਾ ਜਥਾ ਅੱਜ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਿਆ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਵਿਦੇਸ਼ ਮਾਮਲਿਆਂ ਦੇ ਸਲਾਹਕਾਰ ਸਰਦਾਰ ਪਰਮਜੀਤ ਸਿੰਘ ਚੰਡੋਕ ਵੱਲੋਂ ਸ਼ਰਧਾਲੂਆਂ ਦਾ ਨਿੱਘਾ ਤੇ ਭਰਵਾਂ ਸਵਾਗਤ ਕੀਤਾ ਗਿਆ। ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਪਾਕਿਸਤਾਨ ਤੋਂ ਆਏ ਸ਼ਰਧਾਲੂਆਂ ਦੇ ਠਹਿਰਨ, ਆਉਣ-ਜਾਣ ਅਤੇ ਭਾਰਤ ਦੇ ਵੱਖ-ਵੱਖ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਬੱਸਾਂ ਸਮੇਤ ਲੋੜੀਂਦੇ ਸਾਰੇ ਪ੍ਰਬੰਧ ਕੀਤੇ ਜਾਣਗੇ। ਭਾਰਤ ਪਹੁੰਚਣ 'ਤੇ ਸ਼ਰਧਾਲੂਆਂ ਵਿੱਚ ਖਾਸਾ ਉਤਸ਼ਾਹ ਅਤੇ ਭਾਵੁਕਤਾ ਦੇਖਣ ਨੂੰ ਮਿਲੀ। ਇਸ ਮੌਕੇ ਸ਼ਰਧਾਲੂਆਂ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਸਰਦਾਰ ਪਰਮਜੀਤ ਸਿੰਘ ਚੰਡੋਕ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਸਦਕਾ ਉਨ੍ਹਾਂ ਨੂੰ ਭਾਰਤ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।

### ਕਿਸਾਨ ਮੇਲੇ ਦੌਰਾਨ ਆਰ ਜੀ ਆਰ ਸੈੱਲ ਵੱਲੋਂ

# ਕਿਸਾਨਾਂ ਨੂੰ ਪਾਣੀ ਦੀ ਸੰਭਾਲ ਅਤੇ ਜਲਵਾਯੂ-ਅਨੁਕੂਲ ਖੇਤੀ ਲਈ ਕੀਤਾ ਜਾਗਰੂਕ



**ਚੌਕ ਮਹਿਤਾ, 8 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਅੰਮ੍ਰਿਤਸਰ ਵੱਲੋਂ ਇੰਦਰ ਫਾਰਮ, ਜੰਡਿਆਲਾ ਗੁਰੂ ਵਿਖੇ ਕਰਵਾਏ ਗਏ ਕਿਸਾਨ ਮੇਲੇ ਦੌਰਾਨ ਆਰ ਜੀ ਆਰ ਸੈੱਲ (ਟਾਟਾ ਟਰੱਸਟ ਦਾ ਸਹਾਇਕ ਅਦਾਰਾ) ਵੱਲੋਂ ਕਿਸਾਨਾਂ ਨੂੰ ਪਾਣੀ ਦੀ ਸੰਭਾਲ, ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਜਲਵਾਯੂ-ਅਨੁਕੂਲ ਖੇਤੀਬਾੜੀ ਵੱਲ ਪ੍ਰੇਰਿਤ ਕਰਨ ਲਈ ਵਿਸ਼ੇਸ਼ ਜਾਣਕਾਰੀ ਅਤੇ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ। ਇਹ ਗਤੀਵਿਧੀ ਆਰ ਜੀ ਆਰ ਸੈੱਲ ਦੇ ਡਾਇਰੈਕਟਰ ਸ. ਬਲਜਿੰਦਰ ਸਿੰਘ ਸੈਣੀ ਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਈ ਗਈ। ਆਰ ਜੀ ਆਰ ਸੈੱਲ ਦੇ ਸਟਾਲ 'ਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਪਹੁੰਚ ਕਰਕੇ ਖੇਤੀਬਾੜੀ ਨਾਲ ਸਬੰਧਤ ਨਵੀਆਂ ਤਕਨਾਲੋਜੀਆਂ, ਪਾਣੀ ਬਚਾਉਣ ਅਤੇ ਪਰਾਲੀ ਸੰਭਾਲ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਇਸ ਮੌਕੇ ਸ. ਹਰਭਜਨ ਸਿੰਘ ਈਟੀਓ, ਕੈਬਨਿਟ ਮੰਤਰੀ, ਪੰਜਾਬ ਸਰਕਾਰ ਜੀ ਨੇ ਵੀ ਆਰ ਜੀ ਆਰ ਸੈੱਲ ਦੇ ਸਟਾਲ ਦਾ ਦੌਰਾ ਕੀਤਾ ਅਤੇ ਅਦਾਰੇ ਵੱਲੋਂ ਪਾਣੀ ਦੀ ਸੰਭਾਲ, ਪਰਾਲੀ ਪ੍ਰਬੰਧਨ ਅਤੇ ਜਲਵਾਯੂ-ਅਨੁਕੂਲ ਖੇਤੀਬਾੜੀ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਟੀਮ ਵੱਲੋਂ ਕਿਸਾਨਾਂ ਵਿੱਚ ਕੁਦਰਤੀ ਸਰੋਤਾਂ ਦੀ ਸੰਭਾਲ ਕਰਦੇ ਹੋਏ ਉੱਨਤ ਖੇਤੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਕੀਤੇ ਜਾ ਰਹੇ ਕੰਮ ਦੀ ਪ੍ਰਸ਼ੰਸਾ ਕੀਤੀ।

ਸਟਾਲ ਤੇ ਪ੍ਰਦਰਸ਼ਿਤ ਕੀਤੀ ਗਈ ਝੋਨੇ ਵਿੱਚ ਸੁਕਾ - ਸੁਕਾ ਕੇ ਪਾਣੀ ਲਗਾਉਣ ਦੀ ਤਕਨੀਕ ਕਿਸਾਨਾਂ ਵਿੱਚ ਖਿੱਚ ਦਾ ਕੇਂਦਰ ਬਣੀ ਰਹੀ। ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਦੀ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ ਅਤੇ ਮਿੱਟੀ ਵਿੱਚ ਮਿਲਾਉਣ ਵਾਲੀ ਮਸ਼ੀਨਰੀ ਅਤੇ ਇਸ ਦੇ ਸਹੀ ਉਪਯੋਗ ਬਾਰੇ ਵੀ ਜਾਣਕਾਰੀ ਦਿੱਤੀ ਗਈ। ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਨੂੰ ਅਪਣਾਉਣ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਬਚਣ ਲਈ ਪ੍ਰੇਰਿਤ ਕੀਤਾ ਗਿਆ। ਟੀਮ ਵੱਲੋਂ ਕਿਸਾਨਾਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀਆਂ ਖੇਤੀਬਾੜੀ ਸਬੰਧੀ ਚੁਣੌਤੀਆਂ, ਲੋੜਾਂ ਅਤੇ ਨਵੀਆਂ ਤਕਨਾਲੋਜੀਆਂ ਨੂੰ ਅਪਣਾਉਣ ਵਿੱਚ ਰੁਚੀ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ ਗਈ। ਕਿਸਾਨਾਂ ਵੱਲੋਂ ਪਾਣੀ ਬਚਤ ਤਕਨਾਲੋਜੀਆਂ ਅਤੇ ਟਿਕਾਊ ਖੇਤੀ ਪ੍ਰਣਾਲੀਆਂ ਬਾਰੇ ਵਿਸ਼ੇਸ਼ ਦਿਲਚਸਪੀ ਦਿਖਾਈ ਗਈ।

# 2027 ਚ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਓ ਪੰਜਾਬ ਖੁਸ਼ਹਾਲ ਬਣਾਓ-ਰਣਜੀਤ ਸਿੰਘ ਰੰਧਾਵਾ ਕਾਤਰੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਮੁਕਤ ਕਰਵਾਉਣਾ ਅਤੇ ਪੰਜਾਬ ਅੰਦਰ ਸਿਹਤ ਕ੍ਰਾਂਤੀ ਅਤੇ ਸਿੱਖਿਆ ਕ੍ਰਾਂਤੀ ਦੇ ਨਾਲ ਨਾਲ ਰੋਜ਼ਗਾਰ ਦੇ ਨਵੇਂ ਸਾਧਨ ਪੈਦਾ ਕਰਵਾਉਣ ਦਾ ਕੰਮ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਹੀ ਕਰ ਸਕਦੀ ਹੈ ਕਿਉਂਕਿ ਸ੍ਰੋਮਣੀ ਅਕਾਲੀ ਦਲ ਕਹਿਣੀ ਤੇ ਕਰਨੀ ਦਾ ਪੱਕਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ ਉਹਨਾਂ ਕਿਹਾ ਕਿ ਪੰਜਾਬ ਅੰਦਰ ਸਿਹਤ ਕ੍ਰਾਂਤੀ ਹਸਪਤਾਲ ਖੋਲ੍ਹਣ ਨਾਲ ਨਹੀਂ ਸਗੋਂ ਹਸਪਤਾਲਾਂ ਅੰਦਰ ਡਾਕਟਰ ਨਿਯੁਕਤ ਕਰਨ ਨਾਲ ਆਵੇਗੀ, ਇਸੇ ਤਰਾਂ ਸਿੱਖਿਆ ਕ੍ਰਾਂਤੀ ਸਕੂਲਾਂ ਨੂੰ ਰੰਗ ਰੋਗਨ ਕਰਕੇ ਜਾ ਵੱਡੇ ਵੱਡੇ ਉਦਘਾਟਨੀ ਬੋਰਡ ਲਗਾ ਕੇ ਨਹੀ ਲਿਆਂਦੀ ਜਾ ਸਕਦੀ ਸਗੋਂ ਸਿੱਖਿਆ ਕ੍ਰਾਂਤੀ ਸਕੂਲਾਂ ਅੰਦਰ ਅਧਿਆਪਕਾ ਦੀਆ ਖਾਲੀ ਪੋਸਟਾਂ ਭਰ ਕੇ ਲਿਆਂਦੀ ਜਾਵੇਗੀ। ਉਹਨਾਂ ਕਿਹਾ ਆਮ ਪਾਰਟੀ ਦੀ ਸਰਕਾਰ ਨੇ ਨਾ ਤਾਂ ਕੋਈ ਡਾਕਟਰਾਂ ਦੀ ਨਵੀਂ ਭਰਤੀ ਕੀਤੀ ਅਤੇ ਨਾ ਹੀ ਅਧਿਆਪਕਾ ਦੀ ਕੋਈ ਨਵੀਂ ਭਰਤੀ ਕੀਤੀ ਹੈ। ਅੱਜ ਸਕੂਲਾਂ ਅੰਦਰ ਜਿੱਥੇ ਅਧਿਆਪਕਾ ਦੀ ਵੱਡੇ ਪੱਧਰ ਤੇ ਪੋਸਟਾਂ ਖਾਲੀ ਹਨ, ਜੋ ਉਥੇ ਹਸਪਤਾਲਾਂ ਅੰਦਰ ਡਾਕਟਰ ਦੀ ਵੀ ਘਾਟ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਅੰਦਰ ਸਿਹਤ ਤੇ ਸਿੱਖਿਆ ਕ੍ਰਾਂਤੀ ਦੀਆ ਗੱਲਾ ਕਰਦੀ ਨਹੀ ਸੀ, ਪੰਜਾਬ ਅੰਦਰ ਸਿੱਖਿਆ ਕ੍ਰਾਂਤੀ ਦੇ ਨਾਮ ਤੇ ਕਰੋੜਾਂ ਰੁਪਏ ਮਸਹੂਰੀਆ ਤੇ ਖਰਚ ਕੀਤੇ ਗਏ। ਪ੍ਰੰਤੂ ਸਿੱਖਿਆ ਕ੍ਰਾਂਤੀ ਦੀ ਪੋਲ ਆਮ ਪਾਰਟੀ ਦੇ ਵਿਧਾਇਕ ਸੁਖਵੀਰ ਸਿੰਘ ਮਾਈਸਰ ਖਾਨਾ ਨੇ ਹੀ ਖੋਲ ਦਿੱਤੀ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਚ ਪੰਜਾਬ ਦਾ ਕੋਈ ਵਿਕਾਸ ਨੀ ਹੋਇਆ ਅਤੇ ਨਾ ਹੀ ਜੇਕਰ ਵਿਕਾਸ ਹੋਇਆ ਤਾਂ ਇਹਨਾਂ ਦੇ ਮੰਤਰੀਆਂ ਤੇ ਵਿਧਾਇਕਾਂ ਦਾ ਹੋਇਆ ਆਮ ਆਦਮੀ ਪਾਰਟੀ ਦੀ ਸਰਕਾਰ ਚ ਸਭ ਤੋਂ ਵੱਧ ਪੰਜਾਬੀ ਕਰਜ਼ੇ ਦੇ ਬੋਝ ਹੇਠ ਦੱਬੇ ਹੋਏ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਸਰਵਪੱਖੀ ਵਿਕਾਸ ਲਈ 2027 ਚ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਓ ਤੇ ਪੰਜਾਬ ਨੂੰ ਫੇਰ ਤੋਂ ਖੁਸ਼ਹਾਲ ਬਣਾਓ।

# ਧੂਰੀ ਦੇ ਬਾਜ਼ਾਰਾਂ ਵਿੱਚ ਸੁਰੱਖਿਆ ਪ੍ਰਬੰਧ ਹੋਣਗੇ ਹੋਰ ਮਜ਼ਬੂਤ: ਪੁਸ਼ਿਪੰਦਰ ਸ਼ਰਮਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਧੂਰੀ ਸ਼ਹਿਰ ਦੇ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਅਤੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੰਜਾਬ ਟਰੇਡ ਕਮਿਸ਼ਨ, ਧੂਰੀ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਦੀ ਅਗਵਾਈ ਹੇਠ ਐਸ.ਐਚ.ਓ. ਸਿਟੀ ਧੂਰੀ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ ਮੀਟਿੰਗ ਦੌਰਾਨ ਸ਼ਹਿਰ ਦੇ ਵਪਾਰੀਆਂ ਵੱਲੋਂ ਚੋਰੀਆਂ ਸਮੇਤ ਸੁਰੱਖਿਆ ਨਾਲ ਸਬੰਧਤ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਨ੍ਹਾਂ ਘਟਨਾਵਾਂ 'ਤੇ ਕਾਬੂ ਪਾਉਣ ਅਤੇ ਵਪਾਰੀਆਂ ਤੇ ਸ਼ਹਿਰ ਵਾਸੀਆਂ ਵਿੱਚ ਸੁਰੱਖਿਆ ਦੀ ਭਾਵਨਾ ਹੋਰ ਮਜ਼ਬੂਤ ਕਰਨ ਲਈ ਟਰੇਡ ਕਮਿਸ਼ਨ ਅਤੇ ਪੁਲਿਸ ਦੀ ਸਾਂਝੀ ਨਾਈਟ ਪੈਟਰੋਲਿੰਗ ਪਾਰਟੀ ਗਠਿਤ ਕਰਨ ਦੀ ਯੋਜਨਾ 'ਤੇ ਵਿਚਾਰ ਕੀਤਾ ਗਿਆ। ਚੇਅਰਮੈਨ ਪੁਸ਼ਿਪੰਦਰ ਸ਼ਰਮਾ ਨੇ ਕਿਹਾ ਕਿ ਵਪਾਰੀਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਵਾਉਣਾ ਟਰੇਡ ਕਮਿਸ਼ਨ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਰਾਤ ਸਮੇਂ ਗਸ਼ਤ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਸਾਂਝੇ ਤੌਰ 'ਤੇ ਉਪਰਾਲੇ ਕੀਤੇ ਜਾਣਗੇ, ਜਿਸ ਨਾਲ ਚੋਰੀਆਂ ਵਰਗੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀ ਵਰਗ ਦੀ ਸੁਰੱਖਿਆ ਅਤੇ ਸਹੂਲਤ ਲਈ ਵਚਨਬੱਧ ਹੈ ਅਤੇ ਵਪਾਰੀਆਂ ਨਾਲ ਲਗਾਤਾਰ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਜਸਵੀਰ ਸਿੰਘ, ਬਿਲਾਲ ਖਾਨ, ਦੀਪਕ ਵਰਮਾ ਸਮੇਤ ਟਰੇਡ ਕਮਿਸ਼ਨ ਦੇ ਮੈਂਬਰ, ਵਪਾਰੀ ਅਤੇ ਸ਼ਹਿਰ ਵਾਸੀ ਵੀ ਹਾਜ਼ਰ ਸਨ।

# ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦੇ 25 ਸਾਲ ਜਨ ਸੇਵਾ ਤੋ ਰਾਸ਼ਟਰ ਸੇਵਾ'' 'ਤੇ ਨੀਲੂ ਮਿੱਤਲ ਨੇ ਦਿੱਤੀ ਮੁਬਾਰਕਵਾਦ

**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਭਾਰਤੀ ਜਨਤਾ ਪਾਰਟੀ





ਦੇ "25 ਸਾਲ ਜਨ ਸੇਵਾ ਤੋ ਰਾਸ਼ਟਰ ਸੇਵਾ" ਪੂਰਾ ਹੋਣ 'ਤੇ ਮੁਬਾਰਕਵਾਦ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਸਪੋਕਸਮੈਨ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ 25 ਸਾਲਾਂ ਦੇ ਜਨਤਕ ਜੀਵਨ ਅਤੇ ਰਾਸ਼ਟਰ ਸੇਵਾ ਨੂੰ ਸਮਰਪਿਤ ਇਹ ਮੌਕਾ ਸੇਵਾ ਅਤੇ ਲੋਕ ਹਿੱਤ ਨਾਲ ਜੁੜੇ ਸੰਕਲਪ ਨੂੰ ਯਾਦ ਕਰਨ ਦਾ ਮੌਕਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਜੋ ਕਿਹਾ ਉਹ ਕਰ ਕੇ ਦਿਖਾਇਆ ਹੈ, ਜਨਤਾ ਪਾਰਟੀ ਨੇ ਜਿਹੜੇ ਸੂਬੇ ਦੇ ਭਰਿਸ਼ਟਾਚਾਰ ਵਿਅਕਤੀਆਂ ਨੂੰ ਫੜਿਆ ਹੈ ਭਾਰਤੀ ਜਨਤਾ ਪਾਰਟੀ ਨੇ ਉਸੇ ਹੀ ਸੂਬੇ ਵਿੱਚ ਆਪਣੀ ਸਰਕਾਰ ਬਣਾਈ ਹੈ। ਉਹਨਾਂ ਕਿਹਾ ਕਿ ਹੁਣ ਪੰਜਾਬ ਵਿੱਚ ਸੀਬੀਆਈ, ਈਡੀ ਦੀ ਰੇਡ ਤੋਂ ਬਾਅਦ ਸੀਬੀਆਈ ਦੀ ਗੱਡੀ ਉੱਤੇ ਫੁੱਲਾਂ ਦੀ ਵਰਖਾ ਕਰਨ ਤੋਂ ਇਹ ਸਾਬਤ ਹੋ ਰਿਹਾ ਹੈ ਕਿ ਪੰਜਾਬ ਦੇ ਲੋਕ ਕਾਂ ਦਾ ਮਨ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਅੱਕ ਚੁੱਕਿਆ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਟਨਾ ਵਿੱਚ ਖੁੱਲ੍ਹੇਗਾ 'ਚਾਰ ਸਾਹਿਬਜ਼ਾਦੇ ਐੱਮਆਰਆਈ, ਸੀਟੀ ਸਕੈਨ ਸੈਂਟਰ'

# ਬਿਹਾਰ ਸਰਕਾਰ ਅਤੇ ਤਖ਼ਤ ਪਟਨਾ ਸਾਹਿਬ ਕਮੇਟੀ ਵਿਚਾਲੇ ਐੱਮ.ਓ.ਯੂ. 'ਤੇ ਹੋਏ ਦਸਤਖ਼ਤ



**ਨਵੀਂ ਦਿੱਲੀ, 8 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸੰਗਤਾਂ ਅਤੇ ਲੋੜਵੰਦ ਲੋਕਾਂ ਨੂੰ ਆਧੁਨਿਕ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਪਟਨਾ ਵਿੱਚ ਜਲਦੀ ਹੀ 'ਚਾਰ ਸਾਹਿਬਜ਼ਾਦੇ ਐੱਮ.ਆਰ.ਆਈ., ਸੀ.ਟੀ. ਸਕੈਨ ਸੈਂਟਰ' ਸ਼ੁਰੂ ਕੀਤਾ ਜਾਵੇਗਾ। ਇਸ ਸਬੰਧੀ ਬਿਹਾਰ ਸਰਕਾਰ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵਿਚਾਲੇ ਐੱਮ.ਓ.ਯੂ. (ਸਮਝੌਤਾ ਪੱਤਰ) 'ਤੇ ਦਸਤਖ਼ਤ ਕੀਤੇ ਗਏ ਹਨ। ਸਰਕਾਰ ਵੱਲੋਂ ਐਡੀਸ਼ਨਲ ਚੀਫ਼ ਸੈਕਟਰੀ ਦੀਪਕ ਕੁਮਾਰ ਨੇ ਇਸ ਸਮਝੌਤੇ 'ਤੇ ਦਸਤਖ਼ਤ ਕੀਤੇ। ਇਸ ਮੌਕੇ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਨੇ ਬਿਹਾਰ ਦੇ ਰਾਜਪਾਲ ਦਾ ਧੰਨਵਾਦ ਕੀਤਾ। ਕਮੇਟੀ ਨੇ ਕਿਹਾ ਕਿ ਰਾਜਪਾਲ ਦੀ ਪਹਿਲਕਦਮੀ ਅਤੇ ਸਹਿਯੋਗ ਸਦਕਾ ਇਸ ਮਹੱਤਵਪੂਰਨ ਸਿਹਤ ਪ੍ਰੋਜੈਕਟ ਨੂੰ ਅੱਗੇ ਵਧਾਉਣ ਦਾ ਰਾਹ ਪੱਧਰਾ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਮੁੰਬਈ ਨਿਵਾਸੀ ਅਤੇ ਚੀਫ਼ ਖ਼ਾਲਸਾ ਦੀਵਾਨ ਮਹਾਰਾਸ਼ਟਰ ਦੇ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਬਾਵਾ ਵੱਲੋਂ ਤਖ਼ਤ ਪਟਨਾ ਸਾਹਿਬ ਵਿਖੇ ਚਾਰ ਸਾਹਿਬਜ਼ਾਦੇ ਐੱਮ.ਆਰ.ਆਈ., ਸੀ.ਟੀ. ਸਕੈਨ ਸੈਂਟਰ ਸਥਾਪਿਤ ਕਰਨ ਦਾ ਪ੍ਰਸਤਾਵ ਰੱਖਿਆ ਗਿਆ ਸੀ। ਇਸ ਤੋਂ ਬਾਅਦ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੇ ਬਿਹਾਰ ਦੇ ਰਾਜਪਾਲ ਨੂੰ ਸੈਂਟਰ ਲਈ ਜ਼ਮੀਨ ਮੁਹੱਈਆ ਕਰਵਾਉਣ ਦੀ ਬੇਨਤੀ ਕੀਤੀ ਸੀ। ਬਿਹਾਰ ਦੇ ਰਾਜਪਾਲ ਵੱਲੋਂ ਮੰਗਲ ਤਲਾਬ ਨੇੜੇ ਜ਼ਮੀਨ ਮੁਹੱਈਆ ਕਰਵਾਈ ਗਈ, ਜਿਸ ਤੋਂ ਬਾਅਦ ਇਸ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ ਗਿਆ ਸੀ। ਹੁਣ ਬਿਹਾਰ ਸਰਕਾਰ ਅਤੇ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵਿਚਾਲੇ ਐੱਮ.ਓ.ਯੂ. 'ਤੇ ਦਸਤਖ਼ਤ ਹੋਣ ਨਾਲ ਸੈਂਟਰ ਦੇ ਨਿਰਮਾਣ ਅਤੇ ਸੰਚਾਲਨ ਦਾ ਰਾਹ ਹੋਰ ਵੀ ਸਪੱਸ਼ਟ ਹੋ ਗਿਆ ਹੈ। ਦੱਸਿਆ ਗਿਆ ਹੈ ਕਿ ਸਰਦਾਰ ਗੁਰਵਿੰਦਰ ਸਿੰਘ ਬਾਵਾ ਦੇ ਯਤਨਾਂ ਸਦਕਾ ਮੁੰਬਈ ਦੇ ਖ਼ਾਲਸਾ ਕਾਲਜ ਅਤੇ ਉਲਹਾਸਨਗਰ ਵਿਖੇ ਵੀ ਅਜਿਹੇ ਸਿਹਤ ਕੇਂਦਰ ਚਲਾਏ ਜਾ ਰਹੇ ਹਨ। ਹੁਣ ਇਸੇ ਪਹਿਲਕਦਮੀ ਨੂੰ ਪਟਨਾ ਸਾਹਿਬ ਤੱਕ ਪਹੁੰਚਾਇਆ ਜਾ ਰਿਹਾ ਹੈ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਸਮੇਤ ਸਮੁੱਚੀ ਕਮੇਟੀ ਨੇ ਇਸ ਕਾਰਜ ਲਈ ਬਿਹਾਰ ਦੇ ਰਾਜਪਾਲ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਸੈਂਟਰ ਦੀ ਸਥਾਪਨਾ ਲਈ ਪਹਿਲ ਕਰਨ ਵਾਲੇ ਸਰਦਾਰ ਗੁਰਵਿੰਦਰ ਸਿੰਘ ਬਾਵਾ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਕਮੇਟੀ ਨੇ ਕਿਹਾ ਕਿ ਚਾਰ ਸਾਹਿਬਜ਼ਾਦੇ ਐੱਮ.ਆਰ.ਆਈ., ਸੀ.ਟੀ. ਸਕੈਨ ਸੈਂਟਰ ਸ਼ੁਰੂ ਹੋਣ ਤੋਂ ਬਾਅਦ ਤਖ਼ਤ ਪਟਨਾ ਸਾਹਿਬ ਵਿਖੇ ਨਤਮਸਤਕ ਹੋਣ ਆਉਣ ਵਾਲੀਆਂ ਸੰਗਤਾਂ ਦੇ ਨਾਲ-ਨਾਲ ਪਟਨਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋੜਵੰਦ ਲੋਕਾਂ ਨੂੰ ਵੀ ਆਧੁਨਿਕ ਜਾਂਚ ਸਹੂਲਤਾਂ ਉਪਲਬਧ ਹੋਣਗੀਆਂ। ਇਸ ਨਾਲ ਲੋਕਾਂ ਨੂੰ ਆਪਣੇ ਸ਼ਹਿਰ ਵਿੱਚ ਹੀ ਬਿਹਤਰ ਸਿਹਤ ਸੇਵਾਵਾਂ ਪ੍ਰਾਪਤ ਹੋ ਸਕਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ ਦੀ ਅਗਵਾਈ 'ਚ

# ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵੱਲੋਂ 'ਪੰਜਾਬ ਬਚਾਓ' ਮੁਹਿੰਮ ਤਹਿਤ ਫਾਰਮ ਭਰਨ ਦੀ ਸ਼ੁਰੂਆਤ



**ਚੌਂਕ ਮਹਿਤਾ,8 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਯੂਥ ਇੰਚਾਰਜ ਗੁਰਜਿੰਦਰ ਸਿੰਘ ਸਠਿਆਲਾ ਵਲੋਂ ਆਪਣੇ ਸਾਥੀਆਂ ਸਮੇਤ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਅਤੇ ਵੱਖ-ਵੱਖ ਮੁੱਦਿਆਂ ਨੂੰ ਲੈ ਕੇ 'ਪੰਜਾਬ ਬਚਾਓ' ਮੁਹਿੰਮ ਤਹਿਤ ਹਲਕਾ ਬਾਬਾ ਬਕਾਲਾ ਦੇ ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ ਦੀ ਅਗਵਾਈ'ਚ ਲੋਕਾਂ ਨੂੰ ਜਾਗਰੂਕ ਕਰਨ ਤਹਿਤ ਸਠਿਆਲਾ ਵਿਖੇ ਫਾਰਮ ਭਰਨ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਤੇ ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ ਨੇ ਦੱਸਿਆ ਹੈ ਕਿ ਲੋਕਾਂ ਨਾਲ ਸੰਪਰਕ ਕਰਦਿਆਂ ਪੰਜਾਬ ਨਾਲ ਸਬੰਧਤ ਨਸ਼ਿਆਂ ਦੇ ਖਿਲਾਫ, ਕਿਸਾਨਾਂ ਦੀ ਐਮ.ਐਸ.ਪੀ, ਵੱਖ-ਵੱਖ ਮੁੱਦਿਆਂ ਬਾਰੇ ਉਨ੍ਹਾਂ ਦੇ ਵਿਚਾਰ ਅਤੇ ਸੁਝਾਅ ਜਾਣੇ। ਹਲਕਾ ਬਾਬਾ ਬਕਾਲਾ ਸਾਹਿਬ ਦੇ ਯੂਥ ਇੰਚਾਰਜ ਗੁਰਜਿੰਦਰ ਸਿੰਘ ਨੇ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਗਾਇਆ ਕਿ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ 'ਤੇ ਖਰੀ ਨਹੀਂ ਉਤਰ ਰਹੀ ਅਤੇ ਪੰਜਾਬ ਵਿੱਚ ਕਈ ਅਹਿਮ ਮੁੱਦੇ ਅਜੇ ਵੀ ਹੱਲ ਦੀ ਉਡੀਕ ਕਰ ਰਹੇ ਹਨ ਤੇ ਕਾਨੂੰਨ-ਵਿਵਸਥਾ, ਕਿਸਾਨੀ, ਨੌਜਵਾਨਾਂ, ਰੁਜ਼ਗਾਰ, ਨਸ਼ਿਆਂ ਅਤੇ ਲੋਕ-ਭਲਾਈ ਸਕੀਮਾਂ ਸਮੇਤ ਵੱਖ-ਵੱਖ ਮਸਲਿਆਂ ਨੂੰ ਮੁਹਿੰਮ ਦੌਰਾਨ ਉਠਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ 'ਪੰਜਾਬ ਬਚਾਓ' ਮੁਹਿੰਮ ਨੂੰ ਪਿੰਡ ਪੱਧਰ ਤੱਕ ਲਿਜਾਇਆ ਜਾਵੇਗਾ ਅਤੇ ਵੱਧ ਤੋਂ ਵੱਧ ਲੋਕਾਂ ਨਾਲ ਸੰਪਰਕ ਕਰਕੇ ਉਨ੍ਹਾਂ ਦੇ ਸੁਝਾਅ ਅਤੇ ਮੁਸ਼ਕਲਾਂ ਨੂੰ ਇਕੱਤਰ ਕੀਤਾ ਜਾਵੇਗਾ। ਇਸ ਮੌਕੇ ਤੇ ਸਾਬਕਾ ਸਰਪੰਚ ਦਲਵਿੰਦਰ ਸਿੰਘ, ਪ੍ਰਧਾਨ ਬੂਟਾ ਸਿੰਘ, ਬਲਾਕ ਸੰਮਤੀ ਮੈਂਬਰ ਗਿਆਨੀ ਬੂਟਾ ਸਿੰਘ, ਜਸਬੀਰ ਸਿੰਘ ਚੱਠਾ, ਬਾਬਾ ਬਲਵਿੰਦਰ ਸਿੰਘ,ਇੰਸ: ਸਰਬਜੀਤ ਸਿੰਘ ਬੱਲ, ਮੈਂਬਰ ਮੇਜਰ ਸਿੰਘ, ਪ੍ਰਧਾਨ ਸੋਨਾ ਬੱਲ, ਗੁਰਜੀਤ ਸਿੰਘ, ਹਰਪਾਲ ਸਿੰਘ, ਗੁਰਮੇਜ ਸਿੰਘ ਆਦਿ ਹਾਜ਼ਰ ਸਨ। ਸਠਿਆਲਾ ਵਿਖੇ ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ ਪੰਜਾਬ ਬਚਾਉ ਮੁਹਿੰਮ ਤਹਿਤ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਫਰਮ ਭਰਨ ਸਮੇਂ ਸੱਜੇ। ਹਲਕਾ ਯੂਥ ਇੰਚਾਰਜ ਗੁਰਜਿੰਦਰ ਸਿੰਘ ਘਰ-ਘਰ ਫਾਰਮ ਭਰਨ ਦੀ ਤਿਆਰੀ ਸਮੇਂ ਨਾਲ ਪ੍ਰਧਾਨ ਬੂਟਾ ਸਿੰਘ ਤੇ ਹੋਰ। ਸਠਿਆਲਾ'ਚ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਵਲੋਂ ਖੇਤਰੀ ਪਾਰਟੀਆਂ ਦੇ ਕਾਰਕੁਨਾਂ ਦਾ ਭਾਜਪਾ ਵਿੱਚ ਸ਼ਾਮਿਲ ਹੋਣ'ਤੇ ਸਨਮਾਨ ਕਸਬਾ ਸਠਿਆਲਾ ਦੇ ਭਾਜਪਾ ਆਗੂ ਗੁਰਦੀਪ ਸਿੰਘ ਕਾਕੋ ਦੀ ਪ੍ਰੇਰਨਾ ਸਦਕਾ ਖੇਤਰੀ ਪਾਰਟੀ ਦੇ ਕਾਰਕੁਨਾਂ ਦਾ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ 'ਤੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਸਾਬਕਾ ਵਿਧਾਇਕ ਅਤੇ ਭਾਜਪਾ ਦੇ ਸੂਬਾਈ ਸਕੱਤਰ ਮਨਜੀਤ ਸਿੰਘ ਮੰਨਾ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਨਵੇਂ ਕਾਰਕੁਨਾਂ ਅਵਤਾਰ ਸਿੰਘ , ਨਰਿੰਦਰ ਸਿੰਘ,ਜਗਤਾਰ ਸਿੰਘ,ਸੰਤੋਖ ਸਿੰਘ ਪ੍ਰਗਟ ਸਿੰਘ, ਮੰਗਲ ਸਿੰਘ, ਗੁਰਮੇਜ ਸਿੰਘ, ਗੋਪੀ, ਜੱਸਾ ਸਿੰਘ, ਜਸਬੀਰ ਸਿੰਘ, ਦਾਰ ਸਿੰਘ, ਆਦਿ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਜਪਾ ਵਿੱਚ ਹਰ ਵਰਗ ਦੇ ਲੋਕਾਂ ਨੂੰ ਬਣਦਾ ਸਨਮਾਨ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੇ ਪਾਰਟੀ ਨਾਲ ਜੁੜਨ ਨਾਲ ਜਥੇਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਵਰਕਰਾਂ ਨੂੰ ਪਿੰਡ ਪੱਧਰ 'ਤੇ ਲੋਕਾਂ ਨਾਲ ਸੰਪਰਕ ਵਧਾਉਣ ਲਈ ਸਰਗਰਮ ਰਹਿਣਾ ਚਾਹੀਦਾ ਹੈ।ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਏ ਕਾਰਕੁਨਾਂ ਨੇ ਕਿਹਾ ਕਿ ਉਹ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ ਅਤੇ ਪਾਰਟੀ ਵੱਲੋਂ ਦਿੱਤੀ ਜਾਣ ਵਾਲੀ ਹਰ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਤੇ ਭਾਜਪਾ ਆਗੂ ਗੁਰਦੀਪ ਸਿੰਘ ਕਾਕੋ,ਸਰਦੂਲ ਸਿੰਘ, ਪ੍ਰਧਾਨ ਇਕਬਾਲ ਸਿੰਘ ਬੱਲ, ਬਾਬਾ ਤਰਸੇਮ ਸਿੰਘ, ਰਾਜੇਸ਼ ਟਾਂਗਰੀ, ਕੁਲਵੰਤ ਸਿੰਘ, ਬਾਬਾ ਸੰਤੋਖ ਸਿੰਘ, ਪ੍ਰਧਾਨ ਗੁਰਚਰਨ ਸਿੰਘ, ਮਨਜੀਤ ਸਿੰਘ ਰਾਣਾ , ਮੈਬਰ ਬਾਬਾ ਕਸ਼ਮੀਰ ਸਿੰਘ, ਬਾਬਾ ਅਵਤਾਰ ਸਿੰਘਬਾਬਾ

ਆਵਾਜ਼ਿ ਕੌਮ AWAZE QAUM International Newspaper & WEB TV

# ਰਾਮ ਰਹੀਮ ਨੂੰ ਬੇਗੁਨਾਹ ਦੱਸਣ ਵਾਲੇ ਇਸ਼ਤਿਹਾਰ 'ਤੇ ਹਾਈ ਕੋਰਟ ਸਖ਼ਤ, 'ਦਿ ਹਿੰਦੂ' ਤੇ 'ਦੈਨਿਕ ਭਾਸਕਰ' ਖ਼ਿਲਾਫ਼ ਅਦਾਲਤੀ ਅਵਮਾਨਨਾ ਕਾਰਵਾਈ ਸ਼ੁਰੂ

ਨਵੀਂ ਦਿੱਲੀ 8 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨਾਲ ਸਬੰਧਤ ਫਰੰਟ ਪੇਜ ਇਸ਼ਤਿਹਾਰ ਪ੍ਰਕਾਸ਼ਿਤ ਕਰਨ ਦੇ ਮਾਮਲੇ ਵਿੱਚ 'ਦਿ ਹਿੰਦੂ' ਅਤੇ 'ਦੈਨਿਕ ਭਾਸਕਰ' ਦੇ ਪ੍ਰਕਾਸ਼ਕਾਂ ਤੇ ਮੁੱਖ ਸੰਪਾਦਕਾਂ ਖ਼ਿਲਾਫ਼ ਖ਼ੁਦ ਨੋਟਿਸ ਲੈਂਦਿਆਂ ਅਦਾਲਤੀ ਮਾਣ-ਹਾਨੀ ਦੀ ਕਾਰਵਾਈ ਸ਼ੁਰੂ ਕੀਤੀ ਹੈ। ਇਸ਼ਤਿਹਾਰ ਵਿੱਚ 'ਗੁਰੂ ਜੀ ਖ਼ਿਲਾਫ਼ ਸਾਜ਼ਿਸ਼ ਹੋਈ ਸੀ ?' ਸਿਰਲੇਖ ਹੇਠ ਸਿੱਧਾ ਜਵਾਬ 'ਹਾਂ, ਬਿਲਕੁਲ' ਦਿੱਤਾ ਗਿਆ ਅਤੇ ਦੋਸ਼ ਲਾਇਆ ਗਿਆ ਕਿ ਨਸ਼ਾ ਮਾਫੀਆ ਤੇ ਡੇਰੇ ਦੇ ਵਿਰੋਧੀਆਂ ਨੇ ਝੂਠੇ ਗਵਾਹਾਂ ਅਤੇ ਮਾਮਲਿਆਂ ਰਾਹੀਂ ਰਾਮ ਰਹੀਮ ਨੂੰ ਫਸਾਉਣ ਦੀ ਕੋਸ਼ਿਸ਼ ਕੀਤੀ।ਅਦਾਲਤ ਨੇ ਪਹਿਲੀ ਨਜ਼ਰ ਵਿੱਚ ਮੰਨਿਆ ਕਿ ਅਜਿਹੀ ਸਮੱਗਰੀ ਅਦਾਲਤ ਦੀ ਸਾਖ਼ ਅਤੇ ਅਧਿਕਾਰ ਨੂੰ ਪ੍ਰਭਾਵਿਤ ਕਰਨ ਜਾਂ ਚੱਲ ਰਹੀ ਨਿਆਂਇਕ ਕਾਰਵਾਈ ਵਿੱਚ ਦਖ਼ਲ ਦੇਣ ਦੀ ਪ੍ਰਵਿਰਤੀ ਰੱਖ ਸਕਦੀ ਹੈ। ਮਾਮਲਾ ਉਸ ਸਮੇਂ ਦਾ ਹੈ ਜਦੋਂ ਰਾਮ ਰਹੀਮ ਸੁਨਾਰੀਆ ਜੇਲ੍ਹ ਤੋਂ 21 ਦਿਨਾਂ ਦੀ ਫਰਲੋ 'ਤੇ ਬਾਹਰ ਆਇਆ ਹੋਇਆ ਸੀ। ਇਸ਼ਤਿਹਾਰ ਵਿੱਚ ਉਸ ਨੂੰ ਵਾਰ-ਵਾਰ ਮਿਲ ਰਹੀ ਪੈਰੋਲ ਅਤੇ ਫਰਲੋ ਨੂੰ ਲੈ ਕੇ ਉੱਠ ਰਹੇ ਸਵਾਲਾਂ ਦਾ ਜਵਾਬ ਦਿੰਦਿਆਂ ਇਸ ਨੂੰ 'ਵੀਆਈਪੀ ਟ੍ਰੀਟਮੈਂਟ' ਮੰਨਣ ਤੋਂ ਇਨਕਾਰ ਕੀਤਾ ਗਿਆ ਅਤੇ ਦਾਅਵਾ ਕੀਤਾ ਗਿਆ ਕਿ ਰਿਹਾਈਆਂ ਕਾਨੂੰਨ ਤੇ ਹਰਿਆਣਾ ਸਰਕਾਰ ਦੇ ਨਿਯਮਾਂ ਅਨੁਸਾਰ ਹਨ। ਜਸਟਿਸ ਸੁਭਾਸ਼ ਮੇਹਲਾ ਨੇ ਇਸ਼ਤਿਹਾਰ ਦੇ ਚਾਰ ਦਿਨ ਬਾਅਦ ਖ਼ੁਦ ਨੋਟਿਸ ਲੈਂਦਿਆਂ ਕਿਹਾ ਸੀ ਕਿ ਜਦੋਂ ਕਿਸੇ ਦੋਸ਼ੀ ਖ਼ਿਲਾਫ਼ ਮੁਕੱਦਮਾ ਜਾਂ ਅਪੀਲ ਲੰਬਿਤ ਹੋਵੇ ਤਾਂ ਪੈਸੇ ਦੇ ਕੇ ਜਨਤਕ ਤੌਰ 'ਤੇ ਅਜਿਹਾ ਬਿਰਤਾਂਤ ਖੜ੍ਹਾ ਕਰਨਾ ਨਿਆਂਇਕ ਕਾਰਵਾਈ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਹੋ ਸਕਦਾ ਹੈ। ਹੁਣ ਜਸਟਿਸ ਵਿਨੋਦ ਐਸ. ਭਾਰਦਵਾਜ ਅਤੇ ਜਸਟਿਸ ਰਵਿੰਦਰ ਮਲਿਕ ਦੀ ਡਿਵੀਜ਼ਨ ਬੈਂਚ ਨੇ ਡੇਰਾ ਸੱਚਾ ਸੌਦਾ ਪ੍ਰਬੰਧਕਾਂ ਸਮੇਤ ਦੋਵੇਂ ਅਖ਼ਬਾਰਾਂ ਦੇ ਪ੍ਰਕਾਸ਼ਕਾਂ ਅਤੇ ਮੁੱਖ ਸੰਪਾਦਕਾਂ ਨੂੰ ਨੋਟਿਸ ਜਾਰੀ ਕਰ ਦਿੱਤੇ ਹਨ ਅਤੇ ਮਾਮਲੇ ਦੀ ਅਗਲੀ ਸੁਣਵਾਈ 25 ਨਵੰਬਰ ਨੂੰ ਤੈਅ ਕੀਤੀ ਹੈ। ਅਦਾਲਤ ਨੇ ਸੰਵਿਧਾਨ ਦੀ ਧਾਰਾ 215 ਅਤੇ ਕੰਟੈਂਪਟ ਆਫ਼ ਕੋਰਟਸ ਐਕਟ, 1971 ਦੀਆਂ ਸਬੰਧਤ ਧਾਰਾਵਾਂ ਤਹਿਤ ਕਾਰਵਾਈ ਸ਼ੁਰੂ ਕੀਤੀ ਹੈ। ਇਸ ਦੌਰਾਨ 'ਦਿ ਹਿੰਦੂ' ਨੇ ਅਦਾਲਤੀ ਕਾਰਵਾਈ ਸ਼ੁਰੂ ਹੋਣ ਤੋਂ ਪਹਿਲਾਂ ਹੀ ਆਪਣੇ ਫਰੰਟ ਪੇਜ 'ਤੇ ਬਿਨਾਂ ਸ਼ਰਤ ਮੁਆਫ਼ੀ ਪ੍ਰਕਾਸ਼ਿਤ ਕਰ ਦਿੱਤੀ ਸੀ ਅਤੇ ਬਾਅਦ ਵਿੱਚ ਐਲਾਨ ਕੀਤਾ ਕਿ ਉਹ ਇਸ ਇਸ਼ਤਿਹਾਰ ਦੀ ਰਕਮ ਡੇਰੇ ਤੋਂ ਨਹੀਂ ਲਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਥਕ ਸੰਸਥਾਵਾਂ ਦੇ ਪ੍ਰਬੰਧ ਵਿੱਚ ਆਈ ਗਿਰਾਵਟ ਅਤੇ ਗੁਰੂ ਘਰਾਂ ਦੀ ਹੋ ਰਹੀ ਦੁਰਵਰਤੋਂ ਨਾਲ ਵਿਸ਼ਵ ਭਰ ਦੀਆਂ ਸੰਗਤਾਂ ਵਿੱਚ ਰੋਸ - ਸ ਕਾਹਨੇਕੇ

## ਗੁਰੂ ਘਰਾਂ ਨੂੰ ਅਜੋਕੇ ਮਹੰਤਾਂ ਤੋਂ ਆਜਾਦ ਕਰਾਉਣ ਲਈ ਸ਼ੁਰੂ ਕੀਤੀ ਗਈ ਸੁਧਾਰ ਲਹਿਰ 2- ਸ ਗਿੱਲਪੱਤੀ



**ਅੰਮ੍ਰਿਤਸਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਡੇ ਬਜੁਰਗਾਂ ਨੇ ਵੱਡੀਆਂ ਕੁਰਬਾਨੀਆਂ ਕਰਕੇ ਸਥਾਪਿਤ ਕੀਤੀ ਸੀ ਜਿਸ ਦੀ ਵਿਰਾਸਤ 'ਤੇ ਸਿੱਖ ਹਮੇਸ਼ਾਂ ਮਾਣ ਕਰਦੇ ਆਏ ਹਨ। ਪਰ ਪੰਥਕ ਸੰਸਥਾਵਾਂ ਦੇ ਪ੍ਰਬੰਧ ਵਿੱਚ ਆਈ ਗਿਰਾਵਟ ਨੇ ਸਾਰੀ ਦੁਨੀਆਂ ਵਿੱਚ ਵੱਸਣ ਵਾਲੇ ਸਿੱਖਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਮਾਸਟਰ ਮਿੱਠੂ ਸਿੰਘ ਕਾਹਨੇਕੇ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ। ਸ਼੍ਰੋਮਣੀ ਕਮੇਟੀ ਦੇ ਐਗਜੈਕਟਿਵ ਮੈਂਬਰ ਸ ਕਾਹਨੇਕੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਸ਼ੁਰੂ ਕੀਤੇ ਗਏ ਅਰਦਾਸ ਪ੍ਰੋਗਰਾਮ ਤਹਿਤ ਮਾਲਵੇ ਦੇ ਜਿਲਿਆਂ ਬਠਿੰਡਾ ਅਤੇ ਮਾਨਸਾ ਦੇ ਜਥੇ ਨਾਲ ਅੰਮ੍ਰਿਤਸਰ ਪਹੁੰਚੇ ਸਨ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜਿਲ੍ਹਾ ਬਠਿੰਡਾ ਦੇ ਪ੍ਰਧਾਨ ਸ ਭੋਲਾ ਸਿੰਘ ਗਿੱਲ ਪੱਤੀ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਥਕ ਮਰਿਆਦਾ ਅਨੁਸਾਰ ਹੁਕਮਨਾਮਾ ਜਾਰੀ ਕਰਨ ਵਾਲੇ ਜਥੇਦਾਰ ਸਾਹਿਬਾਨ ਦੀ ਕਿਰਦਾਰਕੁਸ਼ੀ ਕਰਨ ਲਈ ਜਿਸ ਤਰਾਂ ਗੁਰੂ ਘਰਾਂ ਦੀਆਂ ਸਰਾਵਾਂ, ਗੁਰੂ ਕੀ ਗੋਲਕ ਦੀ ਮਾਇਆ ਅਤੇ ਕਮੇਟੀ ਪ੍ਰਬੰਧਾਂ ਦੀ ਦੁਰਵਰਤੋਂ ਕੀਤੀ ਗਈ ਹੈ, ਸੰਗਤਾਂ ਉਸ ਸਾਰੀ ਸਾਜਿਸ਼ ਤੋਂ ਬਹੁਤ ਹੀ ਦੁਖੀ ਹਨ। ਸੰਗਤਾਂ ਦੀਆਂ ਅਜਿਹੀਆਂ ਭਾਵਨਾਵਾਂ ਨੂੰ ਮੁੱਖ ਰੱਖ ਕੇ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁੱਖ ਅਰਦਾਸ ਕਰਨ ਦਾ ਸਿਲਸਿਲਾ ਆਰੰਭ ਕੀਤਾ ਗਿਆ ਹੈ। ਜਿਸਦਾ ਮਕਸਦ ਗੁਰਦੁਆਰਾ ਸੁਧਾਰ ਲਹਿਰ 2 ਤਹਿਤ ਗੁਰੂ ਘਰਾਂ ਨੂੰ ਅਜੋਕੇ ਮਹੰਤਾਂ ਤੋਂ ਆਜਾਦ ਕਰਾਉਣਾ ਹੈ। ਸਾਰੇ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਨ ਤੋਂ ਬਾਦ ਮੀਡੀਆ ਨਾਲ ਗੱਲਬਾਤ ਕਰਦਿਆਂ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਮਹੰਤਾਂ ਤੋਂ ਗੁਰੂ ਘਰਾਂ ਨੂੰ ਆਜਾਦ ਕਰਾਉਣ ਵਾਲੀ ਇਸ ਮੁਹਿੰਮ ਦਾ ਹਿੱਸਾ ਬਣਨ ਤਾਂ ਜੋ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਨੂੰ ਬਾਰ ਬਾਰ ਚੈਲੇਂਜ ਕਰਨ ਵਾਲੇ ਇਹਨਾਂ ਗੁਰੂ ਦੋਖੀਆਂ ਤੋਂ ਖਹਿੜਾ ਛੁਡਾਇਆ ਜਾ ਸਕੇ। ਅੱਜ ਦੇ ਇਸ ਜਥੇ ਵਿੱਚ ਉਪਰੋਕਤ ਦੋਹਾਂ ਆਗੂਆਂ ਤੋਂ ਇਲਾਵਾ ਸ ਦੀਵਾਨ ਸਿੰਘ ਡਿੱਖ, ਸ ਸੁਖਵਿੰਦਰ ਸਿੰਘ ਸਰਦੂਲਗੜ੍ਹ, ਸ ਸੁਖਮਨਦੀਪ ਸਿੰਘ ਬਠਿੰਡਾ, ਸ ਮਲਕੀਤ ਸਿੰਘ ਸਮਾਉਂ, ਸ ਅਮਨਦੀਪ ਸਿੰਘ ਭਲਾਈ ਕੇ, ਸ ਸੁਰਜੀਤ ਸਿੰਘ ਬੋਪਾਰਾਏ, ਸ ਭੁਪਿੰਦਰ ਸਿੰਘ ਸੇਮਾ, ਸ ਚਰਨਜੀਤ ਸਿੰਘ ਬਠਿੰਡਾ, ਸ ਅਬਰਿੰਦਰ ਸਿੰਘ ਚਾਹਲ, ਸ ਹਰਜਿੰਦਰ ਸਿੰਘ ਭੰਗੂ ਸਰਦੂਲਗੜ੍ਹ, ਜਥੇਦਾਰ ਪਰਮਜੀਤ ਸਿੰਘ ਸਰਦੂਲਗੜ੍ਹ, ਸ ਸੁਦਾਗਰ ਸਿੰਘ ਰੱਲ੍ਹਾ, ਸ ਸਾਹਿਲ ਸਿੰਘ ਮਾਨਸਾ, ਸ ਸਤਨਾਮ ਸਿੰਘ ਭਲਾਈ ਕੇ, ਸ ਤਰਲੋਚਨ ਸਿੰਘ ਮਾਨਸਾ, ਸ ਹੈਪੀ ਸਿੰਘ ਸਮਾਉਂ ਅਤੇ ਸ ਗੁਰਸੇਵਕ ਸਿੰਘ ਸਮਾਉਂ ਸਮੇਤ ਦੋਹਾਂ ਜਿਲਿਆਂ ਦੇ ਸੈਂਕੜੇ ਵਰਕਰ ਅਤੇ ਆਗੂ ਮੌਜੂਦ ਸਨ। ਪ੍ਰੈੱਸ ਨੂੰ ਇਹ ਜਾਣਕਾਰੀ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਅਤੇ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

## ਸਵਿਸ ਵਿਦਿਆਰਥੀ ਡੈਨੀਕਨ ਗੁਰਦੁਆਰਾ ਸਾਹਿਬ ਵਿਖੇ

# ਸਿੱਖ ਇਤਿਹਾਸ, ਫਲਸਫੇ, ਗੁਰਬਾਣੀ ਕੀਰਤਨ ਅਤੇ ਲੰਗਰ ਨਾਲ ਹੋਏ ਰੂ-ਬ-ਰੂ



**ਨਵੀਂ ਦਿੱਲੀ 8 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)-** ਸਿੱਖ ਧਰਮ ਦੀਆਂ ਮਹਾਨ ਪਰੰਪਰਾਵਾਂ, ਇਤਿਹਾਸ, ਸੱਭਿਆਚਾਰ ਅਤੇ ਮਨੁੱਖਤਾ ਦੀ ਸੇਵਾ ਦੇ ਫਲਸਫੇ ਨੂੰ ਨੇੜਿਓਂ ਸਮਝਣ ਲਈ ਸਵਿਸ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਇੱਕ ਉੱਚ-ਪੱਧਰੀ ਵਫ਼ਦ ਨੇ ਡੈਨੀਕਨ ਸਥਿਤ ਗੁਰਦੁਆਰਾ ਸਾਹਿਬ ਦਾ ਵਿਸ਼ੇਸ਼ ਦੌਰਾ ਕੀਤਾ। ਪਿਛਲੇ ਕਈ ਸਾਲਾਂ ਤੋਂ ਚੱਲ ਰਹੀ ਇਸ ਸੁੰਦਰ ਰਵਾਇਤ ਤਹਿਤ ਪਹੁੰਚੇ ਵਫ਼ਦ ਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਥਾਨਕ ਸਿੱਖ ਸੰਗਤ ਵੱਲੋਂ ਨਿੱਘੇ ਮਾਹੌਲ ਵਿੱਚ ਸਵਾਗਤ ਕੀਤਾ ਗਿਆ। ਇਸ ਮੌਕੇ ਭਾਈ ਪ੍ਰਿਤਪਾਲ ਸਿੰਘ ਖਾਲਸਾ ਨੇ ਵਿਦਿਆਰਥੀਆਂ ਨੂੰ ਸਿੱਖੀ ਦੇ ਬੁਨਿਆਦੀ ਸਿਧਾਂਤਾਂ—ਨਾਮ ਜਪਣਾ, ਕਿਰਤ ਕਰਨੀ ਅਤੇ ਵੰਡ ਛਕਣਾ—ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰਬ-ਸਾਂਝੀਵਾਲਤਾ ਅਤੇ ਬਰਾਬਰੀ ਦੇ ਸੰਦੇਸ਼ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਸਿੱਖ ਇਤਿਹਾਸ ਵਿੱਚ ਧਰਮ, ਹੱਕ-ਸੱਚ ਅਤੇ ਮਨੁੱਖਤਾ ਦੀ ਰੱਖਿਆ ਲਈ ਦਿੱਤੀਆਂ ਮਹਾਨ ਕੁਰਬਾਨੀਆਂ ਬਾਰੇ ਵੀ ਵਿਸਥਾਰ ਨਾਲ ਚਾਨਣਾ ਪਾਇਆ। ਭਾਈ ਪ੍ਰਿਤਪਾਲ ਸਿੰਘ ਖਾਲਸਾ ਦੀ ਇਸ ਜਾਣਕਾਰੀ ਤੋਂ ਪ੍ਰਭਾਵਿਤ ਹੋ ਕੇ ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕਰਦਿਆਂ ਧੰਨਵਾਦ ਕੀਤਾ। ਦੌਰੇ ਦੌਰਾਨ ਵਿਦਿਆਰਥੀਆਂ ਨੇ ਗੁਰਦੁਆਰਾ ਸਾਹਿਬ ਦੀ ਮਰਯਾਦਾ ਨੂੰ ਨੇੜਿਓਂ ਦੇਖਣ ਦੇ ਨਾਲ ਹਜ਼ੂਰੀ ਰਾਗੀ ਭਾਈ ਪੂਰਨ ਸਿੰਘ ਅਤੇ ਭਾਈ ਅਮਰਜੀਤ ਸਿੰਘ ਦੇ ਜੱਥੇ ਵੱਲੋਂ ਕੀਤੇ ਜਾ ਰਹੇ ਰਸਭਿੰਨੇ ਗੁਰਬਾਣੀ ਕੀਰਤਨ ਦਾ ਸਰਵਣ ਕੀਤਾ। ਇਸ ਉਪਰੰਤ ਉਨ੍ਹਾਂ ਨੇ ਸਿੱਖ ਪੰਥ ਦੀ ਵਿਲੱਖਣ ਸੰਸਥਾ ਗੁਰੂ ਕਾ ਲੰਗਰ ਵਿੱਚ ਸੰਗਤ ਨਾਲ ਪੰਗਤ ਵਿੱਚ ਬੈਠ ਕੇ ਪ੍ਰਸ਼ਾਦਾ ਛਕਿਆ। ਇੱਥੇ ਕਿਸੇ ਵੀ ਜਾਤ, ਧਰਮ ਜਾਂ ਸਮਾਜਿਕ ਪਿਛੋਕੜ ਦਾ ਕੋਈ ਭੇਦ ਨਹੀਂ ਸੀ, ਜੋ ਸਿੱਖੀ ਦੀ ਬਰਾਬਰੀ ਅਤੇ ਸਾਂਝੀਵਾਲਤਾ ਦੀ ਭਾਵਨਾ ਦਾ ਪ੍ਰਤੱਖ ਰੂਪ ਸੀ। ਲੰਗਰ ਦੀ ਸੇਵਾ ਭਾਈ ਜਗਦੀਪ ਸਿੰਘ ਬਿੱਲਾ ਵੱਲੋਂ ਸ਼ਰਧਾ ਨਾਲ ਨਿਭਾਈ ਗਈ, ਜਦਕਿ ਸਮੁੱਚੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਭਾਈ ਕਰਨੈਲ ਸਿੰਘ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਮਹਿਮਾਨਨਿਵਾਜ਼ੀ, ਬਰਾਬਰੀ ਦੀ ਭਾਵਨਾ ਅਤੇ ਲੰਗਰ ਦੀ ਪਰੰਪਰਾ ਨੇ ਉਨ੍ਹਾਂ ਨੂੰ ਡੂੰਘਾਈ ਨਾਲ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਅਨੁਸਾਰ ਮਨੁੱਖਤਾ ਨੂੰ ਇੱਕ ਪਰਿਵਾਰ ਮੰਨਣ ਦਾ ਇਹ ਵਿਚਾਰ ਅੱਜ ਦੀ ਦੁਨੀਆ ਲਈ ਬੇਹੱਦ ਪ੍ਰੇਰਣਾਦਾਇਕ ਹੈ। ਗੁਰਦੁਆਰਾ ਕਮੇਟੀ ਦੇ ਪ੍ਰਬੰਧਕਾਂ ਨੇ ਕਿਹਾ ਕਿ ਸਵਿਸ ਯੂਨੀਵਰਸਿਟੀ ਦੇ ਵਿਦਿਆਰਥੀਆਂ ਦਾ ਪਿਛਲੇ ਕਈ ਸਾਲਾਂ ਤੋਂ ਇੱਥੇ ਲਗਾਤਾਰ ਆਉਣਾ ਵੱਖ-ਵੱਖ ਧਰਮਾਂ ਅਤੇ ਸੱਭਿਆਚਾਰਾਂ ਦਰਮਿਆਨ ਵਧ ਰਹੀ ਸਾਂਝ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਦੌਰੇ ਆਪਸੀ ਸਮਝ, ਸਤਿਕਾਰ, ਅਮਨ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਵਿਦਿਆਰਥੀਆਂ ਨੇ ਵੀ ਇਸ ਯਾਤਰਾ ਨੂੰ ਆਪਣੇ ਲਈ ਇੱਕ ਯਾਦਗਾਰ ਅਤੇ ਸਿੱਖਿਆਦਾਇਕ ਤਜਰਬਾ ਦੱਸਿਆ। ਦੌਰੇ ਦੇ ਅੰਤ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਯਾਦਗਾਰੀ ਸਨਮਾਨ ਦੇ ਕੇ ਵਿਦਾਇਗੀ ਦਿੱਤੀ ਗਈ। ਇਸ ਤਰ੍ਹਾਂ ਡੈਨੀਕਨ ਗੁਰਦੁਆਰਾ ਸਾਹਿਬ ਦਾ ਇਹ ਦੌਰਾ ਸਿੱਖ ਧਰਮ ਦੀ ਸੇਵਾ, ਸਾਂਝੀਵਾਲਤਾ, ਬਰਾਬਰੀ ਅਤੇ ਮਨੁੱਖਤਾ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਨਵੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਵਾਲਾ ਸਾਰਥਕ ਉਪਰਾਲਾ ਬਣਿਆ।

**ਸਿੱਖ ਧਰਮ ਦੇ ਸਰਬੱਤ ਦੇ ਭਲੇ ਦੇ ਸੰਦੇਸ਼ ਨੇ ਉਨ੍ਹਾ ਦਾ ਮੋਹਿਆ ਮਨ**

## ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ 10 ਅਕਤੂਬਰ ਪਠਾਨਕੋਟ 'ਚ ਲੋਕਾਂ ਨੂੰ ਜਾਵੇਗਾ ਸੁਣਿਆ: ਗਿੱਲ

# ਬਾਅਦ ਦੁਪਹਿਰ 2:30 ਤੋਂ ਲੈਕੇ 4 ਵਜੇ ਤੱਕ ਚੱਲੇਗੀ ਸੁਣਵਾਈ




ਚੌਂਕ ਮਹਿਤਾ,8,ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਲੋੜਵੰਦ ਪੀੜਤ ਪ੍ਰੀਵਾਰਾਂ ਤੱਕ ਸਿੱਧੀ ਪਹੁੰਚ ਕਰਕੇ ਮੌਕੇ ਤੇ ਹੀ ਸੁਣਵਾਈ ਨੂੰ ਯਕੀਨੀ ਬਣਾਉਂਣ ਲਈ 10 ਅਕਤੂਬਰ ਨੂੰ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਪਠਾਨਕੋਟ ਵਿੱਚ ਪੀੜਤ ਪ੍ਰੀਵਾਰਾਂ ਦੀ ਕਰੇਗਾ ਸੁਣਵਾਈ। ਦੱਸਣਾ ਬਣਦਾ ਹੈ ਕਿ ਪ੍ਰਸਾਸ਼ਿਨਕ ਅਮਲੇ ਫੈਲੇ ਦੁਆਰਾ ਜਿੰਨ੍ਹਾ ਲੋਕਾਂ ਨੂੰ ਅਣ-ਸੁਣਿਆਂ ਕੀਤਾ ਗਿਆ ਹੈ ਉਨ੍ਹਾ ਲੋਕਾਂ ਨੂੰ ਸੁਣਨ ਵਾਸਤੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮਾਣਯੋਗ ਮੈਂਬਰ ਸ੍ਰ ਜਤਿੰਦਰ ਸਿੰਘ ਸ਼ੰਟੀ 10 ਅਕਤੂਬਰ 2026 ਨੂੰ ਜ਼ਿਲ੍ਹਾ ਪਠਾਨਕੋਟ ਵਿਖੇ ਉਪਨ ਹੈਰਿੰਗ ਸੀਟਿੰਗ ਕੈਂਪ ਦਿਨ ਸ਼ਨੀਵਾਰ ਨੂੰ ਪ੍ਰਤਾਪ ਵਰਲਡ ਸਕੂਲ ਡਿਫੈਂਸ ਰੋਡ ਵਿਖੇ ਸਮਾਂ 2:30 ਵਜੇ ਤੋਂ ਸੁਣਵਾਈ ਸ਼ੁਰੂ ਕਰਨਗੇ। ਮਨੱਖੀ ਅਧਿਕਾਂਰਾਂ ਦੇ ਰਾਖੇ ਅਤੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ ਸਤਨਾਮ ਸਿੰਘ ਗਿੱਲ ਨੇ ਲੋਕ ਹਿੱਤ 'ਚ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਇਥੇਂ ਮਿਲਣੀ ਦੌਰਾਨ ਦੱਸਿਆ ਹੈ ਕਿ ਸ੍ਰ ਜਤਿੰਦਰ ਸਿੰਘ ਸ਼ੰਟੀ ਸ਼ਾਮ ਦੇ 4 ਵਜੇ ਤੱਕ ਜ਼ਿਲ੍ਹਾ ਪਠਾਨਕੋਟ 'ਚ ਲੋਕਾਂ ਨੂੰ ਸੁਣਨਗੇ। ਉਨ੍ਹਾ ਨੇ ਦੱਸਿਆ ਕਿ ਕੀਤੀਜਾਣ ਵਾਲੀ ਸੁਣਵਾਈ ਦੀ ਸਿੱਟਾ ਰਿਪੋਰਟ ਬਾਰੇ ਖੁਲਾਸਾ ਕਰਨ ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮਾਣਯੋਗ ਮੈਂਬਰ ਸ੍ਰ ਜਤਿੰਦਰ ਸਿੰਘ ਸ਼ੰਟੀ ਸੁਣਵਾਈ ਦੌਰਾਨ ਹੱਲ ਕੀਤੇ ਮਸਲਿਆਂ ਪੈਂਡਿਗ ਮਾਮਲਿਆਂ ਅਤੇ ਅਗਲੀ ਸੁਣਵਾਈ ਲਈ ਜਾਰੀ ਕੀਤੇ ਜਾਣ ਵਾਲੇ ਨੋਟਿਸਾਂ ਬਾਰੇ ਸਥਾਨਕ ਪ੍ਰੈਸ ਨੂੰ ਮੁਕੰਮਲ ਤੌਰ 'ਤੇ ਜਾਣਕਾਰੀ ਦੇਣਗੇ। ਪ੍ਰਧਾਨ ਸ ਸਤਨਾਮ ਸਿੰਘ ਗਿੱਲ ਨੇ ਅੱਜ ਇਥੇਂ ਜਨਤਕ ਹਿੱਤ 'ਚ ਪ੍ਰੈਸ ਰਾਹੀਂ ਪਠਾਨਕੋਟ ਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਜੋ ਵੀ ਲੋਕ ਸਰਕਾਰੀ ਦਫਤਰਾਂ 'ਚ ਚੱਕਰ ਮਾਰ ਮਾਰ ਕੇ ਅੱਕ-ਥੱਕ ਗਏ ਹਨ।ਜਿੰਨ੍ਹਾ ਦੀ ਸੁਣਵਾਈ ਕਿਤੇ ਵੀ ਨਹੀਂ ਹੋ ਰਹੀ ਹੈ ਉਹ ਲੋਕ ਨਵੀਆਂ ਅਰਜ਼ੀਆਂ ਕੰਪਿਊਟਰ ਤੋਂ ਟਾਇਪ ਕਰਵਾ ਕੇ ਨਾਲ ਆਪਣੇ ਆਧਾਰ ਕਾਰਡ ਦੀਆਂ ਫੋਟੋ ਕਾਪੀਆਂ ਅਰਜ਼ੀ ਦੇ ਨਾਲ 'ਅਟੈਚ' ਕਰਕੇ ਦਰਸਾਏ ਸਥਾਨ ਜਿਥੇ ਇਹ ਸੁਣਵਾਈ ਹੋਣੀ ਹੈ ਉਥੇਂ ਪਹੁੰਚ ਕੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਾਹਮਣੇ ਪੇਸ਼ ਹੋ ਸਕਦੇ ਹਨ। ਵੱਖਰੇ ਬਿਆਨ 'ਚ ਸਤਨਾਮ ਸਿੰਘ ਗਿੱਲ ਨੇ ਪੀੜਤ ਅਤੇ ਪ੍ਰਭਾਵਿਤ ਲੋਕਾਂ ਨੂੰ ਜਾਗਰੂਕ ਕਰਦਿਆਂ ਸੂਚਿਤ ਕੀਤਾ ਹੈ ਕਿ ਅਦਾਲਤ 'ਚ ਚੱਲਦੇ ਕੇਸ ਕਮਿਸ਼ਨ 'ਚ ਸੁਣਵਾਈ ਅਧੀਨ ਨਹੀਂ ਲਿਆਂਦੇ ਜਾਣਗੇ।ਇਸ ਲਈ ਮਹਿਕਮੇਂ 'ਚ ਪੈਂਡਿੰਗ ਮਾਮਲਿਆਂ ਦੀ ਪੈਰਵਾਈ ਕਰਨ ਵਾਲੇ ਲੋਕ ਹੀ ਕਮਿਸ਼ਨ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਕਮਿਸ਼ਨ ਦੀਆਂ ਸੇਵਾਂਵਾਂ ਪ੍ਰਾਪਤ ਕਰ ਸਕਦੇ ਹਨ।

**☛ ਮਾਣਯੋਗ ਮੈਂਬਰ ਸ ਜਤਿੰਦਰ ਸਿੰਘ ਸ਼ੰਟੀ ਕਰਨਗੇ ਖੁੱਲ੍ਹੇਆਮ ਸੁਣਵਾਈ ☛ ਮੌਕੇ ਤੇ ਕੀਤੇ ਜਾਣਗੇ ਸ਼ਿਕਾਇਤਾਂ ਦੇ ਨਿਪਟਾਰੇ**

# ਪੰਜਾਬ ਪ੍ਰਦੇਸ਼ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਨਾਲ ਕਾਂਗਰਸ ਹੋਵੇਗੀ ਮਜਬੂਤ: ਗੋਲਡੀ ਖੰਗੂੜਾ



**ਧੂਰੀ ( ਰਣਜੀਤ ਸਿੰਘ ਪੇਧਨੀ )-** ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਪੰਜਾਬ ਕਾਂਗਰਸ ਕਾਂਗਰਸ ਨੂੰ ਆਗਾਮੀ ਵਿਧਾਨ ਸਭਾ ਚੋਣਾਂ ਲਈ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੀ ਰਣਨੀਤੀ ਨਾਲ ਪ੍ਰਗਟ ਸਿੰਘ ਨੂੰ ਪ੍ਰਧਾਨ ਬਣਾਉਣਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਮਿਲਣ ਨਾਲ ਪੰਜਾਬ ਦੇ ਕਾਂਗਰਸੀ ਵਰਕਰਾਂ ਵਿੱਚ ਖੁਸ਼ੀ ਦਾ ਮਹੌਲ ਹੈ। ਉਹਨਾਂ ਕਿਹਾ ਕਿ ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਪੰਜਾਬ ਕਾਂਗਰਸ ਹੋਰ ਮਜਬੂਤ ਹੋਵੇਗੀ ਅਤੇ 2027 ਵਿੱਚ ਕਾਂਗਰਸ ਦੀ ਸਰਕਾਰ ਬਣਾਏਗੀ ਕਿਉਂਕਿ ਇੱਕ ਕਪਤਾਨ ਨੂੰ ਪਤਾ ਹੁੰਦਾ ਕਿ ਮੈਚ ਕਿਵੇਂ ਜਿੱਤਣਾ ਹੈ ਜੋ ਕਿ ਸਾਡੇ ਨਵੇਂ ਪੰਜਾਬ ਪ੍ਰਧਾਨ ਕਾਂਗਰਸ ਸਾ ਪਰਗਟ ਸਿੰਘ ਦਾ ਸਿਆਸੀ ਤਜ਼ਰਬਾ, ਖੇਡ ਖੇਤਰ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸੰਗਠਨਾਤਮਕ ਸਮਰੱਥਾ ਪਾਰਟੀ ਲਈ ਲਾਹੇਵੰਦ ਸਾਬਤ ਹੋਵੇਗੀ। ਉਨਾ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਤੇ ਪ੍ਰੋਗਰਾਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਤੇ ਜਨਤਾ ਨਾਲ ਸਿੱਧਾ ਸੰਪਰਕ ਵਧਾਉਣਾ ਉਹਨਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਨੇ ਉਮੀਦ ਕੀਤੀ ਕਿ ਪਾਰਟੀ ਦੇ ਆਗੂ ਤੇ ਵਰਕਰ ਏਕਤਾ ਅਤੇ ਪੂਰੀ ਮਿਹਨਤ ਨਾਲ 2027 ਦੀਆਂ ਚੋਣਾਂ ਲਈ ਤਿਆਰੀ ਕਰਨਗੇ।

# ਥਾਣਾ ਮਹਿਤਾ ਚੌਂਕ ਦੀ ਪੁਲਿਸ ਵੱਲੋਂ ਦੋ ਵੱਖ-ਵੱਖ ਕੇਸਾਂ ਵਿੱਚ ਹੈਰੋਇਨ ਅਤੇ ਨਸ਼ੀਲੀਆਂ ਗੋਲੀਆਂ ਸਮੇਤ ਤਿੰਨ ਵਿਅਕਤੀ ਗ੍ਰਿਫਤਾਰ-ਪਰਚਾ ਦਰਜ



**ਚੌਂਕ ਮਹਿਤਾ, 8 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਮਾਨਯੋਗ ਐਸ.ਐਸ.ਪੀ ਸ੍ਰੀ ਕਵਲਪ੍ਰੀਤ ਸਿੰਘ ਚਾਹਲ ਅੰਮ੍ਰਿਤਸਰ ਦਿਹਾਤੀ ਦੇ ਹੁਕਮਾਂ ਅਤੇ ਡੀਐਸਪੀ ਬਲਜੀਤ ਸਿੰਘ ਜੰਡਿਆਲਾ ਗੁਰੂ ਦੇ ਦਿਸ਼ਾ ਨਿਰਦੇਸ਼ਾਂ ਹੇਠ ਭੈੜੇ ਪੁਰਸ਼ਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਵਿੱਡੀ ਮੁਹਿੰਮ ਤਹਿਤ ਥਾਣਾ ਮਹਿਤਾ ਚੌਂਕ ਦੇ ਐਸ.ਐਚ.ਓ ਇੰਸਪੈਕਟਰ ਸਿਮਰਨਜੀਤ ਕੌਰ ਦੀ ਯੋਗ ਅਗਵਾਈ ਹੇਠ ਪੁਲਿਸ ਪਾਰਟੀ ਵੱਲੋਂ ਐਫ ਆਈ ਆਈ ਨੰਬਰ 172-4/10/26 ਤਹਿਤ ਦੋਸ਼ੀ ਅਮਨਦੀਪ ਸਿੰਘ ਪੁੱਤਰ ਅਮਰੀਕ ਰਾਮ ਵਾਸੀ ਪਿੰਡ ਘਨਸਾਮਪੁਰ ਹਲਕਾ ਮਜੀਠਾ ਅਤੇ ਮਹਿਕਦੀਪ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਦਨਿਆਲ ਹਲਕਾ ਜੰਡਿਆਲਾ ਹਾਲ ਵਾਸੀ ਪਿੰਡ ਚੂੰਗ ਦੋਵਾਂ ਦੋਸ਼ੀਆਂ ਪਾਸੋਂ ਚਾਰ ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ਗਿਆ। ਇਸੇ ਤਰ੍ਹਾਂ ਐਫ ਆਈ ਆਰ ਨੰਬਰ 173--7/10/26 ਲਵਜੀਤ ਸਿੰਘ ਲਾਡਾ ਪੁੱਤਰ ਦਲਵੀਰ ਸਿੰਘ ਵਾਸੀ ਪਿੰਡ ਬੁੱਟਰ ਕਲਾਂ ਨੂੰ ਗ੍ਰਿਫਤਾਰ ਕੀਤਾ ਗਿਆ ਜਿਸ ਪਾਸੋਂ ਤਲਾਸ਼ੀ ਦੌਰਾਨ 45 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਉਕਤ ਦੋਸ਼ੀਆਂ ਵਿਰੁੱਧ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ਗਿਆ।

# ਸਿਵਲ ਸੁਸਾਇਟੀ ਤਲਵਾੜਾ ਵੱਲੋਂ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਪੁਤਲਾ ਫੂਕ ਰੋਸ ਪ੍ਰਦਰਸ਼ਨ

**ਤਲਵਾੜਾ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)-**ਸਥਾਨਕ ਮਹਾਰਾਣਾ ਚੌਂਕ 'ਤੇ ਸਿਵਲ ਸੁਸਾਇਟੀ ਤਲਵਾੜਾ ਨੇ ਵੋਟ ਚੋਰੀ ਮਾਮਲੇ 'ਚ ਮੁੱਖ ਚੋਣ ਕਮਿਸ਼ਨਰ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਪੁਤਲਾ ਫੂਕ ਪ੍ਰਦਰਸ਼ਨ ਕੀਤਾ। ਓਮ ਦੱਤ ਸ਼ਰਮਾ ਅਤੇ ਕੁੰਦਨ ਲਾਲ ਦੀ ਅਗਵਾਈ ਹੇਠ ਇਕੱਤਰ ਸੁਸਾਇਟੀ ਮੈਂਬਰਾਂ ਨੇ ਵੋਟ ਚੋਰੀ ਮਾਮਲੇ 'ਚ ਘਿਰੇ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਬਰਖਾਸਤ ਕਰਕੇ ਜ਼ੇਲ੍ਹ 'ਚ ਸੁੱਟਣ ਦੀ ਮੰਗ ਕੀਤੀ, ਉੱਥੇ ਹੀ ਦੇਸ਼ ਭਰ 'ਚ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਇਸ਼ਾਰੇ 'ਤੇ ਚੋਣ ਕਮਿਸ਼ਨਰ ਵੱਲੋਂ ਕੀਤੀ ਜਾ ਰਹੀ ਚੋਣ ਸੂਚੀਆਂ ਦੀ ਵਿਆਪਕ ਸੁਧਾਈ (ਐਸਆਈਆਰ) ਨੂੰ ਤੁਰੰਤ ਬੰਦ ਕਰਨ ਅਤੇ ਦਿੱਲੀ ਜੰਤਰ ਮੰਤਰ 'ਤ ਮਹਿਲਾ ਪੱਤਰਕਾਰਾਂ, ਨੌਜਵਾਨ ਲੜਕੀਆਂ ਨਾਲ ਬਦਸਲੂਕੀ ਕਰਨ ਵਾਲੇ ਪੁਲੀਸ ਅਧਿਕਾਰੀਆਂ ਖ਼ਿਲਾਫ਼ ਤੁਰੰਤ ਮਾਮਲਾ ਦਰਜ ਕਰਨ ਅਤੇ ਜੰਤਰ ਮੰਤਰ ਵਿਖੇ ਵਿਰੋਧ ਪ੍ਰਦਰਸ਼ਨ ਰੋਕਣ ਲਈ ਕੀਤੀ ਨਾਕੇਬੰਦੀ ਖਤਮ ਕਰਨ ਦੀ ਮੰਗ ਕੀਤੀ। ਦਸੂਹਾ ਬਸਪਾ ਇੰਚਾਰਜ ਬੰਟੀ ਬਾਜ,ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਬੋਧ ਰਾਜ, ਦੀਪਕ ਠਾਕੁਰ ਆਦਿ ਨੇ ਕਿਹਾ ਕਿ ਭਾਰਤੀ ਸਵਿੰਧਾਨ ਦੇਸ਼ ਅੰਦਰ ਜਨਮੇ ਹਰ 18 ਸਾਲ ਦੇ ਬਾਲਗ ਨੂੰ ਵੋਟ ਦਾ ਅਧਿਕਾਰ ਦਿੰਦਾ ਹੈ, ਪਰ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਇਸ਼ਾਰੇ 'ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਨਵੀਂ ਵੋਟ ਬਣਾਉਣ ਵਾਲੇ ਫਾਰਮ 6 ਵਿੱਚ ਬੇਲੋੜੀਆਂ ਮਦਾਂ ਪਾ ਕੇ ਨੌਜਵਾਨ ਵੋਟਰਾਂ ਤੋਂ ਵੋਟ ਦਾ ਸਵਿੰਧਾਨਕ ਹੱਕ ਖੋਹ ਲਿਆ ਹੈ। ਇਸੇ ਤਰ੍ਹਾਂ ਐਸਆਈਆਰ ਦੀ ਆੜ 'ਚ ਰਾਸ਼ਟਰੀ ਸਵੈਮ ਸੇਵਕ ਸੰਘ ਸੇਧਿਤ ਭਾਜਪਾ ਸਰਕਾਰ ਨੇ ਦੇਸ਼ ਦੇ ਕਰੋੜਾਂ ਲੋਕਾਂ ਦੀ ਵੋਟ ਕੱਟ ਦਿੱਤੀ ਹੈ। ਜਿਸ ਦੇ ਖ਼ਿਲਾਫ਼ ਸੁਪਰੀਮ ਕੋਰਟ ਦੇ ਸਾਬਕਾ ਅਤੇ ਮੌਜੂਦਾ ਜੱਜਾਂ ਤੋਂ ਇਲਾਵਾ ਵਕੀਲ ਸੰਗਠਨਾਂ, ਨੌਕਰ ਸ਼ਾਹਾਂ, ਬੁੱਧੀਜੀਵੀਆਂ ਆਦਿ ਨੇ ਪ੍ਰਧਾਨ ਮੰਤਰੀ ਤੇ ਰਾਸ਼ਟਰਪਤੀ ਨੂੰ ਪੱਤਰ ਲਿਖੇ ਹਨ। ਜਦਕਿ ਵਿਰੋਧੀ ਧਿਰ ਸੜਕ ਤੋਂ ਲੈ ਕੇ ਸੰਸਦ ਤੱਕ ਲਗਾਤਾਰ ਸੰਘਰਸ਼ ਕਰ ਰਹੀ ਹੈ। ਦੇਸ਼ ਦੀ ਨੌਜਵਾਨ ਪੀੜ੍ਹੀ ਚੋਣ ਕਮਿਸ਼ਨਰ ਦੀ ਵਧੀਕੀ ਖ਼ਿਲਾਫ਼ ਸੜਕਾਂ 'ਤੇ ਹੈ।

### ਹਾੜ੍ਹੀ ਦੀਆਂ ਫਸਲਾਂ ਲਈ ਜ਼ਿਲ੍ਹਾ ਪੱਧਰੀ

# ਕਿਸਾਨ ਸਿਖਲਾਈ ਕੈਂਪ ਤੇ ਖੇਤੀ ਪ੍ਰਦਰਸ਼ਨੀਆਂ ਆਯੋਜਿਤ




**ਜੰਡਿਆਲਾ ਗੁਰੂ 8 ਅਕਤੂਬਰ (ਕੁਲਵੰਤ ਸਿੰਘ ਵਿਰਦੀ )**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਹਾੜ੍ਹੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਅੱਜ ਇੰਦਰ ਫਾਰਮ, ਜੰਡਿਆਲਾ ਗੁਰੂ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਇਹ ਕੈਂਪ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ, ਡਾਇਰੈਕਟਰ ਖੇਤੀਬਾੜੀ ਡਾ. ਗੁਰਜੀਤ ਸਿੰਘ ਬਰਾੜ ਅਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਕੈਂਪ ਦਾ ਉਦਘਾਟਨ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਰੁਪਿੰਦਰਪਾਲ ਸਿੰਘ ਅਤੇ ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਸ੍ਰੀ ਅਮਰਜੀਤ ਸਿੰਘ ਦੁਸਾਂਝ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਖੇਤੀ ਮਾਹਿਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਕਿਸਾਨ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਮਿੱਟੀ ਦੀ ਜਾਂਚ ਅਤੇ ਖੇਤੀ ਮਾਹਿਰਾਂ ਦੀ ਸਿਫ਼ਾਰਸ਼ ਅਨੁਸਾਰ ਹੀ ਕਰਨ। ਉਨ੍ਹਾਂ ਕਿਹਾ ਕਿ ਕਿਸਾਨ ਖੇਤੀਬਾੜੀ ਵਿਭਾਗ ਵੱਲੋਂ ਲਗਾਏ ਜਾ ਰਹੇ ਸਿਖਲਾਈ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਆਧੁਨਿਕ ਖੇਤੀ ਤਕਨੀਕਾਂ ਦੀ ਜਾਣਕਾਰੀ ਹਾਸਲ ਕਰਨ।ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣ ਲਈ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਨਾਲ ਕਿਸਾਨਾਂ ਨੂੰ ਵੱਡੀ ਸਹੂਲਤ ਮਿਲੀ ਹੈ। ਉਨ੍ਹਾਂ ਕਿਸਾਨਾਂ ਨੂੰ ਖੇਤੀ ਦੇ ਨਾਲ ਸਹਾਇਕ ਧੰਦੇ ਅਪਣਾਉਣ ਲਈ ਵੀ ਪ੍ਰੇਰਿਤ ਕੀਤਾ, ਤਾਂ ਜੋ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ।ਕੈਂਪ ਦੌਰਾਨ ਖੇਤੀ ਮਾਹਿਰਾਂ ਨੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੰਦਿਆਂ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਜਾਂ ਸੁਚੱਜੇ ਢੰਗ ਨਾਲ ਸੰਭਾਲ ਕੇ ਅਗਲੀ ਫਸਲ ਦੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਿਤ ਹੋਣ ਦੇ ਨਾਲ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ।ਇਸ ਮੌਕੇ ਖੇਤੀਬਾੜੀ, ਗੰਨਾ, ਡੇਅਰੀ, ਭੂਮੀ ਰੱਖਿਆ, ਕੇ.ਵੀ.ਕੇ., ਖਾਦ, ਬੀਜ ਅਤੇ ਦਵਾਈਆਂ ਨਾਲ ਸਬੰਧਤ ਵਿਭਾਗਾਂ ਤੇ ਸੰਸਥਾਵਾਂ ਵੱਲੋਂ ਖੇਤੀ ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਕਿਸਾਨਾਂ ਨੇ ਪ੍ਰਦਰਸ਼ਨੀਆਂ ਵਿੱਚ ਦਿਲਚਸਪੀ ਦਿਖਾਉਂਦਿਆਂ ਆਧੁਨਿਕ ਖੇਤੀ ਤਕਨੀਕਾਂ, ਫਸਲਾਂ ਦੀ ਕਾਸ਼ਤ ਅਤੇ ਸਹਾਇਕ ਧੰਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ।

**ਕਿਸਾਨ ਮਾਹਿਰਾਂ ਦੀ ਸਲਾਹ ਅਨੁਸਾਰ ਖਾਦਾਂ ਤੇ ਦਵਾਈਆਂ ਦੀ ਵਰਤੋਂ ਕਰਨ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ — ਹਰਭਜਨ ਸਿੰਘ ਈ.ਟੀ.ਓ.**

ਇਸ ਮੌਕੇ ਖੇਤੀ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਹਾੜ੍ਹੀ ਦੀਆਂ ਵੱਖ-ਵੱਖ ਫਸਲਾਂ ਦੀ ਬਿਜਾਈ, ਖਾਦਾਂ ਦੀ ਸੰਤੁਲਿਤ ਵਰਤੋਂ, ਕੀੜੇ-ਮਕੌੜਿਆਂ ਦੀ ਰੋਕਥਾਮ, ਮਿੱਟੀ ਦੀ ਸਿਹਤ ਅਤੇ ਟਿਕਾਊ ਖੇਤੀ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ। ਸੰਯੁਕਤ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਵੀ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ ਗਿਆ।

ਸਮਾਗਮ ਦੌਰਾਨ ਪਿਛਲੇ ਸਾਲਾਂ ਵਿੱਚ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਏ ਬਿਨਾਂ ਪਰਾਲੀ ਦੀ ਸੁਚੱਜੀ ਸੰਭਾਲ ਕਰਨ ਵਾਲੇ ਕਿਸਾਨਾਂ ਅਤੇ ਪਿੰਡ ਕੋਟਲਾ ਬਥੂੰਗੜ੍ਹ ਦੀ ਪੰਚਾਇਤ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕੀਤੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਮਾਰਕੀਟ ਕਮੇਟੀ ਗਹਿਰੀ ਦੇ ਚੇਅਰਮੈਨ ਸ੍ਰੀ ਹਰਪਾਲ ਸਿੰਘ ਚੌਹਾਨ, ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਸ੍ਰੀ ਲਖਵਿੰਦਰ ਸਿੰਘ, ਸ੍ਰੀ ਅਮਰੀਕ ਸਿੰਘ ਸੋਢੀ, ਸ੍ਰੀ ਜਗਰੂਪ ਸਿੰਘ ਗਿੱਲੀ, ਸ੍ਰੀ ਗੁਰਮੁਖ ਸਿੰਘ ਸਰਜਾ, ਸਰਪੰਚ ਸ੍ਰੀ ਗੁਰਦੀਪ ਸਿੰਘ ਸਮੇਤ ਖੇਤੀਬਾੜੀ ਵਿਭਾਗ ਦੇ ਅਧਿਕਾਰੀ, ਖੇਤੀ ਮਾਹਿਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

### ਪਿੰਡ ਮਲਕਪੁਰ ਦੀ ਸੰਗਤ

# ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਕਰੇਗੀ ਦਰਸ਼ਨ



ਜੰਡਿਆਲਾ ਗੁਰੂ 8 ਅਕਤੂਬਰ (ਕੁਲਵੰਤ ਸਿੰਘ ਵਿਰਦੀ ) - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮਲਕਪੁਰ ਤੋਂ ਹਲਕੇ ਦੀ 66ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਬੱਸ ਰਾਹੀਂ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰਵਾਏ ਜਾਣਗੇ।ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਤੀਰਥ ਯਾਤਰਾ ਸ਼ੁਰੂ ਕਰਕੇ ਬਜ਼ੁਰਗਾਂ ਦੀ ਤੀਰਥ ਯਾਤਰਾ ਕਰਨ ਦੀ ਮਨੋ-ਕਾਮਨਾਂ ਪੂਰੀ ਕੀਤੀ ਹੈ।ਉਨ੍ਹਾਂ ਕਿਹਾ ਕਿ ਇਹ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ।ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚ ਪੰਜ ਲੱਖ ਤੋਂ ਵੱਧ ਯਾਤਰੀ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਰੋਜ਼ਾਨਾ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਤੀਰਥ ਯਾਤਰਾ ਦੀਆਂ ਬੱਸਾਂ ਰਵਾਨਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਅੱਜ 66ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਤੀਰਥ ਯਾਤਰਾ ਕਰਨ ਵਾਲੇ ਬਜ਼ੁਰਗਾਂ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾ ਕੇ 'ਸਰਵਣ ਪੁੱਤਰ' ਦੀ ਭੂਮਿਕਾ ਨਿਭਾਈ ਹੈ।

**ਮਾਨ ਸਰਕਾਰ ਨੇ ਬਜ਼ੁਰਗਾਂ ਦੀ ਤੀਰਥ ਯਾਤਰਾ ਕਰਨ ਦੀ ਮਨੋ-ਕਾਮਨਾ ਪੂਰੀ ਕੀਤੀ 66ਵੀਂ ਤੀਰਥ ਯਾਤਰਾ ਬੱਸ ਸੰਗਤ ਨੂੰ ਲੈ ਕੇ ਰਵਾਨਾ - ਹਰਭਜਨ ਸਿੰਘ ਈ.ਟੀ.ਓ.**

# ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਵਲੋਂ ਪਿੰਡ ਜੀਵਨ ਸਿੰਘ ਵਾਲਾ ਦੇ ਕਾਂਗਰਸੀ ਵਰਕਰਾਂ ਨਾਲ ਕੀਤੀ ਨੁੱਕੜ ਮੀਟਿੰਗ



ਤਲਵੰਡੀ ਸਾਬੋ, 8 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪਿੰਡ ਜੀਵਨ ਸਿੰਘ ਵਾਲਾ ਵਿਖੇ ਕਾਂਗਰਸ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਨੂੰ ਲੈ ਕੇ ਇੱਕ ਨੁੱਕੜ ਮੀਟਿੰਗ ਕਰਵਾਈ ਗਈ। ਇਹ ਮੀਟਿੰਗ ਹਲਕਾ ਤਲਵੰਡੀ ਸਾਬੋ ਦੇ ਬਲਾਕ ਕਾਂਗਰਸ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨਾਲ ਕੀਤੀ ਗਈ। ਮੀਟਿੰਗ ਦੌਰਾਨ ਆਗਾਮੀ ਵਿਧਾਨ ਸਭਾ ਚੋਣਾਂ ਸਬੰਧੀ ਪਾਰਟੀ ਦੀਆਂ ਤਿਆਰੀਆਂ, ਜਥੇਬੰਦਕ ਸਰਗਰਮੀਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਪਿੰਡ ਪੱਧਰ 'ਤੇ ਵਰਕਰਾਂ ਦੀ ਭੂਮਿਕਾ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਆਗੂਆਂ ਅਤੇ ਵਰਕਰਾਂ ਨੇ ਚੋਣਾਂ ਨੂੰ ਲੈ ਕੇ ਆਪੋ-ਆਪਣੇ ਵਿਚਾਰ ਅਤੇ ਸੁਝਾਅ ਵੀ ਸਾਂਝੇ ਕੀਤੇ। ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਨਾਲ ਲਗਾਤਾਰ ਮੀਟਿੰਗਾਂ ਕਰਕੇ ਲੋਕਾਂ ਨਾਲ ਰਾਬਤਾ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਤਾਲਮੇਲ ਨਾਲ ਪਿੰਡਾਂ ਵਿੱਚ ਲੋਕਾਂ ਨਾਲ ਸੰਪਰਕ ਵਧਾਉਣ ਅਤੇ ਪਾਰਟੀ ਦੀ ਮਜ਼ਬੂਤੀ ਲਈ ਸਰਗਰਮੀ ਨਾਲ ਕੰਮ ਕਰਨ। ਮੀਟਿੰਗ ਵਿੱਚ ਮੌਜੂਦ ਵਰਕਰਾਂ ਵੱਲੋਂ ਵੀ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਨੂੰ ਲੈ ਕੇ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੇ ਸਥਾਨਕ ਆਗੂ ਅਤੇ ਜਗਤਾਰ ਸਿੰਘ ਮੈਨੂੰਆਣਾ, ਰਣਬੀਰ ਸਿੰਘ ਸ਼ੇਖਪੁਰਾ ਜਿਲਾ ਵਾਈਸ ਪ੍ਰਧਾਨ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਮੇਜਰ ਸਿੰਘ ਜਗਾ ਰਾਮ ਤੀਰਥ, ਵਿਕਾਸ ਸ਼ਰਮਾ ਤਲਵੰਡੀ, ਬਲਜੀਤ ਸਿੰਘ ਭਾਗੀਵਾਂਦਰ ਯੂਥ ਆਗੂ ਤਲਵੰਡੀ ਆਦਿ ਹਾਜ਼ਰ ਸਨ।

# ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆਂ ਦੀ ਹੋਈ ਨੈਸਨਲ ਪੱਧਰ ਖੇਡਾਂ ਲਈ ਚੋਣ

### ਹੈਦਰਾਵਾਦ ਵਿਖੇ ਹੋਣ ਵਾਲੀਆਂ ਖੇਡਾਂ ਵਿੱਚ ਸਾਡੇ ਸਕੂਲ ਦਾ ਸਾਹਿਬਦੀਪ ਸਿੰਘ ਕਰੇਗਾ ਅੱਛਾ ਖੇਡ ਪ੍ਰਦਰਸ਼ਨ (ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ )







**ਬਰਨਾਲਾ -(ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਵਿਦਿਆਰਥੀ ਸਾਹਿਬਦੀਪ ਸਿੰਘ ਨੇ 20ਵੀ ਕੌਮੀ ਅੰਤਰ ਜਿਲ੍ਹਾ ਜੂਨੀਅਰ ਐਥਲੈਟਿਕਸ ਮੀਟ ਵਿੱਚ ਜਿੱਤ ਪ੍ਰਾਪਤ ਕਰ ਕੇ ਅਪਣਾ ਨਾਮ ਨੈਸਨਲ ਪੱਧਰ ਤੇ ਹੈਦਰਾਬਾਦ ਵਿੱਚ ਹੋਣ ਵਾਲੀਆਂ ਖੇਡਾਂ ਲਈ ਦਰਜ ਕੀਤਾ। ਸਾਹਿਬਦੀਪ ਸਿੰਘ ਨੇ ਪੁਜੀਸ਼ਨਾਂ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਸਟਾਫ ਵੱਲੋਂ ਬੱਚੇ ਸਾਹਿਬਦੀਪ ਸਿੰਘ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਤੇ ਅੱਗੇ ਵਧਣ ਲਈ ਥਾਪੜਾ ਦਿੱਤਾ, ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਨੇ ਕਿਹਾ ਕਿ ਸਾਨੂੰ ਬੱਚਿਆਂ ਤੇ ਬਹੁਤ ਮਾਣ ਹੈ, ਇਹਨਾਂ ਬੱਚਿਆਂ ਤੇ ਜੋ ਪੜ੍ਹਾਈ ਦੇ ਨਾਲ ਨਾਲ ਖੇਡਾਂ ਦੇ ਖੇਤਰ ਵਿਚ ਬਹੁਤ ਵੱਡੀਆਂ ਮੱਲਾਂ ਮਾਰ ਰਹੇ ਹਨ। ਉਹਨਾਂ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀ ਹਰੇਕ ਖੇਡ ਮੁਕਾਬਲੇ ਵਿੱਚ ਚੰਗਾ ਪ੍ਰਦਰਸ਼ਨ ਕਰਦੇ ਆ ਰਹੇ ਹਨ। ਸਕੂਲ ਦੇ ਵਿਦਿਆਰਥੀ ਪਹਿਲਾਂ ਵੀ ਖੇਡਾਂ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰ ਕੇ ਨੈਸਨਲ ਪੱਧਰ ਤੇ ਨਾਮ ਬਣਾ ਚੁੱਕੇ ਹਨ ਇਸ ਮੌਕੇ ਸਕੂਲ ਸਟਾਫ਼ ਮੈਡਮ ਗੁਰਪ੍ਰੀਤ ਕੌਰ ,ਮੈਡਮ ਆਸ਼ੂ ਵਰਮਾ ,ਰਮਨਜੀਤ ਕੌਰ, ਪ੍ਰਦੀਪ ਕੌਰ, ਅਮਨਦੀਪ ਕੌਰ, ਹਰਪ੍ਰੀਤ ਕੌਰ, ਲਵਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਮਨਦੀਪ ਕੌਰ, ਰਜਨੀਸ਼ ਕੌਰ,ਸੁਖਮੀਤ ਕੌਰ ,ਲਛਮਨੀ ,ਅਤੇ ਵਿਦਿਆਰਥੀਆਂ ਹਾਜ਼ਿਰ ਸਨ।

### ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਵੱਲੋਂ

# ਸੇਵਾ ਮੁਕਤ ਸੁਪਰਡੈਂਟ ਗੁਰਸੇਵਕ ਸਿੰਘ ਵਿਲਖੂ ਸਨਮਾਨਿਤ—ਦੜਿਆਲਾ



ਫ਼ਿਰੋਜ਼ਪੁਰ, 08 ਅਕਤੂਬਰ (ਮਨੋਹਰ ਲਾਲ) :— ਸਮਾਜ ਸੇਵੀ ਕਾਰਜਾਂ ਵਿੱਚ ਹਮੇਸ਼ਾ ਅੱਗੇ ਰਹਿਣ ਵਾਲ਼ੀ ਸੰਸਥਾ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ: 140 ਪੰਜਾਬ ਵੱਲੋਂ ਅੱਜ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਹਡ ਫਿਰੋਜ਼ਪੁਰ ਤੋਂ ਸੁਪਰਡੈਂਟ ਦੇ ਅਹੁਦੇ ਤੋਂ ਆਪਣੀਆਂ ਸ਼ਾਨਦਾਰ ਅਤੇ ਬੇਦਾਗ਼ ਸੇਵਾਵਾਂ ਨਿਭਾ ਕੇ ਸੇਵਾ ਮੁਕਤ ਹੋਏ ਗੁਰਸੇਵਕ ਸਿੰਘ ਵਿਲਖੂ ਦੇ ਗ੍ਰਹਿ ਵਿਖੇ ਪਾਹੁੰਚ ਕੇ ਸੋਸਾਇਟੀ ਦੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਗੁਰਸੇਵਕ ਸਿੰਘ ਵਿਲਖੂ ਦੀ ਆਪਣੇ ਸਰਕਾਰੀ ਕਾਰਜਕਾਲ ਦੌਰਾਨ ਲੋਕਾਂ ਦੀ ਕੀਤੀ ਗਈ ਬੇਹਤਰੀਨ ਸੇਵਾ ਅਤੇ ਇਮਾਨਦਾਰੀ ਦੀ ਭਰਭੂਰ ਸ਼ਲਾਘਾ ਕੀਤੀ। ਇਸ ਮੌਕੇ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇਕੇ ਉਨ੍ਹਾਂ ਦਾ ਪ੍ਰਮੁੱਖ ਅਹੁਦੇਦਾਰਾਂ ਦੀ ਹਾਜਰੀ ਵਿੱਚ ਸਨਮਾਨਿਤ ਕੀਤਾ ਅਤੇ ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ ਨੇ ਕਿਹਾ ਕਿ ਵਿਲਖੂ ਨੇ ਆਪਣੇ ਵਿਭਾਗ ਵਿੱਚ ਰਹਿੰਦਿਆਂ ਹਮੇਸ਼ਾ ਆਮ ਜਨਤਾ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਨਿਪਟਾਇਆ ਅਤੇ ਉਹ ਸਮਾਜ ਲਈ ਇੱਕ ਪ੍ਰੇਰਨਾ ਸਰੋਤ ਹਨ। ਇਸ ਮੌਕੇ ਗੁਰਸੇਵਕ ਸਿੰਘ ਵਿਲਖੂ ਨੇ ਸੋਸਾਇਟੀ ਦੇ ਆਗੂਆਂ ਨੂੰ ਇਛਾ ਪ੍ਰਗਟਾਈ ਕਿ ਸੇਵਾ ਮੁਕਤ ਤੋਂ ਬਾਅਦ ਸਮਾਜ ਭਲਾਈ ਦੇ ਕਾਰਜਾਂ ਵਿੱਚ ਆਪਣਾ ਅਹਿਮ ਯੋਗਦਾਨ ਪਾਉਂਦੇ ਰਹਿਣਗੇ। ਇਸ ਸਨਮਾਨ ਸਮਾਰੋਹ ਦੌਰਾਨ ਗੁਰਸੇਵਕ ਸਿੰਘ ਵਿਲਖੂ ਤੇ ਉਨ੍ਹਾਂ ਦੇ ਪਰਿਵਾਰ ਨੇ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਾਣ ਸਤਿਕਾਰ ਲਈ ਉਹ ਸੋਸਾਇਟੀ ਦੇ ਸਦਾ ਰਿਣੀ ਰਹਿਣਗੇ। ਸਮਾਰੋਹ ਦੇ ਅੰਤ ਵਿੱਚ ਹਾਜ਼ਰ ਸਾਰਿਆਂ ਨੇ ਗੁਰਸੇਵਕ ਸਿੰਘ ਵਿਲਖੂ ਨੂੰ ਸੇਵਾ ਮੁਕਤੀ ਦੀਆਂ ਵਧਾਈਆਂ ਦਿੱਤੀਆਂ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਇਸ ਮੌਕੇ ਸੋਸਾਇਟੀ ਦੇ ਪ੍ਰਮੁੱਖ ਆਗੂ ਅੰਗਰੇਜ਼ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ, ਅਵਤਾਰ ਸਿੰਘ ਠੇਠੀ ਮੀਤ ਪ੍ਰਧਾਨ ਪੰਜਾਬ, ਡਾਕਟਰ ਰਾਜਦੀਪ ਸਿੰਘ ਵਸੀਰ ਅਤੇ ਪਰਿਵਾਰ ਮੈਂਬਰ ਗੁਰਿੰਦਰ ਸਿੰਘ ਵਿਲਖੂ, ਰਵੀਇੰਦਰ ਸਿੰਘ ਵਿਲਖੂ, ਮਨਮੀਤ ਸਿੰਘ ਵਿਲਖੂ, ਰਮਨੀਕ ਸਿੰਘ ਵਿਲਖੂ, ਕੁਲਵੰਤ ਕੌਰ ਵਿਲਖੂ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਖੋਸਲਾ ਦੀ ਮੁਅੱਤਲੀ ਨੂੰ ਲੈ ਕੇ ਫਿਰੋਜ਼ਪੁਰ ’ਚ

# ਭੜਕਿਆ ਰੋਸ, ਨੈਸ਼ਨਲ ਹਾਈਵੇ ਜਾਮ





ਫ਼ਿਰੋਜ਼ਪੁਰ, 08 ਅਕਤੂਬਰ (ਮਨੋਹਰ ਲਾਲ) :— ਫ਼ਿਰੋਜ਼ਪੁਰ ਫੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦੀ ਮੁਅੱਤਲੀ ਨੂੰ ਲੈ ਕੇ ਵੀਰਵਾਰ ਨੂੰ ਫਿਰੋਜ਼ਪੁਰ ਵਿੱਚ ਲੋਕਾਂ ਦਾ ਗੁੱਸਾ ਸੜਕਾਂ ਤੇ ਆ ਗਿਆ। ਫਿਰੋਜ਼ਪੁਰ ਲੋਕ ਲਹਿਰ ਦੇ ਬੈਨਰ ਹੇਠ ਵੱਖ—ਵੱਖ ਜਨਤਕ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਅਤੇ ਆਮ ਲੋਕਾਂ ਨੇ ਵੱਡਾ ਧਰਨਾ ਲਗਾ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕੀਤਾ। ਧਰਨੇ ਕਾਰਨ ਨੈਸ਼ਨਲ ਹਾਈਵੇ ਤੇ ਆਵਾਜਾਈ ਪ੍ਰਭਾਵਿਤ ਹੋਈ ਅਤੇ ਸੜਕ ਦੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ। ਧਰਨੇ ਨੂੰ ਸੰਬੋਧਨ ਕਰਦਿਆਂ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਅਭਿਨਵ ਖੋਸਲਾ ਵੱਲੋਂ ਆਪਣੇ ਕਾਰਜਕਾਲ ਦੌਰਾਨ ਮਿਲਾਵਟਖੋਰਾਂ ਖ਼ਿਲਾਫ਼ ਕਾਰਵਾਈ ਕਰਦਿਆਂ ਦੁਕਾਨਾਂ ਅਤੇ ਖਾਣ ਪੀਣ ਵਾਲੀਆਂ ਵਸਤਾਂ ਨਾਲ ਸਬੰਧਤ ਅਦਾਰਿਆਂ ਦੀ ਜਾਂਚ, ਛਾਪੇਮਾਰੀ ਅਤੇ ਸੈਂਪਲਿੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਅਜਿਹੇ ਅਧਿਕਾਰੀ ਦੀ ਮੁਅੱਤਲੀ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਰੋਸ ਹੈ। ਇਸ ਮੌਕੇ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਮਿਲਾਵਟਖੋਰਾਂ ਖ਼ਿਲਾਫ਼ ਕਾਰਵਾਈ ਕਰਨ ਵਾਲੇ ਅਧਿਕਾਰੀ ਦੇ ਹੱਕ ਵਿੱਚ ਖੜ੍ਹਨਾ ਸਿਰਫ਼ ਇਕ ਵਿਅਕਤੀ ਦਾ ਮਾਮਲਾ ਨਹੀਂ, ਸਗੋਂ ਲੋਕਾਂ ਦੀ ਸਿਹਤ ਨਾਲ ਜੁੜਿਆ ਮੁੱਦਾ ਹੈ। ਸਰਕਾਰ ਨੂੰ ਅਭਿਨਵ ਖੋਸਲਾ ਦੀ ਮੁਅੱਤਲੀ ਤੁਰੰਤ ਰੱਦ ਕਰਕੇ ਉਸ ਨੂੰ ਬਹਾਲ ਕਰਨਾ ਚਾਹੀਦਾ ਹੈ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਵੱਲੋਂ ਅਭਿਨਵ ਖੋਸਲਾ ਦੀ ਮੁਅੱਤਲੀ ਵਾਪਸ ਨਾ ਲਈ ਗਈ ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਤੋਂ ਵੀ ਵੱਡਾ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵੀਰਵਾਰ ਦਾ ਧਰਨਾ ਸਿਰਫ਼ ਸ਼ੁਰੂਆਤ ਹੈ ਅਤੇ ਲੋੜ ਪੈਣ ਤੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਫਿਰੋਜ਼ਪੁਰ ਲੋਕ ਲਹਿਰ ਨੂੰ ਜਨਤਕ ਜਥੇਬੰਦੀਆਂ ਅਤੇ ਆਮ ਲੋਕਾਂ ਦਾ ਸਾਂਝਾ ਮੰਚ ਦੱਸਦਿਆਂ ਆਗੂਆਂ ਨੇ ਕਿਹਾ ਕਿ ਇਸ ਮਾਮਲੇ ਤੇ ਸ਼ਹਿਰ ਦੇ ਲੋਕਾਂ ਨੂੰ ਇਕਜੁੱਟ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਵੱਡੇ ਅੰਦੋਲਨ ਦਾ ਐਲਾਨ ਕੀਤੇ ਜਾਣ ਦੇ ਸੰਕੇਤ ਵੀ ਆਗੂਆਂ ਵੱਲੋਂ ਦਿੱਤੇ ਗਏ। ਧਰਨੇ ਕਾਰਨ ਨੈਸ਼ਨਲ ਹਾਈਵੇ ਤੇ ਆਵਾਜਾਈ ਪ੍ਰਭਾਵਿਤ ਰਹੀ ਅਤੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗੀਆਂ ਰਹੀਆਂ। ਪ੍ਰਦਰਸ਼ਨਕਾਰੀਆਂ ਨੇ ਸਪੱਸ਼ਟ ਕੀਤਾ ਕਿ ਅਭਿਨਵ ਖੋਸਲਾ ਦੀ ਬਹਾਲੀ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਵੱਖ ਵੱਖ ਜਥੇਬੰਦੀਆਂ ਜਿੰਨਾ ਵਿੱਚ ਪ੍ਰੈਸ ਭਾਈਚਾਰਾ, ਕਿਸਾਨ ਜਥੇਬੰਦੀਆ, ਵਕੀਲ ਭਾਈਚਾਰਾ, ਮਜ਼ਦੂਰ ਯੂਨੀਅਨ, ਅਧਿਆਪਕ ਜਥੇਬੰਦੀ, ਸਟੂਡੈਂਟਸ ਯੂਨੀਅਨ, ਸਿਆਸੀ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਤੋ ਆਗੂ ਹਾਜ਼ਿਰ ਸਨ।

**ਫਿਰੋਜ਼ਪੁਰ ਲੋਕ ਲਹਿਰ ਦੇ ਬੈਨਰ ਹੇਠ ਵੱਖ—ਵੱਖ ਜਥੇਬੰਦੀਆਂ ਤੇ ਆਮ ਲੋਕਾਂ ਦਾ ਇਕੱਠ, ਸਰਕਾਰ ਨੂੰ ਵੱਡੇ ਸੰਘਰਸ਼ ਦੀ ਚਿਤਾਵਨੀ**

ਆਵਾਜ਼ਿ ਕੌਮ AWAZE QAUM International Newspaper & WEB TV

# ਜੀਰਕਪੁਰ ਵਿੱਚ ਵਿਰੋਧੀ ਧਿਰ ਵਰਗੀ ਡਿਊਟੀ ਨਿਭਾ ਰਹੇ ਹਨ ਰੁਸਤਮ ਮੋਰਿੰਡਾ

## ਕਿਸਾਨੀ, ਜਵਾਨੀ, ਨਸ਼ਾ ਅਤੇ ਸਥਾਨਕ ਸਮੱਸਿਆਵਾਂ ਦੇ ਹੱਲ ਲਈ ਪਹਿਲ ਦੇ ਆਧਾਰ ’ਤੇ ਡਟੇ, ਕੋਈ ਰਾਜਨੀਤਿਕ ਲੀਡਰ ਨਹੀਂ, ਸਗੋਂ ਸਮਾਜ ਸੇਵਕ ਵਜੋਂ ਪੁਆਧ ਖੇਤਰ ਦੀ ਬੁਲੰਦ ਆਵਾਜ਼ ਬਣੇ



ਜੀਰਕਪੁਰ ਸ਼ਹਿਰ ਦੀ ਨੁਹਾਰ ਬਦਲਣ ਅਤੇ ਲੋਕਾਂ ਦੇ ਹੱਕਾਂ ਲਈ ਡਟਣ ਵਾਸਤੇ ਅੱਜ-ਕੱਲ੍ਹ ਇੱਕੋ ਨਾਮ ਚਰਚਾ ਵਿੱਚ ਹੈ—ਰੁਸਤਮ ਮੋਰਿੰਡਾ। ਭਾਰਤੀ ਕਿਸਾਨ ਯੂਨੀਅਨ (ਪੁਆਧ) ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਬਿਨਾਂ ਕਿਸੇ ਰਾਜਨੀਤਿਕ ਅਹੁਦੇ ਜਾਂ ਸੁਆਰਥ ਦੇ, ਜੀਰਕਪੁਰ ਵਿੱਚ ਇੱਕ ਮਜ਼ਬੂਤ ਵਿਰੋਧੀ ਧਿਰ ਵਰਗੀ ਭੂਮਿਕਾ ਨਿਭਾ ਰਹੇ ਹਨ। ਇਤਿਹਾਸ ਗਵਾਹ ਹੈ ਕਿ ਜਦੋਂ ਵੀ ਸਮਾਜ ਵਿੱਚ ਬਿਨਾਂ ਕਿਸੇ ਰਾਜਨੀਤਿਕ ਲਾਲਚ ਦੇ ਕੋਈ ਨਿਰਪੱਖ ਆਵਾਜ਼ ਉੱਠਦੀ ਹੈ, ਤਾਂ ਉਹ ਵੋਟ ਬੈਂਕ ਦੀ ਰਾਜਨੀਤੀ ਤੋਂ ਪਰੇ ਹੋ ਕੇ ਸੱਚੇ ਮੁੱਦੇ ਚੁੱਕਦੀ ਹੈ। ਇਹੀ ਕਾਰਨ ਹੈ ਕਿ ਅੱਜ ਲੋਕ ਉਨ੍ਹਾਂ ਦੀ ਤੁਲਨਾ ਸਮਾਜ ਦੇ ਉਨ੍ਹਾਂ ਗੈਰ-ਰਾਜਨੀਤਿਕ ਜਰਨੈਲਾਂ ਨਾਲ ਕਰ ਰਹੇ ਹਨ, ਜਿਨ੍ਹਾਂ ਨੇ ਬਿਨਾਂ ਕੁਰਸੀ ਦੀ ਲਾਲਸਾ ਦੇ ਸਮਾਜ ਦੀ ਤਸਵੀਰ ਬਦਲੀ।

ਆਵਾਜ਼ਿ ਕੌਮ AWAZE QAUM International Newspaper & WEB TV

ਜੀਰਕਪੁਰ ਵਿੱਚ ਦੂਸ਼ਿਤ ਪਾਣੀ, ਧਰਤੀ ਹੇਠਲੇ ਪ੍ਰਦੂਸ਼ਣ ਅਤੇ ਫੈਕਟਰੀਆਂ ਦੇ ਜ਼ਿਹਰੀਲੇ ਕੈਮੀਕਲ ਖ਼ਿਲਾਫ਼ ਰੁਸਤਮ ਮੋਰਿੰਡਾ ਦੀ ਲੜਾਈ ਪੂਰੇ ਜ਼ੋਰਾਂ ’ਤੇ ਹੈ। ਜਿਸ ਤਰ੍ਹਾਂ ਸੁੰਦਰਲਾਲ ਬਹੁਗੁਣਾ ਨੇ ਬਿਨਾਂ ਕਿਸੇ ਰਾਜਨੀਤਿਕ ਲਾਹੇ ਦੇ ਕੁਦਰਤ ਅਤੇ ਜੰਗਲਾਂ ਨੂੰ ਬਚਾਉਣ ਲਈ ਆਪਣੀ ਪੂਰੀ ਜ਼ਿੰਦਗੀ ਲੇਖੇ ਲਾ ਦਿੱਤੀ ਸੀ, ਉਸੇ ਤਰਜ਼ ’ਤੇ ਰੁਸਤਮ ਮੋਰਿੰਡਾ, ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੁਆਧ, ਜੀਰਕਪੁਰ ਦੇ ਦੂਸ਼ਿਤ ਪਾਣੀ ਅਤੇ ਕੈਮੀਕਲ ਪ੍ਰਦੂਸ਼ਣ ਖ਼ਿਲਾਫ਼ ਮੋਰਚਾ ਸਾਂਭ ਰਹੇ ਹਨ। ਇਸੇ ਤਰ੍ਹਾਂ ਜਿਸ ਤਰ੍ਹਾਂ ਮੇਧਾ ਪਾਟਕਰ ਨੇ ਬਿਨਾਂ ਰਾਜਨੀਤੀ ਵਿੱਚ ਆਏ ਲੋਕਾਂ ਦੇ ਪੀਣ ਵਾਲੇ ਪਾਣੀ ਅਤੇ ਜ਼ਮੀਨੀ ਹੱਕਾਂ ਲਈ ਦੇਸ਼ ਵਿਆਪੀ ਲੜਾਈ ਲੜੀ, ਠੀਕ ਉਸੇ ਤਰ੍ਹਾਂ ਰੁਸਤਮ ਮੋਰਿੰਡਾ ਧਰਤੀ ਹੇਠਲੇ ਜ਼ਿਹਰੀਲੇ ਹੋ ਰਹੇ ਪਾਣੀ ਨੂੰ ਬਚਾਉਣ ਲਈ ਪ੍ਰਸ਼ਾਸਨ ਨਾਲ ਆਹਮੋ-ਸਾਹਮਣੇ ਹਨ। ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣਾ ਅਤੇ ਕਿਸਾਨੀ ਨੂੰ ਆਰਥਿਕ ਮੰਦਹਾਲੀ ਤੋਂ ਬਚਾਉਣਾ ਵੀ ਉਨ੍ਹਾਂ ਦੇ ਮੁੱਖ ਏਜੰਡਿਆਂ ਵਿੱਚ ਸ਼ਾਮਲ ਹੈ। ਜਿਵੇਂ ਭਗਤ ਪੂਰਨ ਸਿੰਘ ਜੀ ਨੇ ਬਿਨਾਂ ਕਿਸੇ ਰਾਜਨੀਤਿਕ ਪਲੇਟਫਾਰਮ ਦੇ ਨਿਸ਼ਕਾਮ ਸੇਵਾ ਕਰਦਿਆਂ ਸਮਾਜ ਦੀਆਂ ਸਭ ਤੋਂ ਅਣਗੌਲੀਆਂ ਕੁਰੀਤੀਆਂ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਸੀ, ਰੁਸਤਮ ਮੋਰਿੰਡਾ ਵੀ ਨਸ਼ੇ ਦੀ ਭੈੜੀ ਅੱਗ ਤੋਂ ਜਵਾਨੀ ਨੂੰ ਬਚਾਉਣ ਲਈ ਨਿਸ਼ਕਾਮ ਹੋ ਕੇ ਕੰਮ ਕਰ ਰਹੇ ਹਨ। ਇਸ ਤੋਂ ਇਲਾਵਾ, ਜਿਵੇਂ ਗੈਰ-ਰਾਜਨੀਤਿਕ ਸਮਾਜ ਸੇਵਕ ਚੰਡੀ ਪ੍ਰਸਾਦ ਭੱਟ ਨੇ ਨੌਜਵਾਨਾਂ ਅਤੇ ਸਥਾਨਕ ਲੋਕਾਂ ਨੂੰ ਨਾਲ ਜੋੜ ਕੇ ਸਮਾਜਿਕ ਸੁਧਾਰਾਂ ਲਈ ਲਹਿਰ ਖੜ੍ਹੀ ਕੀਤੀ ਸੀ, ਉਵੇਂ ਹੀ ਰੁਸਤਮ ਮੋਰਿੰਡਾ ਜੀਰਕਪੁਰ ਦੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇ ਕੇ ਸਮਾਜਿਕ ਬੁਰਾਈਆਂ ਵਿਰੁੱਧ ਲਾਮਬੰਦ ਕਰ ਰਹੇ ਹਨ। ਭਾਰਤੀ ਕਿਸਾਨ ਯੂਨੀਅਨ (ਪੁਆਧ) ਨੂੰ ਇੱਕ ਸ਼ੁੱਧ ਸਮਾਜ ਸੇਵੀ ਸੰਸਥਾ ਵਜੋਂ ਚਲਾਉਂਦਿਆਂ, ਉਹ ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ ਅਤੇ ਖ਼ਰਾਬ ਪ੍ਰਬੰਧਾਂ ’ਤੇ ਪ੍ਰਸ਼ਾਸਨ ਤੋਂ ਜਵਾਬ ਮੰਗ ਰਹੇ ਹਨ। ਜੀਰਕਪੁਰ ਦੇ ਨਿਵਾਸੀਆਂ ਦਾ ਕਹਿਣਾ ਹੈ ਕਿ ਅਜਿਹੇ ਗੈਰ-ਰਾਜਨੀਤਿਕ ਅਗਵਾਈ ਵਾਲੇ ਆਗੂ ਦੀ ਬਹੁਤ ਲੋੜ ਸੀ, ਜੋ ਵੋਟਾਂ ਦੀ ਪ੍ਰਵਾਹ ਕੀਤੇ ਬਿਨਾਂ ਸਰਕਾਰ ਅਤੇ ਪ੍ਰਸ਼ਾਸਨ ਦੀਆਂ ਅੱਖਾਂ ਵਿੱਚ ਅੱਖਾਂ ਪਾ ਕੇ ਸੱਚ ਬੋਲ ਸਕੇ।

# ਖਾਲਸਾ ਅਕੈਡਮੀ ਵਿੱਚ ਐਮ ਐਲ ਏ ਸਰਵਨ ਸਿੰਘ ਧੁੰਨ, ਗਿਆਨੀ ਸਾਹਿਬ ਸਿੰਘ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਸਨਮਾਨਿਤ ਕੀਤਾ




ਚੌਂਕ ਮਹਿਤਾ,,8 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੱਛਲੇ ਦਿਨੀ ਖਾਲਸਾ ਅਕੈਡਮੀ ਮਹਿਤਾ ਚੌਂਕ ਵਿੱਚ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਸੀ ਬੀ ਐਸ ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ 2026 ਦੇ ਫਾਈਨਲ ਮੈਚ ਬੱਚਿਆਂ ਨੂੰ ਅਸ਼ੀਰਵਾਦ ਦੇਣ ਲਈ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਪਾਉਚੇ। ਇਸ ਮੌਕੇ ਤੇ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਦਾ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ । ਸਨਮਾਨਿਤ ਕਰਦੇ ਐਮ ਐਲ ਏ ਸਰਵਨ ਸਿੰਘ ਧੁੰਨ, ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ ਵਾਲੇ, ਤਰਨਾ ਦਲ ਚੌਂਕ ਮਹਿਤਾ ਦੇ ਜਥੇਦਾਰ ਬਾਬਾ ਅਜੀਤ ਸਿੰਘ, ਪ੍ਰਿਸੀਪਲ ਜਤਿੰਦਰ ਸ਼ਰਮਾ, ਪ੍ਰਿਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ, ਪ੍ਰਿਸੀਪਲ ਹਰਸ਼ਦੀਪ ਸਿੰਘ ਰੰਧਾਵਾ, ਚੇਅਰਮੈਨ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਮਾਰਕੀਟ ਕਮੇਟੀ ਮਹਿਤਾ ਚੌਂਕ ਇਸ ਮੌਕੇ ਤੇ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਅਤੇ ਸਮੂਹ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ

# ਭਾਈ ਹਰਜੰਗ ਸਿੰਘ ਜਿਲ੍ਹਾ ਪ੍ਰਧਾਨ ਤੇ ਭਾਈ ਸਤਨਾਮ ਸਿੰਘ ਖਾਲਸਾ ਨੂੰ ਪ੍ਰੈਸ ਸਕੱਤਰ ਕੀਤਾ ਨਿਯੁਕਤ



ਫ਼ਿਰੋਜ਼ਪੁਰ, 08 ਅਕਤੂਬਰ (ਮਨੋਹਰ ਲਾਲ) :— ਸ਼ਹੀਦਾਂ ਦੀ ਜਥੇਬੰਦੀ ਦਮਦਮੀ ਟਕਸਾਲ ਨੇ ਸਿੱਖ ਧਰਮ ਦਾ ਪ੍ਰਚਾਰ ਤੇ ਪ੍ਰਸਾਰ ਕਰਦੇ ਹੋਏ ਹਜ਼ਾਰਾਂ ਰਾਗੀ ਢਾਡੀ ਤੇ ਪ੍ਰਚਾਰਕ ਪੈਦਾ ਕੀਤੇ ਜੋ ਦੇਸ਼ਾ ਵਿਦੇਸ਼ਾਂ ਵਿੱਚ ਸਿੱਖ ਧਰਮ ਦਾ ਪ੍ਰਚਾਰ ਕਰਕੇ ਆਪਣੀ ਭੂਮਿਕਾ ਬਾਖੂਬੀ ਨਿਭਾ ਰਹੇ ਹਨ। ਦਮਦਮੀ ਟਕਸਾਲ ਤੇ ਸੰਤ ਸਮਾਜ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਇਸ ਲਹਿਰ ਨੂੰ ਹੋਰ ਅੱਗੇ ਤੋਰਦਿਆ ਦਮਦਮੀ ਟਕਸਾਲ ਸੇਵਕ ਜਥਾ ਜਥੇਬੰਦੀ ਬਣਾਉਣ ਦਾ ਐਲਾਨ ਕੀਤਾ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਦਮਦਮੀ ਟਕਸਾਲ ਸ਼੍ਰੀ ਅਨੰਦਪੁਰ ਸਾਹਿਬ ਦੇ ਮੁੱਖ ਪ੍ਰਬੰਧਕ ਭਾਈ ਸੁਖਦੇਵ ਸਿੰਘ ਨੇ ਦੱਸਿਆ ਕਿ ਮਹਾਂਪੁਰਖਾਂ ਦੇ ਦਿਸ਼ਾ ਨਿਰਦੇਸ਼ਾ ਤਹਿਤ ਬਣਾਈ ਇਸ ਜਥੇਬੰਦੀ ਦਾ ਪੰਜਾਬ ਭਰ ਵਿੱਚ ਵਿਸਥਾਰ ਕੀਤਾ ਜਾ ਰਿਹਾ ਹੈ ਤੇ ਅੱਜ ਜਿਲ੍ਹਾ ਰੋਪੜ ਨਾਲ ਸੰਬੰਧਤ ਜਥੇਬੰਦਕ ਢਾਂਚੇ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਭਾਈ ਹਰਜੰਗ ਸਿੰਘ ਨੂੰ ਜਿਲ੍ਹਾ ਪ੍ਰਧਾਨ ਰੋਪੜ ਭਾਈ ਪਰਮਜੀਤ ਸਿੰਘ ਨੂੰ ਜਨਰਲ ਸਕੱਤਰ ਜਿਲਾ ਰੋਪੜ ਤੇ ਭਾਈ ਸਤਨਾਮ ਸਿੰਘ ਨੂੰ ਪ੍ਰੈਸ ਸਕੱਤਰ ਜਿਲਾ ਰੋਪੜ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਮਕਸਦ ਸਿੱਖ ਧਰਮ ਦਾ ਪ੍ਰਚਾਰ ਤੇ ਪ੍ਰਸਾਰ ਕਰਨਾ, ਪੰਜਾਬ ਵਿੱਚ ਵੱਗ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਨੂੰ ਠੱਲ ਪਾਉਣਾ ਤੇ ਹਿੰਦੂ ਸਿੱਖ ਏਕਤਾ ਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜਬੂਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਜਥੇਬੰਦੀ ਪੰਜਾਬ ਵਿੱਚ ਚੱਲ ਰਹੀ ਧਰਮ ਪ੍ਰੀਵਰਤਨ ਦੀ ਲਹਿਰ ਨੂੰ ਰੋਕਣ ਲਈ ਪੂਰੀ ਦ੍ਰਿੜਤਾ ਨਾਲ ਮੈਦਾਨ ਵਿੱਚ ਆਵੇਗੀ ਤੇ ਧਰਮ ਪ੍ਰੀਵਰਤਨ ਕਰਨ ਦੀ ਸੋਚ ਰੱਖਣ ਵਾਲਿਆਂ ਨੂੰ ਪਿਆਰ ਸਤਿਕਾਰ ਨਾਲ ਸਮਝਾ ਕੇ ਆਪਣੇ ਧਰਮ ਵਿੱਚ ਪ੍ਰਪੱਕ ਰਹਿਣ ਲਈ ਪ੍ਰੇਰਿਤ ਕਰੇਗੀ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਸੇਵਕ ਜਥਾ ਸਿੱਖ ਨੌਜਵਾਨ ਪੀੜ੍ਹੀ ਨੂੰ ਗੁਰਮਤਿ ਗਿਆਨ ਗੁਰਬਾਣੀ ਦੀ ਸੰਥਿਆ ਤੇ ਗੌਰਵਸ਼ਾਲੀ ਸਿੱਖ ਵਿਰਸੇ ਨਾਲ ਜੋੜਨ ਲਈ ਹਰ ਸੰਭਵ ਉਪਰਾਲਾ ਕਰੇਗਾ ਤਾਂ ਜੋ ਸਿੱਖ ਨੌਜਵਾਨੀ ਨੂੰ ਸਮਾਜ ਵਿੱਚ ਆਈਆਂ ਕੁਰੀਤੀਆਂ ਤੋਂ ਬਚਾਇਆ ਜਾ ਸਕੇ। ਭਾਈ ਸੁਖਦੇਵ ਸਿੰਘ ਨੇ ਦੱਸਿਆ ਕਿ ਜਥੇਬੰਦੀ ਸਮਾਜ ਸੇਵਾ ਦੇ ਕੰਮਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਸ਼ਹੀਦ ਬਾਬਾ ਸੁੱਧਾ ਸਿੰਘ ਵਿਖੇ

# ਅੰਮ੍ਰਿਤ ਸੰਚਾਰ ਕਰਵਾਇਆ ਗਿਆ 48 ਪ੍ਰਾਣੀ ਬਣੇ ਗੁਰੂ ਵਾਲੇ : ਭਾਈ ਹਰਦੇਵ ਸਿੰਘ



**ਜੰਡਿਆਲਾ ਗੁਰੂ 8 ਅਕਤੂਬਰ (ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਗੁਰਦੁਆਰਾ ਸਹੀਦ ਬਾਬਾ ਸੁੱਧਾ ਸਿੰਘ ਪਿੰਡ ਦਕੋਹਾ ਜਿਲ੍ਹਾ ਗੁਰਦਾਸਪੁਰ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ ਸਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦੇ ਸੰਚਾਲਕ ਭਾਈ ਹਰਦੇਵ ਸਿੰਘ ਵੱਲੋਂ ਦੇਸ ਵਿਦੇਸ ਵਿੱਚ ਵੱਸਦੀਆਂ ਸੰਗਤਾਂ ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ !ਸ੍ਰੀ ਸਹਿਜ ਪਾਠ ਸੇਵਾ ਅੰਮ੍ਰਿਤਸਰ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ ! ਇਸ ਅੰਮ੍ਰਿਤ ਸੰਚਾਰ ਸਮਾਗਮ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਸਾਜੇ ਨਿਵਾਜੇ ਪੰਜ ਪਿਆਰੇ ਸਾਹਿਬਾਨਾਂ ਨੇ ਅੰਮ੍ਰਿਤ ਬਾਟਾ ਤਿਆਰ ਕੀਤਾ ਅਤੇ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿ ਛਕਾਇਆ ਗਿਆ ਜਿਸ ਵਿੱਚ 48 ਪ੍ਰਾਣੀ ਗੁਰੂ ਵਾਲੇ ਬਣੇ ! ਅਤੇ ਅੰਮ੍ਰਿਤ ਅਭਿਲਾਖੀਆਂ ਨੂੰ ਫ੍ਰੀ ਕਕਾਰ ਭੇਟਾ ਰਹਿਤ ਦਿੱਤੇ ਗਏ ਇਸ ਸਮਾਗਮ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੀ ਕਿਰਪਾ ਸਦਕਾ ਗੁਰਮਤਿ ਅਕੈਡਮੀ ਦੀ ਸੇਵਾ ਝੋਲੀ ਵਿੱਚ ਪਈ ਹੋਈ ਹੈ ਅਤੇ ਜਿਸ ਸੇਵਾ ਨੂੰ ਕਰਕੇ ਮਨ ਨੂੰ ਸਾਂਤੀ ਅਤੇ ਗੁਰੂ ਸਾਹਿਬ ਜੀ ਦੀ ਮੇਹਰ ਦੇ ਪਾਤਰ ਬਣਕਿ ਆਪਣੇ ਜੀਵਨ ਨੂੰ ਸਫਲ ਬਣਾ ਰਹੇ ਹਾਂ ਇਸ ਲਈ ਸਭ ਸੰਗਤਾਂ ਨੂੰ ਬੇਨਤੀ ਹੈ ਕਿ ਗੁਰੂ ਸਾਹਿਬ ਜੀ ਦੇ ਹੁਕਮ ਨੂੰ ਮੰਨਦੇ ਹੋਏ ਗੁਰੂ ਵਾਲੇ ਬਣ ਕਿ ਬਾਣੀ ਬਾਣੇ ਦੇ ਧਾਰਨੀ ਹੋ ਕਿ ਆਪਣੇ ਜੀਵਨ ਨੂੰ ਸਫਲ ਬਣਾਓ ਜੋ ਸਮੇਂ ਦੀ ਮੁੱਖ ਲੋੜ ਵੀ ਬਣ ਚੁੱਕਾ ਹੈ ਕਿ ਆਪਣੇ ਬੱਚਿਆਂ ਨੂੰ ਭੈੜੀ ਸੰਗਤ ਤੋਂ ਬਚਾਇਆ ਜਾ ਸਕੇ !

ਆਵਾਜ਼ਿ ਕੌਮ AWAZE QAUM International Newspaper & WEB TV

**ਬੱਚਿਆਂ ਨੂੰ ਬਾਣੀ ਬਾਣੇ ਦੇ ਧਾਰਨੀ ਬਣਾਉਣਾ ਸਮੇਂ ਦੀ ਮੁੱਖ ਲੋੜ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਬਿਮਾਰ ਦਾਦੀ ਨਾਲ 10 ਮਿੰਟ ਦੀ ਗੱਲ ਦੀ ਇਜਾਜ਼ਤ ਨੂੰ ਸਹੂਲਤ ਦੱਸਣਾ ਵੀ ਦੁਖਦਾਈ, ਇਹ ਤਾਂ ਬੁਨਿਆਦੀ ਮਨੁੱਖੀ ਹੱਕ ਹੈ : ਅਕਾਲੀ ਦਲ ਵਾਰਿਸ ਪੰਜਾਬ ਦੇ

# ਲੋਕਾਂ ਦੇ ਚੁਣੇ ਹੋਏ ਨੁਮਾਇੰਦੇ ਦੇ ਵਾਜਬ ਅਧਿਕਾਰਾਂ ਅਤੇ ਪਰਿਵਾਰਕ ਹੱਕਾਂ ਦੇ ਰਾਹ ਵਿੱਚ ਸਰਕਾਰੀ ਰੋਕਾਂ ਗੈਰ-ਵਾਜਬ



**ਚੰਡੀਗੜ੍ਹ 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੀ ਬਿਮਾਰ ਦਾਦੀ ਨਾਲ ਕੇਵਲ 10 ਮਿੰਟ ਗੱਲ ਕਰਨ ਦੀ ਮਿਲੀ ਇਜਾਜ਼ਤ ਸਬੰਧੀ ਗਹਿਰਾ ਦੁੱਖ ਅਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਗਿਆ ਕਿ ਅਸੀਂ ਇਹ ਮਹਿਸੂਸ ਕਰਦੇ ਹਾਂ ਕਿ ਇੱਕ ਚੁਣੇ ਹੋਏ ਲੋਕ ਨੁਮਾਇੰਦੇ ਨੂੰ ਉਸਦੇ ਬੁਨਿਆਦੀ ਮਨੁੱਖੀ ਅਤੇ ਪਰਿਵਾਰਕ ਹੱਕ ਵੀ ਪੂਰੀ ਤਰ੍ਹਾਂ ਨਹੀਂ ਮਿਲ ਰਹੇ। ਬਿਮਾਰ ਦਾਦੀ ਨਾਲ ਕੁਝ ਮਿੰਟ ਗੱਲ ਕਰ ਲੈਣਾ ਕੋਈ ਐਂਡੀ ਵੱਡੀ ਸਹੂਲਤ ਨਹੀਂ, ਜਿਸ ਲਈ ਇੰਨੀਆਂ ਰੋਕਾਂ, ਇਜਾਜ਼ਤਾਂ ਅਤੇ ਪ੍ਰਕਿਰਿਆਵਾਂ ਵਿੱਚੋਂ ਲੰਘਣਾ ਪਵੇ। ਇਹ ਇੱਕ ਬਹੁਤ ਹੀ ਭਾਵਨਾਤਮਕ ਅਤੇ ਮਨੁੱਖੀ ਅਧਿਕਾਰਾਂ ਦਾ ਮਾਮਲਾ ਹੈ, ਜਿਸਨੂੰ ਸਿਰਫ਼ ਕਾਨੂੰਨੀ ਪ੍ਰਬੰਧਾਂ ਦੀਆਂ ਸਖ਼ਤ ਹੱਦਾਂ ਵਿੱਚ ਦੇਖਣ ਦੀ ਬਜਾਏ ਮਨੁੱਖੀ ਸੰਵੇਦਨਾਵਾਂ ਦੇ ਪੱਖ ਤੋਂ ਵੀ ਵੇਖਿਆ ਜਾਣਾ ਚਾਹੀਦਾ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਲੋਕਾਂ ਵੱਲੋਂ ਚੁਣੇ ਹੋਏ ਮੈਂਬਰ ਪਾਰਲੀਮੈਂਟ ਹਨ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰ ਨਾਲ ਸੰਪਰਕ ਕਰਨ, ਆਪਣੇ ਬਜ਼ੁਰਗਾਂ ਦੀ ਖੈਰ-ਖ਼ਬਰ ਲੈਣ ਅਤੇ ਆਪਣੀ ਸੰਸਦੀ ਜ਼ਿੰਮੇਵਾਰੀ ਨਿਭਾਉਣ ਦੇ ਜਿਹੜੇ ਵੀ ਕਾਨੂੰਨੀ ਅਤੇ ਸੰਵਿਧਾਨਕ ਹੱਕ ਹਨ, ਉਹ ਪੂਰੇ ਸਨਮਾਨ ਨਾਲ ਮਿਲਣੇ ਚਾਹੀਦੇ ਹਨ। ਪਾਰਟੀ ਨੇ ਸਰਕਾਰ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਜੇਕਰ ਸਰਕਾਰੀ ਤੰਤਰ ਦੀਆਂ ਪਾਬੰਦੀਆਂ ਅਤੇ ਕਾਨੂੰਨੀ ਪ੍ਰਕਿਰਿਆਵਾਂ ਕਿਸੇ ਚੁਣੇ ਹੋਏ ਨੁਮਾਇੰਦੇ ਨੂੰ ਆਪਣੇ ਬਿਮਾਰ ਪਰਿਵਾਰਕ ਮੈਂਬਰ ਨਾਲ ਕੁਝ ਮਿੰਟ ਗੱਲ ਕਰਨ ਤੋਂ ਵੀ ਰੋਕਣ ਵਾਲੀ ਸਥਿਤੀ ਪੈਦਾ ਕਰ ਰਹੀਆਂ ਹਨ ਤਾਂ ਇਹ ਗੈਰ-ਵਾਜਬ ਹੈ। ਇਸ ਦੇ ਨਾਲ ਹੀ ਅਦਾਲਤਾਂ ਨੂੰ ਵੀ ਅਜਿਹੇ ਮਾਮਲਿਆਂ ਵਿੱਚ ਸਿਰਫ਼ ਸਰਕਾਰੀ ਦਲੀਲਾਂ ਅਤੇ ਪ੍ਰਸ਼ਾਸਨਿਕ ਪਾਬੰਦੀਆਂ ਤੱਕ ਸੀਮਤ ਰਹਿਣ ਦੀ ਬਜਾਏ ਇਹ ਵੇਖਣਾ ਚਾਹੀਦਾ ਹੈ ਕਿ ਕਿਤੇ ਸਰਕਾਰੀ ਕਾਰਵਾਈ ਜਾਂ ਪ੍ਰਕਿਰਿਆ ਕਿਸੇ ਚੁਣੇ ਹੋਏ ਲੋਕ ਨੁਮਾਇੰਦੇ ਦੇ ਵਾਜਬ ਅਧਿਕਾਰਾਂ ਅਤੇ ਉਸਦੇ ਪਰਿਵਾਰਕ ਤੇ ਮਨੁੱਖੀ ਹੱਕਾਂ ਦੇ ਰਸਤੇ ਵਿੱਚ ਅੜਿੱਕਾ ਤਾਂ ਨਹੀਂ ਬਣ ਰਹੀ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਸਰਕਾਰਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ, ਪਰ ਲੋਕਤੰਤਰ ਵਿੱਚ ਚੁਣੇ ਹੋਏ ਨੁਮਾਇੰਦਿਆਂ ਦੇ ਹੱਕ ਅਤੇ ਆਮ ਇਨਸਾਨ ਦੀਆਂ ਮਨੁੱਖੀ ਭਾਵਨਾਵਾਂ ਸਰਵਉੱਚ ਮਹੱਤਵ ਰੱਖਦੀਆਂ ਹਨ। ਇਸ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੇ ਪਰਿਵਾਰ ਨਾਲ ਸੰਪਰਕ ਕਰਨ ਦੇ ਹੱਕ ਵਿੱਚ ਬੇਲੋੜੀਆਂ ਰੁਕਾਵਟਾਂ ਦੂਰ ਕੀਤੀਆਂ ਜਾਣ ਅਤੇ ਉਨ੍ਹਾਂ ਨੂੰ ਇੱਕ ਚੁਣੇ ਹੋਏ ਮੈਂਬਰ ਪਾਰਲੀਮੈਂਟ ਵਜੋਂ ਮਿਲਦੇ ਸਾਰੇ ਵਾਜਬ ਅਧਿਕਾਰ ਬਿਨਾਂ ਕਿਸੇ ਭੇਦਭਾਵ ਦੇ ਦਿੱਤੇ ਜਾਣ। ਪਾਰਟੀ ਨੇ ਕਿਹਾ ਕਿ ਬਿਮਾਰ ਦਾਦੀ ਨਾਲ 10 ਮਿੰਟ ਦੀ ਗੱਲਬਾਤ ਨੂੰ ਵੀ ਜੇਕਰ ਕਿਸੇ ਵੱਡੀ ਸਹੂਲਤ ਵਾਂਗ ਪੇਸ਼ ਕੀਤਾ ਜਾਵੇ ਤਾਂ ਇਹ ਸਾਡੇ ਲੋਕਤੰਤਰ ਅਤੇ ਮਨੁੱਖੀ ਸੰਵੇਦਨਾਵਾਂ ਲਈ ਚਿੰਤਾਜਨਕ ਗੱਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਨਮਦੀਪ ਦੀ ਮੌਤ ਮਾਮਲੇ ਚ ਪਰਿਵਾਰ ਨੂੰ ਇਨਸਾਫ਼, ਸਨਮਾਨ ਤੇ ਸਰਕਾਰੀ ਨੌਕਰੀ ਦੇਣ ਦੀ ਮੰਗ—ਇੰਜ ਸੁਰਿੰਦਰ ਸਿੰਘ ਭਿੰਡਰ



**ਫ਼ਿਰੋਜ਼ਪੁਰ, 08 ਅਕਤੂਬਰ (ਮਨੋਹਰ ਲਾਲ) :**— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਕਨੋਈ ਦੇ ਅਨੁਸੂਚਿਤ ਜਾਤੀ ਨਾਲ ਸਬੰਧਤ ਨੌਜਵਾਨ ਸਨਮਦੀਪ ਦੀ ਮੌਤ ਅਤੇ ਉਸਦੇ ਪਰਿਵਾਰ, ਦੋਸਤਾਂ ਤੇ ਰਿਸ਼ਤੇਦਾਰਾਂ ਦੀ ਗ਼ੈਰ ਹਾਜ਼ਰੀ ਵਿੱਚ ਕੀਤੇ ਗਏ ਸਸਕਾਰ ਤੇ ਚਿੰਤਾਂ ਪ੍ਰਗਟ ਕਰਦਿਆਂ ਪੀੜਤ ਪਰਿਵਾਰ ਨੂੰ ਇਨਸਾਫ ਦੇਣ ਦੀ ਮੰਗ ਕੀਤੀ ਹੈ। ਇਸ ਮਸਲੇ ਬਾਰੇ ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਸਨਮਦੀਪ ਸਿੰਘ ਦੀ ਮੌਤ ਦੇ ਹਾਲਾਤ ਤੇ ਪੀੜਤ ਪਰਿਵਾਰ ਵੱਲੋਂ ਲਗਾਏ ਗਏ ਜਾਤੀ ਵਿਤਕਰਾ ਧੱਕੇਸ਼ਾਹੀ, ਧਮਕੀਆਂ ਦੇ ਦੋਸ਼ਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇ ਜਾਂਚ ਵਿਚ ਹੋਏ ਜਾਤੀ ਵਿਤਕਰਾ ਅਤੇ ਕੀਤੀ ਗਈ ਧੱਕੇਸ਼ਾਹੀ ਦੇ ਤੱਥ ਸਾਹਮਣੇ ਆਉਂਦੇ ਹਨ ਤਾਂ ਜ਼ਿੰਮੇਵਾਰ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ ਪਰਿਵਾਰ ਦੀ ਗ਼ੈਰ ਹਾਜ਼ਰੀ ਵਿੱਚ ਸਨਮਦੀਪ ਦਾ ਸਸਕਾਰ ਕਰਨਾ ਇਕ ਗੰਭੀਰ ਮਾਮਲਾ ਹੈ ਅਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ। ਇਸ ਦੀ ਜਾਂਚ ਸੀ.ਬੀ.ਆਈ ਤੋਂ ਕਰਵਾਈ ਜਾਣੀ ਚਾਹੀਦੀ ਹੈ। ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਨੇ ਜ਼ੋਰਦਾਰ ਮੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪੀੜਤ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਅਤੇ ਇਕ ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਵੀ ਦੇਵੇ। ਪੰਜਾਬ ਪ੍ਰਧਾਨ ਨੇ ਕਿਹਾ ਕਿ ਪੀੜਤ ਪਰਿਵਾਰ ਤੇ ਦਰਜ ਕੀਤੇ ਮੁਕਦਮੇ ਬਿਨਾਂ ਕਿਸੇ ਦੇਰੀ ਦੇ ਰੱਦ ਕੀਤੇ ਜਾਣ। ਪਰਿਵਾਰ ਦੀ ਮੰਗ ਅਨੁਸਾਰ ਉਸ ਨੂੰ ਪੁਲਿਸ ਸੁਰੱਖਿਆ ਵੀ ਮੁਹੱਈਆ ਕਰਵਾਈ ਜਾਵੇ, ਜ਼ਿੰਮੇਵਾਰ ਦੋਸ਼ੀਆਂ ਵਿਰੁੱਧ ਮੁਕੱਦਮਾ ਦਰਜ਼ ਕਰਨਾ ਹੀ ਕਾਫ਼ੀ ਨਹੀਂ ਪੀੜਤ ਪਰਿਵਾਰ ਨੂੰ ਇਨਸਾਫ, ਸੁਰੱਖਿਆ, ਸਨਮਾਨ, ਪੀੜਤ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਤੇ ਮੁਆਵਜ਼ਾ ਰਾਸ਼ੀ ਵੀ ਤੁਰੰਤ ਉਪਲਬਧ ਕਰਵਾਈ ਜਾਵੇ।





**ਜਨਮ ਦਿਨ ਮੁਬਾਰਕ**

ਸ਼ਿਵਾਏ ਮਾਨਕ ਪੁੱਤਰ ਭਾਰਤ ਮਾਨਕ—ਮੇਘਾ ਮਾਨਕ ਨੂੰ ਜਨਮ ਦਿਨ ਦੀ ਵਧਾਈ। ਫੋਟੋ : ਮਨੋਹਰ ਲਾਲ ਪੱਤਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV

## ਮੁਲਾਜ਼ਮ ਏਕਤਾ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ-ਤਿਲਕ ਰਾਜ

# ਕੱਲ੍ਹ ਦੀ ਸੰਗਰੂਰ ਮਹਾਂ ਰੈਲੀ 'ਚ ਵੱਡੀ ਗਿਣਤੀ 'ਚ ਐਨ.ਪੀ.ਐਸ.ਕਰਮਚਾਰੀ ਸ਼ਮੂਲੀਅਤ ਕਰਨਗੇ: ਸੰਜੀਵ ਧੂਤ



ਹੁਸ਼ਿਆਰਪੁਰ, 8 ਅਕਤੂਬਰ(ਆਵਾਜ਼ਿ ਕੌਮ ਬਿਊਰੋ)-ਮੁਲਾਜ਼ਮ ਮੰਚ ਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਅਨੁਸਾਰ 10 ਅਕਤੂਬਰ ਦੀ ਸੰਗਰੂਰ ਰੈਲੀ ਦੀ ਤਿਆਰੀ ਸਬੰਧੀ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ,ਜਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜ਼ਿਲ੍ਹਾ ਸਕੱਤਰ ਤਿਲਕ ਰਾਜ ਨੇ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਸੂਬਾ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮਹਾਂਰੈਲੀ ਵਿੱਚ ਵੱਡੀ ਗਿਣਤੀ ਵਿੱਚ ਪੰਜਾਬ ਦੇ ਐਨ.ਪੀ.ਐਸ. ਤੋਂ ਪੀੜਿਤ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਮੇਟੀ ਨੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਅਪਣਾਈ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਹੈ। ਪੁਰਾਣੀ ਪੈਨਸ਼ਨ ਦੇ ਮੁੱਦੇ ਤੇ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਐਨ.ਪੀ.ਐਸ.ਮੁਲਾਜ਼ਮਾਂ ਨਾਲ ਵਾਅਦਾ-ਖਿਲਾਫੀ ਕੀਤੀ ਹੈ ਤੇ ਸੱਤਾ ਦੇ ਸਾਢੇ ਚਾਰ ਸਾਲ ਬੀਤ ਜਾਣ ਬਾਅਦ ਵੀ ਪੰਜਾਬ ਦੇ ਦੋ ਲੱਖ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲੀ ਦਾ ਕੀਤਾ ਆਪਣਾ ਵਾਅਦਾ ਨਹੀਂ ਨਿਭਾਇਆ, ਸਗੋਂ ਉਲਟਾ ਕਰਮਚਾਰੀ ਵਿਰੋਧੀ ਅਤੇ ਕੇਂਦਰ ਸਰਕਾਰ ਦੀ ਮੁਲਾਜ਼ਮਾਂ ਵੱਲੋਂ ਨਕਾਰੀ ਯੂ.ਪੀ.ਐਸ. ਪੈਨਸ਼ਨ ਪ੍ਰਣਾਲੀ ਥੋਪਣ ਦੀਆਂ ਵਿਉਂਤਾਂ ਘੜ ਰਹੀ ਹੈ।ਜਿਸ ਕਾਰਨ ਸਮੂਹ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਤਿੱਖਾ ਰੋਸ ਅਤੇ ਗੁੱਸਾ ਹੈ। ਇਹ ਮਹਾਂਰੈਲੀ ਭਗਵੰਤ ਮਾਨ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮ ਵਰਗ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਸਬੰਧੀ ਕੀਤੇ ਵਾਅਦਿਆਂ ਨੂੰ ਪੂਰਾ ਨਾ ਕਰਨ ਕਾਰਨ ਪੰਜਾਬ ਭਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਸਰਕਾਰ ਨੂੰ ਸਬਕ ਸਿਖਾਉਣ ਲਈ ਤਿਆਰ ਹਨ ।ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ 10 ਅਕਤੂਬਰ ਨੂੰ ਪੰਜਾਬ ਭਰ ਦੇ ਮੁਲਾਜ਼ਮਾਂ ਵੱਲੋਂ ਸੰਗਰੂਰ ਵਿਖੇ ਮਹਾਂ ਰੈਲੀ ਕਰਕੇ ਸਰਕਾਰ ਨੂੰ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾਵੇਗਾ।ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ,ਵਰਿੰਦਰ ਵਿੱਕੀ,ਪ੍ਰਿੰਸ ਪਲਿਆਲ ਗੜ੍ਹਦੀਵਾਲਾ, ਲੈਕਚਰਾਰ ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ,ਰਜਤ ਮਹਾਜਨ, ਚਮਨ ਲਾਲ, ਮਨਜੀਤ ਸਿੰਘ, ਅਸ਼ਵਨੀ ਰਾਣਾ,ਜਸਵੰਤ ਸਿੰਘ, ਪਰਸ ਰਾਮ, ਰਾਜ ਕੁਮਾਰ, ਬਲਵਿੰਦਰ ਟਾਕ,ਸਤੀਸ਼ ਕੁਮਾਰ,ਨਰੇਸ਼ ਮਿੱਡਾ,ਜਸਵਿੰਦਰ ਬੁੱਲ੍ਹੋਵਾਲ, ਰਣਵੀਰ ਸਿੰਘ,ਉਮੇਸ਼ ਕੁਮਾਰ, ਜਸਵੀਰ ਬੋਦਲ,ਵਿਪਨ ਕੁਮਾਰ, ਮਨਮੋਹਨ ਤਲਵਾੜਾ,ਦਵਿੰਦਰ ਹੁਸ਼ਿਆਰਪੁਰ , ਪਰਮਜੀਤ ਕਾਤਿਬ, ਨਰਿੰਦਰ ਅਜਨੋਹਾ,ਸੁਭਾਸ਼ ਠਾਕੁਰ, ਓਂਕਾਰ ਸਿੰਘ ਅਤੇ ਰਾਜੇਸ਼ ਕੁਮਾਰ ਆਦਿ ਹਾਜ਼ਰ ਸਨ।

# ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਸਾੜਿਆ ਗਿਆ

## ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਅਹੁਦੇ ਤੋਂ ਲਾਹ ਕੇ ਦੇਸ਼ ਧਰੋ ਦਾ ਪਰਚਾ ਦਰਜ ਕੀਤਾ ਜਾਵੇ: ਢਿੱਲੋਂ





ਹੁਸ਼ਿਆਰਪੁਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਜਮਹੂਰੀ ਧਰਮ ਨਿਰਪੱਖ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਹੁਸ਼ਿਆਰਪੁਰ ਵਿਖੇ ਪਾਰਕ ਸ਼ਹੀਦ ਊਧਮ ਸਿੰਘ ਪਾਰਕ ਵਿੱਚ ਆਰ ਐਮਪੀਆਈ ਸੀਪੀਆਈਐਮਐਲ ਸੀਪੀਆਈ ਸੋਸ਼ਿਲਸਟ ਪਾਰਟੀ ਆਫ ਇੰਡੀਆ ਬੀਐਸਪੀ ਜਮਹੂਰੀ ਕਿਸਾਨ ਸਭਾ ਪੰਜਾਬ ( ਏ ਆਈ ਕੇਐਮ ) ਅਤੇ ਪੈਨਸ਼ਨਰਾਂ ਦੇ ਨੁਮਾਇੰਦਿਆਂ ਨੇ ਇਕੱਠੇ ਹੋ ਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਐਸ ਆਈਆਰ ਕਰਨ ਦੇ ਬਹਾਨੇ ਦਲਿਤਾਂ ਅਤੇ ਘੱਟ ਗਿਣਤੀਆਂ ਦੇ ਵੋਟਰਾਂ ਦੀਆਂ ਵੋਟਾਂ ਕੱਟਣ ਵਾਸਤੇ ਆਪਣੇ ਦੂਸਰੇ ਕੋ- ਮੈਂਬਰਾਂ ਦੇ ਵਿਰੋਧ ਦੇ ਬਾਵਜੂਦ ਵੀ ਸੰਵਿਧਾਨ ਨੂੰ ਛਿੱਕੇ ਟੰਗਦੇ ਹੋਏ ਕਰੋੜਾਂ ਲੋਕਾਂ ਦੀਆਂ ਵੋਟਾਂ ਕੱਟਣ ਦਾ ਕੰਮ ਜਾਰੀ ਰੱਖਿਆ। ਜਿਸ ਦਾ ਸਿੱਧਾ ਲਾਭ ਭਾਰਤੀ ਜਨਤਾ ਪਾਰਟੀ ਨੂੰ ਹੋਇਆ ਤੇ ਉਹਨਾਂ ਸੂਬਿਆਂ ਵਿੱਚ ਬੀਜੇਪੀ ਨੇ ਆਪਣੀਆਂ ਸਰਕਾਰਾਂ ਸਥਾਪਿਤ ਕੀਤੀਆਂ.। ਮੁੱਖ ਚੋਣ ਕਮਿਸ਼ਨਰ ਨੇ ਬੀਜੇਪੀ ਦੇ ਮੈਂਬਰ ਧਿਰ ਵਜੋਂ ਆਪਣੀ ਭੂਮਿਕਾ ਨਿਭਾਈ। ਪੰਜਾਬ ਵਿੱਚ ਵੀ ਕੀਤੀ ਜਾ ਰਹੀ ਐਸਆਈਆਰ ਸਮੇਂ ਬਹੁਤੇ ਵੋਟਰਾਂ ਦੀਆਂ ਵੋਟਾਂ ਕੱਟਣ ਵਾਸਤੇ ਅਜੀਬ ਅਜੀਬ ਇਤਰਾਜ਼ ਲਾ ਕੇ ਵੋਟਾਂ ਕੱਟਣ ਦਾ ਕੰਮ ਜਾਰੀ ਰੱਖਿਆ ਹੋਇਆ ਹੈ। ਇਸ ਇਸ ਇਕੱਠ ਨੂੰ ਆਰਐਮਪੀਆਈ ਵੱਲੋਂ ਕਾਮਰੇਡ ਹਰਕਮਲ ਸਿੰਘ, ਸੋਸ਼ਿਲਸਟ ਪਾਰਟੀ ਆਫ ਇੰਡੀਆ ਵੱਲੋਂ ਓਮ ਸਿੰਘ ਸਟਿਆਣਾ, ਸੀਪੀਆਈ ਵੱਲੋਂ ਓਂਕਾਰ ਸਿੰਘ, ਸੀਪੀਆਈ ਐਮਐਲ ਲਿਬਰੇਸ਼ਨ ਵੱਲੋਂ ਚਰਨਜੀਤ ਸਿੰਘ ਭਿੰਡਰ ਚਰਨਜੀਤ ਸਿੰਘ ਭਿੰਡਰ ਬੀਐਸ ਪੀ ਵੱਲੋਂ ਜਗਮੋਹਨ ਸਿੰਘ ਸੱਜਣਾਂ, ਜਮਹੂਰੀ ਕਿਸਾਨ ਸਭਾ ਵੱਲੋਂ ( ਏਆਈ ਕੇਐਮ) ਵੱਲੋਂ ਦਵਿੰਦਰ ਸਿੰਘ ਕੱਕੋਂ ਅਤੇ ਡਾਕਟਰ ਸੁਖਦੇਵ ਸਿੰਘ ਢਿੱਲੋਂ ਨੇ ਸੰਬੋਧਨ ਤੋਂ ਬਾਅਦ ਇਕੱਠੇ ਹੋਏ ਸਾਥੀਆਂ ਨੇ ਬਸ ਸਟੈਂਡ ਚੌਂਕ ਤੱਕ ਮਾਰਚ ਕਰਕੇ ਗਿਆਨੇਸ਼ ਕੁਮਾਰ ਦਾ ਪੁੱਤਲਾ ਸਾੜਿਆ ਅਤੇ ਸਰਕਾਰ ਤੋਂ ਮੰਗ ਕੀਤੀ ਗਨੇਸ਼ ਕੁਮਾਰ ਨੂੰ ਬਰਖਾਸਤ ਕਰਕੇ ਇਸ ਤੇ ਪਰਚਾ ਦਰਜ ਕਰਕੇ ਸਖਤ ਤੋਂ ਸਖਤ ਸਜ਼ਾ ਦਿੱਤੀ।ਅੰਤ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਦੇ ਕਨਵੀਨਰ ਸਾਥੀ ਸਤੀਸ਼ ਰਾਣਾ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ।

# ਬਠੁੱਲਾ ਵਿੱਚ 88 ਪਰਿਵਾਰਾਂ ਨੂੰ ਮਿਲਿਆ 'ਮੇਰਾ ਘਰ-ਮੇਰਾ ਨਾਮ' ਯੋਜਨਾ ਦਾ ਲਾਭ



ਹੁਸ਼ਿਆਰਪੁਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਪਿੰਡਾਂ ਦੀ ਲਾਲ ਲਕੀਰ ਅੰਦਰ ਰਹਿ ਰਹੇ ਪਰਿਵਾਰਾਂ ਨੂੰ ਮਾਲਕੀ ਹੱਕਾਂ ਦਾ ਦਸਤਾਵੇਜ਼ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ 'ਮੇਰਾ ਘਰ-ਮੇਰਾ ਨਾਮ' ਯੋਜਨਾ ਤਹਿਤ ਸੂਬੇ ਭਰ ਵਿੱਚ ਪ੍ਰਾਪਰਟੀ ਕਾਰਡ ਜਾਰੀ ਕਰਨ ਦੀ ਪ੍ਰਕਿਰਿਆ ਚਲਾਈ ਜਾ ਰਹੀ ਹੈ। ਇਸ ਯੋਜਨਾ ਰਾਹੀਂ ਲਾਲ ਲਕੀਰ ਵਿੱਚ ਰਹਿ ਰਹੇ ਲੋਕਾਂ ਦੀਆਂ ਰਿਹਾਇਸ਼ੀ ਜਾਇਦਾਦਾਂ ਦਾ ਰਿਕਾਰਡ ਤਿਆਰ ਕਰਕੇ ਉਨ੍ਹਾਂ ਨੂੰ ਮਾਲਕੀ ਦਾ ਅਧਿਕਾਰਤ ਦਸਤਾਵੇਜ਼ ਮੁਹੱਈਆ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਤਹਿਤ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਬਠੁੱਲਾ ਵਿਖੇ ਵਿਧਾਇਕ ਡਾ.ਇਸ਼ਾਂਕ ਕੁਮਾਰ ਦੁਆਰਾ 88 ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਵਿਧਾਇਕ ਨੇ ਲਾਭਪਾਤਰੀ ਪਰਿਵਾਰਾਂ ਨੂੰ ਇਹ ਕਾਰਡ ਸੌਂਪੇ ਅਤੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਯੋਜਨਾ ਤਹਿਤ ਮਿਲੇ ਮਾਲਕੀ ਹੱਕਾਂ ਲਈ ਵਧਾਈ ਦਿੱਤੀ । ਇਸ ਮੌਕੇ ਡਾ. ਇਸ਼ਾਂਕ ਨੇ ਕਿਹਾ ਕਿ ਪਿੰਡਾਂ ਵਿੱਚ ਕਈ ਪਰਿਵਾਰ ਲੰਮੇ ਸਮੇਂ ਤੋਂ ਆਪਣੀਆਂ ਰਿਹਾਇਸ਼ੀ ਜਾਇਦਾਦਾਂ ਵਿੱਚ ਰਹਿ ਰਹੇ ਹਨ, ਪਰ ਉਨ੍ਹਾਂ ਦੀ ਜਾਇਦਾਦ ਦਾ ਪੂਰਾ ਮਾਲਕੀ ਰਿਕਾਰਡ ਸਰਕਾਰੀ ਦਸਤਾਵੇਜ਼ਾਂ ਵਿੱਚ ਦਰਜ ਨਾ ਹੋਣ ਕਾਰਨ ਕਈ ਵਾਰ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਅਜਿਹੇ ਪਰਿਵਾਰਾਂ ਨੂੰ ਆਪਣੀ ਜਾਇਦਾਦ ਸਬੰਧੀ ਅਧਿਕਾਰਤ ਰਿਕਾਰਡ ਮਿਲੇਗਾ ਅਤੇ ਭਵਿੱਖ ਵਿੱਚ ਜਾਇਦਾਦ ਨਾਲ ਸਬੰਧਤ ਕੰਮਾਂ ਵਿੱਚ ਵੀ ਸਹੂਲਤ ਹੋਵੇਗੀ। ਡਾ. ਇਸ਼ਾਂਕ ਕੁਮਾਰ ਨੇ ਕਿਹਾ, "ਆਪਣੇ ਘਰ ਅਤੇ ਜਾਇਦਾਦ ਨਾਲ ਸਬੰਧਤ ਮਾਲਕੀ ਦਾ ਸਪੱਸ਼ਟ ਦਸਤਾਵੇਜ਼ ਹਰ ਪਰਿਵਾਰ ਲਈ ਮਹੱਤਵ ਰੱਖਦਾ ਹੈ। ਜਿਨ੍ਹਾਂ ਪਰਿਵਾਰਾਂ ਨੂੰ ਅੱਜ ਪ੍ਰਾਪਰਟੀ ਕਾਰਡ ਮਿਲੇ ਹਨ, ਉਨ੍ਹਾਂ ਲਈ ਇਹ ਸਿਰਫ਼ ਇੱਕ ਕਾਗਜ਼ ਨਹੀਂ, ਸਗੋਂ ਉਨ੍ਹਾਂ ਦੀ ਜਾਇਦਾਦ ਨਾਲ ਜੁੜੇ ਹੱਕਾਂ ਦਾ ਅਧਿਕਾਰਤ ਰਿਕਾਰਡ ਹੈ, ਜੋ ਕਿ ਸਦੀਆਂ ਤੋਂ ਆਪਣੇ ਘਰਾਂ ਵਿਚ ਰਹਿਣ ਦੇ ਬਾਵਜੂਦ ਉਹਨਾਂ ਕੋਲ ਨਹੀਂ ਸੀ, ਉਹਨਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਹੈ ਜਿਸਨੇ ਮੁਖ ਮੰਤਰੀ ਭਗਵੰਤ ਮਾਨ ਦੀ ਅਗੁਵਾਈ ਵਿਚ ਅਜਿਹਾ ਲੋਕ ਹਿਤਕਾਰੀ ਕਦਮ ਚੁੱਕਿਆ ਹੈ, ਡਾ. ਇਸ਼ਾਂਕ ਨੇ ਇਹ ਵੀ ਕਿਹਾ ਕਿ ਮੇਰੀ ਕੋਸ਼ਿਸ਼ ਹੁੰਦੀ ਹੈ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਅਜਿਹੀਆਂ ਯੋਜਨਾਵਾਂ ਦਾ ਲਾਭ ਯੋਗ ਪਰਿਵਾਰਾਂ ਤੱਕ ਜਲਦ ਤੋਂ ਜਲਦ ਪਹੁੰਚਾਵਾਂ ਅਤੇ ਇਸ ਸਕੀਮ ਲਈ ਵੀ ਮੇਰੀ ਪੁਰਜ਼ੋਰ ਕੋਸ਼ਿਸ਼ ਰਹੇਗੀ ਕਿ ਲੋਕਾਂ ਨੂੰ ਆਪਣੇ ਹੱਕਾਂ ਨਾਲ ਸਬੰਧਤ ਦਸਤਾਵੇਜ਼ ਹਾਸਲ ਕਰਨ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ।" ਇਸ ਮੌਕੇ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਵੀ ਆਪਣੀ ਖੁਸ਼ੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਆਪਣੀ ਰਿਹਾਇਸ਼ੀ ਜਾਇਦਾਦ ਨਾਲ ਸਬੰਧਤ ਅਧਿਕਾਰਤ ਦਸਤਾਵੇਜ਼ ਮਿਲਣ ਨਾਲ ਉਨ੍ਹਾਂ ਨੂੰ ਪਹਿਲੀ ਵਾਰ ਆਪਣੇ ਮਾਲਕਾਨਾ ਹੱਕਾਂ ਬਾਰੇ ਸਪੱਸ਼ਟਤਾ ਅਤੇ ਸਬੂਤ ਮਿਲੇ ਹਨ ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਪਿੰਡ ਸਰਾਂ ਵਿਖੇ ਤਲਬੀਰ ਸਿੰਘ ਗਿੱਲ ਨੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਲਾਲ ਲਕੀਰ ਅੰਦਰਲੀਆਂ ਜਾਇਦਾਦਾਂ ਦੇ ਮਾਲਕਾਨਾ ਹੱਕ ਲੋਕਾਂ ਨੂੰ ਸੌਂਪੇ



**ਚੌਂਕ ਮਹਿਤਾ,8 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਦੇ ਸਹਿਯੋਗ ਵੱਲੋਂ ਪੰਜਾਬ ਸਰਕਾਰ ਨੇ ਸੂਬੇ ਦੇ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ 'ਮੇਰਾ ਘਰ ਮੇਰੇ ਨਾਮ ਸਕੀਮ ਅਧੀਨ ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕਾਨਾ ਹੱਕ ਲੋਕਾਂ ਦੇ ਨਾਮ ਕਰਨ ਦਾ ਫ਼ੈਸਲਾ ਤੇਜ਼ੀ ਨਾਲ ਲਾਗੂ ਕਰ ਦਿੱਤਾ ਹੈ। ਇਸ ਕਦਮ ਨਾਲ ਦਹਾਕਿਆਂ ਤੋਂ ਆਪਣੇ ਹੀ ਘਰਾਂ ਦੇ ਦਸਤਾਵੇਜ਼ੀ ਹੱਕਾਂ ਤੋਂ ਵਾਂਝੇ ਪੇਂਡੂ ਵਸਨੀਕਾਂ ਨੂੰ ਉਨ੍ਹਾਂ ਦੀ ਜ਼ਮੀਨ-ਜਾਇਦਾਦ ਦੇ ਪੱਕੇ ਕਾਗਜ਼ਾਤ ਅਤੇ ਸਨਦਾਂ (ਪ੍ਰਾਪਰਟੀ ਕਾਰਡ) ਮਿਲਣੇ ਸ਼ੁਰੂ ਹੋ ਗਏ ਹਨ। ਇਸ ਦੇ ਤਹਿਤ ਅੱਜ ਹਲਕਾ ਮਜੀਠਾ ਪਿੰਡ ਸਰਾਂ ਵਿੱਚ ਨਾਇਬ ਤਹਿਸੀਲਦਾਰ ਰਣਜੀਤ ਸਿੰਘ ਤਰਸਿੱਕਾ, ਤਹਿਸੀਲਦਾਰ ਅਜੇ ਕੁਮਾਰ ਮਜੀਠਾ ਵਲੋਂ ਪਿੰਡ ਵਾਸੀਆਂ ਨੂੰ ਲਾਲ ਲਕੀਰ ਵਾਲੇ ਮਕਾਨਾਂ ਦੇ ਹੱਕ ਉਹਨਾਂ ਦੇ ਮਾਲਕਾਂ ਦਿੰਦਿਆਂ ਇਹ ਮਾਲਕੀ ਦੇ ਕਾਰਡ ਵੰਡੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਯੋਜਨਾ ਤਹਿਤ ਲੋਕਾਂ ਨੂੰ ਲੰਮੇ ਸਮੇਂ ਤੋਂ ਆਪਣੀਆਂ ਲਾਲ ਲਕੀਰ ਆਉਂਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਉਹਨਾਂ ਦੇ ਨਾਮ ਨਹੀਂ ਸਨ, ਹੁਣ ਸਰਕਾਰ ਦੀ ਸਕੀਮ "ਮੇਰਾ ਘਰ ਮੇਰੇ ਨਾਮ " ਤਹਿਤ ਉਹਨਾਂ ਨੀ ਮਾਲਕਾਨਾ ਹੱਕ ਪ੍ਰਾਪਤ ਹੋ ਗਿਆ ਹੈ । ਉਨ੍ਹਾਂ ਕਿਹਾ ਕਿ ਪਿੰਡ ਸਰਾਂ,ਵਿੱਚ ਲਗਭਗ ,60 ਲੋਕਾਂ ਨੂੰ ਉਹਨਾਂ ਦੇ ਮਕਾਨਾਂ ਦੇ ਮਾਲਕੀ ਦੇ ਹੱਕ ਦੇ ਕਾਰਡ ਵੰਡੇ ਗਏ ਹਨ ਅਤੇ ਇਹ ਸਿਲਸਲਾ ਲਗਾਤਾਰ ਜਾਰੀ ਰਹੇਗਾ । ਇਸ ਹੋਰਨਾਂ ਤੋਂ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ,ਗੌਰਵ ਪਟਵਾਰੀ, ਮੈਂਬਰ ਕਵਲਜੀਤ ਕੌਰ,ਚੇਅਰਮੈਨ ਬਲਵੀਰ ਸਿੰਘ ਬੋਪਾਰਾਏ,ਸਰਪੰਚ ਬਲਰਾਜ ਸਿੰਘ, ਮਲਕੀਤ ਸਿੰਘ ਬਾਠ, ਸ਼ਿਵਰਾਜ ਸਿੰਘ ਭੀਲੋਵਾਲ,ਸੁਖਦੀਪ ਸਿੰਘ, ਜਗੀਰ ਸਿੰਘ ਕੰਗ ਸਾਬਕਾ ਮੈਂਬਰ ਗੁਰਦੁਆਰਾ ਸ਼੍ਰੋਮਣੀ ਪ੍ਰਬੰਧਕ ਕਮੇਟੀ, ਗੁਰਮੁੱਖ ਸਿੰਘ ਧੋਨੀ, ਨੰਬਰਦਾਰ ਲਖਵਿੰਦਰ ਕੌਰ ਸਰਾਂ, ਲਵਪ੍ਰੀਤ ਸਿੰਘ ਸਰਾਂ,

ਆਵਾਜ਼ਿ ਕੌਮ AWAZE QAUM International Newspaper & WEB TV

# ਅੱਜ ਦੀ ਆਦਮਪੁਰ ਰੈਲੀ ਬਸਪਾ ਸਰਕਾਰ ਬਣਾਉਣ ਦਾ ਮੁੱਢ ਬੰਨੇਗੀ: ਠੇਕੇਦਾਰ ਭਗਵਾਨ, ਰਮਨ ਰੱਲ, ਐਡਵੋਕੇਟ ਮਾਨਾ

ਹੁਸ਼ਿਆਰਪੁਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਰਮਨ ਰੱਲ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਵਿਸ਼ੇਸ਼ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ 9 ਅਕਤੂਬਰ ਨੂੰ ਬਹੁਜਨ ਨਾਇਕ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਪ੍ਰੀ-ਨਿਰਵਾਣ ਦਿਵਸ ਮੌਕੇ ਆਦਮਪੁਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਬਸਪਾ ਸਰਕਾਰ ਬਣਾਓ ਰੈਲੀ ਪੰਜਾਬ ਦੀ ਰਾਜਨੀਤਕ ਦਿਸ਼ਾ ਬਦਲ ਦੇਵੇਗੀ ਅਤੇ ਪੰਜਾਬ ਵਿੱਚ ਬਸਪਾ ਸਰਕਾਰ ਬਣਾਉਣ ਦਾ ਮੁੱਢ ਬੰਨੇਗੀ। ਬਸਪਾ ਆਗੂਆਂ ਨੇ ਕਿਹਾ ਅੱਜ ਆਦਮਪੁਰ ਦੀ ਧਰਤੀ 'ਤੇ ਹੋਣ ਵਾਲੀ ਬਸਪਾ ਰੈਲੀ ਇਤਿਹਾਸਿਕ ਹੋਵੇਗੀ, ਜੋ ਕਿ ਸ੍ਰੀ ਕਾਂਸ਼ੀ ਰਾਮ ਜੀ ਵਲੋਂ ਸ਼ੋਸ਼ਿਤ, ਵਾਂਝੇ ਅਤੇ ਗਰੀਬ ਵਰਗਾਂ ਨੂੰ ਰਾਜਸੱਤਾ ਦਾ ਮਾਲਕ ਬਣਾਉਣ ਲਈ ਸ਼ੁਰੂ ਕੀਤੇ ਸੰਘਰਸ਼ ਨੂੰ ਮੰਜ਼ਿਲ ਵੱਲ ਲਿਜਾਣ ਲਈ ਮੀਲ ਪੱਥਰ ਸਾਬਿਤ ਹੋਵੇਗੀ। ਬਸਪਾ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਜਨ-ਵਿਰੋਧੀ ਨੀਤੀਆਂ, ਆਰਥਿਕ ਮੰਦਹਾਲੀ,ਭ੍ਰਿਸ਼ਟਾਚਾਰ ਅਤੇ ਲਗਾਤਾਰ ਵਿਗੜ ਰਹੀ ਕਾਨੂੰਨ-ਵਿਵਸਥਾ ਤੋਂ ਅੱਕ ਚੁੱਕੇ ਹਨ ਅਤੇ ਆਪ ਸਰਕਾਰ ਨੂੰ ਚਲਦਾ ਕਰਕੇ ਬਹੁਜਨ ਸਮਾਜ ਪਾਰਟੀ ਨੂੰ ਚੁਣਨ ਲਈ ਉਤਾਵਲੇ ਹਨ। ਉਨ੍ਹਾਂ ਬਸਪਾ ਆਗੂਆਂ, ਵਰਕਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੱਜ ਆਦਮਪੁਰ ਪਹੁੰਚ ਕੇ ਰੈਲੀ ਨੂੰ ਸਫਲ ਬਣਾਕੇ ਸਾਹਿਬ ਕਾਂਸ਼ੀ ਰਾਮ ਜੀ ਸੱਚੀ ਸ਼ਰਧਾਂਜਲੀ ਭੇਟ ਕਰਨ।

# ਐਸ.ਆਈ.ਆਰ. ਤਹਿਤ ਵੋਟਰ ਸੂਚੀਆਂ ਅੰਤਿਮ ਪ੍ਰਕਾਸ਼ਨ ਦੀਆਂ ਤਿਆਰੀਆਂ ਦਾ ਰੋਲ ਆਬਜ਼ਰਵਰ ਵੱਲੋਂ ਜਾਇਜ਼ਾ

ਹੁਸ਼ਿਆਰਪੁਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਐਸ.ਆਈ.ਆਰ. ਤਹਿਤ ਵੋਟਰ ਸੂਚੀਆਂ ਦੇ ਅੰਤਿਮ ਪ੍ਰਕਾਸ਼ਨ ਸਬੰਧੀ ਤਿਆਰੀਆਂ ਦਾ ਅੱਜ ਰੋਲ ਆਬਜ਼ਰਵਰ ਅਤੇ ਸੀਨੀਅਰ ਆਈ.ਏ.ਐਸ. ਅਧਿਕਾਰੀ ਡੀ.ਐਸ. ਮਾਂਗਟ ਨੇ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਵਿਧਾਨ ਸਭਾ ਹਲਕਾ 42-ਸ਼ਾਮ ਚੁਰਾਸੀ ਅਤੇ ਵਿਧਾਨ ਸਭਾ ਹਲਕਾ 44-ਚੱਬੇਵਾਲ ਦੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਐਸ.ਆਈ.ਆਰ. ਦੇ ਕੰਮ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਰੋਲ ਆਬਜ਼ਰਵਰ ਨੇ ਜ਼ਿਲ੍ਹਾ ਪੱਧਰ 'ਤੇ ਪ੍ਰਾਪਤ ਸ਼ਿਕਾਇਤਾਂ ਦੀ ਵੀ ਸਮੀਖਿਆ ਕੀਤੀ ਅਤੇ ਉਨ੍ਹਾਂ ਦੇ ਸਮਾਂਬੱਧ ਨਿਪਟਾਰੇ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਵੋਟਰ ਪਛਾਣ ਪੱਤਰਾਂ (ਵੋਟਰ ਕਾਰਡਾਂ) ਦੀ ਡਿਲੀਵਰੀ ਸਬੰਧੀ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵੋਟਰਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਉਨ੍ਹਾਂ ਦੇ ਵੋਟਰ ਕਾਰਡ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵੋਟਰ ਸੂਚੀਆਂ ਦੇ ਅੰਤਿਮ ਪ੍ਰਕਾਸ਼ਨ ਨਾਲ ਸਬੰਧਤ ਸਾਰੀਆਂ ਪ੍ਰਕਿਰਿਆਵਾਂ ਨਿਰਧਾਰਤ ਸਮਾਂ-ਸੀਮਾ ਅਨੁਸਾਰ ਪ੍ਰਭਾਵਸ਼ਾਲੀ ਅਤੇ ਸੁਚਾਰੂ ਢੰਗ ਨਾਲ ਪੂਰੀਆਂ ਕੀਤੀਆਂ ਜਾਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਧੀ ਕੁਮੁਦ ਬੰਬਾਹ, ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ, ਚੋਣ ਤਹਿਸੀਲਦਾਰ ਰਮਨਦੀਪ ਕੌਰ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਸੁਰੱਖਿਆ ਵਿਹੂਣੀ ਵਾਟਰ ਸਪਲਾਈ ਸਕੀਮ 'ਤੇ ਚੋਰਾਂ ਵੱਲੋਂ ਹੱਥ ਸਾਫ਼, ਕੀਮਤੀ ਸਮਾਨ ਚੋਰੀ ਕੀਤਾ

ਤਲਵਾੜਾ, ਹੁਸ਼ਿਆਰਪੁਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਬੀਤੀ ਰਾਤ ਜਲ ਸਪਲਾਈ ਸਕੀਮ ਧਰਮਪੁਰ ਅਲੇਰਾ ਵਿਖੇ ਚੋਰਾਂ ਨੇ ਹੱਥ ਸਾਫ਼ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਇਆਂ ਮੁਲਾਜ਼ਮ ਨਰੇਸ਼ ਕੁਮਾਰ ਨੇ ਦਸਿਆ ਕਿ ਉਕਤ ਜਲ ਸਪਲਾਈ ਸਕੀਮ ਬਟਵਾੜਾ ਦੀ ਖੱਡ ਦੇ ਨਜ਼ਦੀਕ ਲੱਗੀ ਹੋਈ ਹੈ। ਲੰਘੀ ਰਾਤ ਚੋਰਾਂ ਨੇ ਸਕੀਮ ਦਾ ਮੇਨ ਦਰਵਾਜੇ ਦਾ ਤਾਲਾ ਤੋੜ ਕੇ ਅੰਦਰ ਪੰਪ ਚੈਂਬਰ 'ਚੋਂ ਕੀਮਤੀ ਸਮਾਨ, ਜਿਸ ਵਿੱਚ 100 ਫੁੱਟ ਦੇ ਕਰੀਬ ਥ੍ਰੀ ਫੇਜ਼ ਤਾਰ ਅਤੇ ਪੈਨਲ ਬੋਰਡ ਦੇ ਕੀਮਤੀ ਪੁਰਜ਼ੇ ਚੋਰੀ ਕਰ ਲਏ ਹਨ। ਉਨ੍ਹਾਂ ਦਸਿਆ ਮੁਲਾਜ਼ਮਾਂ ਦੀ ਘਾਟ ਕਾਰਨ ਰਾਤ ਨੂੰ ਸਕੀਮ 'ਤੇ ਕੋਈ ਨਹੀਂ ਹੁੰਦਾ। ਉਸ ਦੀ ਡਿਊਟੀ ਸਵੇਰੇ ਚਾਰ ਵਜੇ ਤੋਂ ਸ਼ੁਰੂ ਹੁੰਦੀ ਹੈ। ਅੱਜ ਜਦੋਂ ਸਵੇਰੇ ਚਾਰ ਵਜੇ ਉਹ ਸਕੀਮ 'ਤੇ ਪਹੁੰਚਿਆ ਤਾਂ ਮੇਨ ਦਰਵਾਜੇ ਦਾ ਤਾਲਾ ਟੁੱਟਿਆ ਹੋਇਆ ਸੀ, ਅਤੇ ਅੰਦਰੋਂ ਸਮਾਨ ਗਾਇਬ ਸੀ। ਜਿਸਦੀ ਇਤਲਾਹ ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਨੂੰ ਦਿੱਤੀ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243